

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ

ਮਾਸਿਕ

# ਸੇਵਾ ਸਰਗਰਮੀਆਂ

ਲੜੀ ਨੰਬਰ 31, ਸਤੰਬਰ-ਅਕਤੂਬਰ 2020 (ਅੱਸੂ-ਕੱਤਕ ਸੰਮਤ ਨਾਨਕਸ਼ਾਹੀ 552) । ਮੁੱਖ ਸੰਪਾਦਕ : ਮਹਿੰਦਰ ਸਿੰਘ ਆਹਲੀ । ਪ੍ਰਕਾਸ਼ਕ : ਧਰਮ ਪ੍ਰਚਾਰ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ । ਫੋਨ : 01832553956-60 । ਈਮੇਲ : sgpcsargarmiya@gmail.com

## ਸ਼੍ਰੋਮਣੀ ਕਮੇਟੀ ਦਾ 9 ਅਰਬ 81 ਕਰੋੜ 94 ਲੱਖ 80 ਹਜ਼ਾਰ 500 ਰੁਪਏ ਦਾ ਸਾਲਾਨਾ ਬਜਟ ਪਾਸ

### ਬੇਸ਼ੱਕ ਬਜਟ 'ਤੇ ਕੋਰੋਨਾ ਦਾ ਪ੍ਰਭਾਵ ਪਿਆ ਪਰੰਤੂ ਫਿਰ ਵੀ ਬਜਟ ਸੰਗਤ ਦੀਆਂ ਭਾਵਨਾਵਾਂ ਅਨੁਸਾਰ-ਭਾਈ ਲੌਂਗੋਵਾਲ

### ਸ਼ਤਾਬਦੀਆਂ, ਧਰਮ ਪ੍ਰਚਾਰ, ਵਿਦਿਅਕ ਪਾਸਾਰ, ਸਿਹਤ ਸਹੂਲਤਾਂ ਤੇ ਸਮਾਜ ਭਲਾਈ ਕਾਰਜਾਂ ਲਈ ਬਜਟ ਵਿਚ ਕੀਤਾ ਗਿਆ ਪ੍ਰਬੰਧ







ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਪ੍ਰਧਾਨਗੀ ਹੇਠ ਹੋਏ ਜਨਰਲ ਇਜਲਾਸ ਦੌਰਾਨ ਸ਼੍ਰੋਮਣੀ ਕਮੇਟੀ ਦਾ ਸਾਲ 2020-21 ਦਾ 9 ਅਰਬ 81 ਕਰੋੜ 94 ਲੱਖ 80 ਹਜ਼ਾਰ 500 ਰੁਪਏ ਦਾ ਸਾਲਾਨਾ ਬਜਟ ਜੈਕਾਰਿਆਂ ਦੀ ਗੂੰਜ ਵਿਚ ਪਾਸ ਕੀਤਾ ਗਿਆ। ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਸ. ਹਰਜਿੰਦਰ ਸਿੰਘ ਧਾਮੀ ਵੱਲੋਂ ਪੇਸ਼ ਕੀਤੇ ਗਏ ਬਜਟ ਨੂੰ ਹਾਜ਼ਰ ਮੈਬਰਾਂ ਨੇ ਜੈਕਾਰੇ ਗਜਾ ਕੇ ਪ੍ਰਵਾਨਗੀ ਦਿੱਤੀ। ਬਜਟ ਵਿੱਚ ਜਨਰਲ ਬੋਰਡ ਫੰਡ ਲਈ 57 ਕਰੋੜ ਰੁਪਏ, ਟਰੱਸਟ ਫੰਡ ਲਈ 37 ਕਰੋੜ 61 ਲੱਖ ਰੁਪਏ, ਵਿਦਿਆ ਫੰਡ 28 ਕਰੋੜ 44 ਲੱਖ ਰੁਪਏ, ਧਰਮ ਪ੍ਰਚਾਰ ਕਮੇਟੀ ਲਈ 58 ਕਰੋੜ ਰੁਪਏ, ਪ੍ਰਿੰਟਿੰਗ ਪ੍ਰੈਸਾਂ ਲਈ 8 ਕਰੋੜ 2 ਲੱਖ ਰੁਪਏ, ਵਿਦਿਅਕ ਅਦਾਰਿਆਂ ਲਈ 2 ਅਰਬ 15 ਕਰੋੜ ਰੁਪਏ, ਡਾਇਰੈਕਟੋਰੇਟ ਆਫ਼ ਐਜੂਕੇਸ਼ਨ ਲਈ 87 ਲੱਖ 80 ਹਜ਼ਾਰ 500 ਰੁਪਏ, ਗੁਰਦੁਆਰਾ ਸਾਹਿਬਾਨ ਸੈਕਸ਼ਨ-85 ਲਈ 5 ਅਰਬ 77 ਕਰੋੜ ਰੁਪਏ ਰੱਖੇ ਗਏ ਹਨ। ਦੱਸਣਯੋਗ ਹੈ ਕਿ ਕੋਰੋਨਾ ਮਹਾਮਾਰੀ ਦੇ ਪ੍ਰਭਾਵ ਕਾਰਨ ਸ਼੍ਰੋਮਣੀ ਕਮੇਟੀ ਦਾ ਇਸ ਵਾਰ ਦਾ ਬਜਟ ਪਿਛਲੇ ਸਾਲ ਨਾਲੋਂ 18.51 ਫੀਸਦੀ ਘੱਟ ਰਿਹਾ। ਸ਼੍ਰੋਮਣੀ ਕਮੇਟੀ ਵੱਲੋਂ ਬਜਟ ਇਜਲਾਸ ਹਰ ਸਾਲ ਮਾਰਚ ਮਹੀਨੇ ਵਿਚ ਕੀਤਾ ਜਾਂਦਾ ਹੈ, ਪਰੰਤੂ ਇਸ ਵਾਰ ਕੋਰੋਨਾ ਕਾਰਨ ਸੰਭਵ ਨਹੀਂ ਸੀ ਹੋ ਸਕਿਆ। ਇਸ ਦੇ ਚੱਲਦਿਆਂ ਅੰਤ੍ਰਿੰਗ ਕਮੇਟੀ ਵੱਲੋਂ ਹੀ ਦੋ ਵਾਰ ਤਿੰਨ-ਤਿੰਨ ਮਹੀਨਿਆਂ ਦੇ ਖਰਚਿਆਂ ਨੂੰ ਪ੍ਰਵਾਨਗੀ ਦਿੱਤੀ ਜਾਂਦੀ ਰਹੀ ਸੀ।

ਇਤਿਹਾਸਕ ਤੇਜਾ ਸਿੰਘ ਸਮੁੰਦਰੀ ਹਾਲ ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿਚ ਦੁਪਹਿਰ 1:00 ਵਜੇ ਸ਼ੁਰੂ ਹੋਏ ਬਜਟ ਇਜਲਾਸ ਮੌਕੇ ਆਰੰਭਤਾ ਦੀ ਅਰਦਾਸ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਕੀਤੀ, ਜਦਕਿ ਹੁਕਮਨਾਮਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੇ ਲਿਆ। ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਪ੍ਰੰਪਰਾ ਅਨੁਸਾਰ ਬਜਟ ਇਜਲਾਸ ਦੀ ਕਾਰਵਾਈ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਮਹਿੰਦਰ ਸਿੰਘ ਆਹਲੀ ਨੇ ਸ਼ੁਰੂ ਕੀਤੀ।

ਬਜਟ ਇਜਲਾਸ ਮਗਰੋਂ ਪ੍ਰੈੱਸ ਨਾਲ ਗੱਲਬਾਤ ਦੌਰਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਬਜਟ ਦੀ ਪ੍ਰਸੰਸਾ ਕਰਦਿਆਂ ਕਿਹਾ ਕਿ ਬੇਸ਼ੱਕ ਬਜਟ ਕੋਰੋਨਾ ਕਾਰਨ ਪ੍ਰਭਾਵਿਤ ਹੋਇਆ ਹੈ, ਪਰੰਤੂ ਫਿਰ ਵੀ ਬਜਟ ਸੰਗਤਾਂ ਦੀ ਭਾਵਨਾਵਾਂ ਦੀ ਤਰਜ਼ਮਾਨੀ ਕਰਦਾ ਹੈ। ਇਸ ਵਿਚ ਹਰ ਪੱਖ ਨੂੰ ਤਵੱਜੋਂ ਦਿੱਤੀ ਗਈ ਹੈ। ਆ ਰਹੀਆਂ ਸ਼ਤਾਬਦੀਆਂ, ਅੰਮ੍ਰਿਤਧਾਰੀ ਬੱਚਿਆਂ, ਸਿਕਲੀਗਰ ਅਤੇ ਵਣਜਾਰੇ ਸਿੱਖਾਂ, ਗੁਰਸਿੱਖ ਖਿਡਾਰੀਆਂ ਅਤੇ ਮੁਕਾਬਲਾ ਪ੍ਰੀਖਿਆਵਾਂ ਵਿਚ ਬੇਹਤਰ ਕਾਰਗੁਜ਼ਾਰੀ ਦਿਖਾਉਣ ਵਾਲੇ ਸਿੱਖ ਨੌਜੁਆਨਾਂ ਲਈ ਬਜਟ ਵਿਚ ਵਿਸ਼ੇਸ਼ ਰਾਸ਼ੀ ਰੱਖੀ ਗਈ ਹੈ। ਵਾਤਾਵਰਣ ਦੀ ਸ਼ੁੱਧਤਾ, ਕੁਦਰਤੀ ਆਫਤਾਂ, ਵਿਦਿਅਕ ਅਦਾਰਿਆਂ ਨਵੀਆਂ ਸੋਧਾਂ ਦੇ ਨਾਲ-ਨਾਲ ਕੁਦਰਤੀ ਖੇਤੀ ਨੂੰ ਪ੍ਰਫੁੱਲਤ ਕਰਨਾ ਬਜਟ ਦਾ ਮੁੱਖ ਏਜੰਡਾ ਹੈ। ਉਨ੍ਹਾਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਇਕ ਨਵੀਂ ਪਹਿਲ ਕਰਦਿਆਂ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਸਥਿਤ ਮਾਤਾ ਸਾਹਿਬ ਕੌਰ ਗਰਲਜ਼ ਕਾਲਜ ਅੰਦਰ 200 ਸਿੱਖ ਲੜਕੀਆਂ ਨੂੰ ਮੁਫ਼ਤ ਵਿਦਿਆ ਦੇਣ ਦਾ ਪ੍ਰਬੰਧ ਕੀਤਾ ਗਿਆ ਹੈ। ਬਜਟ ਵਿਚ ਇਸ ਕਾਰਜ ਲਈ ਵਿਸ਼ੇਸ਼ ਰਾਸ਼ੀ ਰੱਖੀ ਗਈ ਹੈ। ਇਸ ਤਹਿਤ ਦਾਖਲ ਕੀਤੀਆਂ ਜਾਣ ਵਾਲੀਆਂ ਲੜਕੀਆਂ ਵਿੱਚੋਂ 10 ਫੀਸਦੀ ਕੋਟਾ ਰਾਗੀਆਂ, ਢਾਡੀਆਂ, ਪ੍ਰਚਾਰਕਾਂ, ਗ੍ਰੰਥੀਆਂ ਅਤ ਅਖੰਡਪਾਠੀਆਂ ਦੀਆਂ ਬੱਚੀਆਂ ਲਈ ਰੱਖਿਆ ਗਿਆ ਹੈ। ਇਸ ਤੋਂ ਇਲਾਵਾ 5 ਫੀਸਦੀ ਕੋਟਾ ਆਰਥਿਕ ਤੌਰ 'ਤੇ ਕੰਮਜ਼ੋਰ ਗੁਰਸਿੱਖ ਪਰਿਵਾਰਾਂ ਦੀਆਂ ਲੜਕੀਆਂ ਲਈ ਹੋਵੇਗਾ।

ਉਨ੍ਹਾਂ ਦੱਸਿਆ ਕਿ ਆ ਰਹੀਆਂ ਸ਼ਤਾਬਦੀਆਂ ਲਈ ਬਜਟ ਵਿਚ 3 ਕਰੋੜ 45 ਲੱਖ 70 ਹਜ਼ਾਰ ਰੁਪਏ ਰੱਖੇ ਗਏ ਹਨ। ਸ਼੍ਰੋਮਣੀ ਕਮੇਟੀ ਦਾ ਸਥਾਪਨਾ ਦਿਵਸ, ਭਾਈ ਤਾਰੂ ਸਿੰਘ ਜੀ 300 ਸਾਲਾ ਜਨਮ ਦਿਹਾੜਾ ਅਤੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ 400 ਸਾਲਾ ਪ੍ਰਕਾਸ਼ ਦਿਹਾੜਾ ਮਨਾਉਣ ਲਈ ਯੋਜਨਾ ਤਿਆਰ ਕੀਤੀ ਗਈ ਹੈ। ਇਸੇ ਤਰ੍ਹਾਂ ਗੁਰਸਿੱਖ ਖਿਡਾਰੀਆਂ ਅਤੇ ਖੇਡਾਂ ਲਈ 90 ਲੱਖ ਰੁਪਏ ਅਤੇ ਕੁਦਰਤੀ ਆਫਤਾਂ ਲਈ 96 ਲੱਖ ਰੁਪਏ ਰੱਖੇ ਗਏ ਹਨ। ਸਿਕਲੀਗਰ ਵਣਜਾਰੇ ਸਿੱਖਾਂ ਅਤੇ ਪੰਜਾਬ ਤੋਂ ਬਾਹਰ ਗੁਰਦੁਆਰਿਆਂ, ਸਕੂਲਾਂ ਆਦਿ ਲਈ 5 ਕਰੋੜ 30 ਲੱਖ ਰੁਪਏ, ਆਰਿਥਕ ਪੱਖੋਂ ਕੰਮਜ਼ੋਰ ਲੋਕਾਂ ਅਤੇ ਗਰੀਬ ਬੱਚਿਆਂ ਦੀ ਪੜ੍ਹਾਈ ਲਈ 1 ਕਰੋੜ 50 ਲੱਖ ਰੁਪਏ ਦਾ ਪ੍ਰਬੰਧ ਕੀਤਾ ਗਿਆ ਹੈ। ਇਸ ਤੋਂ ਇਲਾਵਾ ਸਿੱਖ ਇਤਿਹਾਸ ਦੀ ਖੋਜ, ਲਿਖਾਈ ਤੇ ਛਪਾਈ ਆਦਿ ਲਈ 5 ਲੱਖ 70 ਹਜ਼ਾਰ ਰੁਪਏ ਰੱਖੇ ਹਨ। ਅੰਮ੍ਰਿਤਧਾਰੀ ਵਿਦਿਆਰਥੀਆਂ ਦੀਆਂ ਫੀਸਾਂ ਲਈ ਵੀ ਵਿਸ਼ੇਸ਼ ਰਾਸ਼ੀ ਦਾ ਪ੍ਰਬੰਧ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਮੀਰੀ ਪੀਰੀ ਮੈਡੀਕਲ ਕਾਲਜ ਸ਼ਾਹਬਾਦ ਮਾਰਕੰਡਾ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਮਿਸ਼ਨ ਅੰਬਾਲਾ ਲਈ 14 ਕਰੋੜ 20 ਲੱਖ ਰੁਪਏ ਬਜਟ ਵਿਚ ਰੱਖੇ ਗਏ ਹਨ। ਅੰਮ੍ਰਿਤਧਾਰੀ ਬੱਚਿਆਂ ਦੀ ਪੜ੍ਹਾਈ ਲਈ ਵੀ ਪ੍ਰਬੰਧ ਕੀਤਾ ਗਿਆ ਹੈ।

ਬਜਟ ਇਜਲਾਸ ਦੌਰਾਨ ਸ਼੍ਰੋਮਣੀ ਕਮੇਟੀ ਦੀ ਸਾਬਕਾ ਪ੍ਰਧਾਨ ਬੀਬੀ ਜਗੀਰ ਕੌਰ, ਮੈਂਬਰ ਜਥੇਦਾਰ ਕਰਨੈਲ ਸਿੰਘ ਪੰਜੋਲੀ, ਬੀਬੀ ਕਿਰਨਜੋਤ ਕੌਰ, ਸ. ਸੇਵਾ ਸਿੰਘ ਸੇਖਵਾਂ, ਸ. ਗੁਰਪ੍ਰੀਤ ਸਿੰਘ ਰੰਧਾਵਾ ਅਤੇ ਸ. ਬਲਵਿੰਦਰ ਸਿੰਘ ਬੈਂਸ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ।

**ਭਾਈ ਲੌਂਗੋਵਾਲ ਨੇ ਵਿਰੋਧ ਕਰਨ ਵਾਲੇ ਮੈਂਬਰਾਂ ਨੂੰ ਕੀਤੇ ਤਿੱਖੇ ਸਵਾਲ**

ਬਜਟ ਇਜਲਾਸ ਦੌਰਾਨ ਕੁਝ ਮੈਂਬਰਾਂ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿਚ ਕੀਤੇ ਗਏ ਸ਼ੋਰ-ਸ਼ਰਾਬੇ ਨੂੰ ਭਾਈ ਲੌਂਗੋਵਾਲ ਨੇ ਮੰਦਭਾਗਾ ਕਰਾਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਜਿਹੜੇ ਸ਼੍ਰੋਮਣੀ ਕਮੇਟੀ ਮੈਂਬਰ ਜਨਰਲ ਇਜਲਾਸ ਦੀ ਮਰਯਾਦਾ ਨੂੰ ਵੀ ਨਹੀਂ ਜਾਣਦੇ, ਉਹ ਸਿੱਖਾਂ ਦੀ ਕੀ ਅਗਵਾਈ ਕਰ ਸਕਦੇ ਹਨ। ਭਾਈ ਲੌਂਗੋਵਾਲ ਨੇ ਕਿਹਾ ਕਿ ਕੁਝ ਮੈਂਬਰਾਂ ਵੱਲੋਂ ਆਰੰਭਤਾ ਸਮੇਂ ਹੀ ਸ਼ੋਰ-ਸ਼ਰਾਬਾ ਸ਼ੁਰੂ ਕਰਨਾ ਕਿਸੇ ਵੀ ਤਰ੍ਹਾਂ ਜਾਇਜ਼ ਨਹੀਂ। ਜਨਰਲ ਹਾਊਸ ਦੀ ਮਰਯਾਦਾ ਹੈ ਕਿ ਜਿਹੜਾ ਵੀ ਬੋਲਣਾ ਚਾਹੁੰਦਾ ਹੈ ਉਹ ਪ੍ਰਵਾਨਗੀ ਨਾਲ ਅਖੀਰ ਸਮੇਂ ਬੋਲ ਸਕਦਾ ਹੈ। ਪ੍ਰੰਤੂ ਜਾਣਬੁਝ ਕੇ ਜਨਰਲ ਹਾਊਸ ਦੀ ਮਰਯਾਦਾ ਭੰਗ ਕਰਨੀ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿਚ ਸ਼ੋਰ-ਸ਼ਰਾਬਾ ਕਰਨਾ ਠੀਕ ਨਹੀਂ। ਉਨ੍ਹਾਂ ਕਿਹਾ ਕਿ ਜਿਹੜੇ ਮਤਿਆਂ ਦੀ ਕੁਝ ਮੈਂਬਰ ਮੰਗ ਕਰ ਰਹੇ ਸਨ, ਉਹ ਪਹਿਲਾਂ ਹੀ ਸ਼ਾਮਲ ਕੀਤੇ ਗਏ ਸਨ। ਭਾਈ ਲੌਂਗੋਵਾਲ ਨੇ ਇਸ ਗੱਲ 'ਤੇ ਵੀ ਸਵਾਲ ਖੜ੍ਹਾ ਕੀਤਾ ਕਿ ਜਦੋਂ ਵਿਰੋਧ ਕਰਨ ਵਾਲੇ ਸਾਰੇ ਮੈਂਬਰਾਂ ਨੂੰ ਬੋਲਣ ਦਾ ਸਮਾਂ ਦੇ ਦਿੱਤਾ ਗਿਆ, ਤਾਂ ਇਸ ਮਗਰੋਂ ਵੀ ਉਹ ਅਰਦਾਸ ਵਿਚ ਸਮਾਪਤੀ ਤੱਕ ਕਿਉਂ ਨਹੀਂ ਖੜ੍ਹੇ। ਉਨ੍ਹਾਂ ਕਿਹਾ ਕਿ ਹਾਊਸ ਦੀ ਮਰਯਾਦਾ ਉਲੰਘ ਕੇ ਵਿਰੋਧ ਕਰਨ ਵਾਲੇ ਮੈਂਬਰਾਂ ਨੂੰ ਆਪਣੇ ਅੰਦਰ ਝਾਤੀ ਜ਼ਰੂਰ ਮਾਰਨੀ ਚਾਹੀਦੀ ਹੈ।

**ਬਜਟ ਇਜਲਾਸ ਦੌਰਾਨ ਭਾਈ ਲੌਂਗੋਵਾਲ ਵੱਲੋਂ ਪੇਸ਼ ਕੀਤੇ ਮਤਿਆਂ ਨੂੰ ਪ੍ਰਵਾਨਗੀ-**

ਸ਼੍ਰੋਮਣੀ ਕਮੇਟੀ ਦੇ ਬਜਟ ਇਜਲਾਸ ਦੌਰਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਸਿੱਖ ਕੌਮ ਨਾਲ ਸਬੰਧਤ ਵੱਖ-ਵੱਖ ਮਤੇ ਪੇਸ਼ ਕੀਤੇ, ਜਿਨ੍ਹਾਂ ਨੂੰ ਸਮੁੱਚੇ ਹਾਊਸ ਨੇ ਜੈਕਾਰਿਆਂ ਦੀ ਗੂੰਜ 'ਚ ਪ੍ਰਵਾਨਗੀ ਦਿੱਤੀ। ਪਾਸ ਕੀਤੇ ਗਏ ਮਤਿਆਂ ਦਾ ਸੰਖੇਪ ਭਾਵ ਇਸ ਤਰ੍ਹਾਂ ਹੈ:

1. ਜੰਮੂ ਕਸ਼ਮੀਰ ਦੀਆਂ ਸਰਕਾਰੀ ਭਾਸ਼ਾਵਾਂ ਦੀ ਸੂਚੀ ਵਿੱਚੋਂ ਪੰਜਾਬੀ ਨੂੰ ਬਾਹਰ ਕਰਨ ਦਾ ਨਿੰਦਾ ਮਤਾ ਪਾਸ ਕੀਤਾ ਗਿਆ। ਮਤੇ ਵਿਚ ਕਿਹਾ ਗਿਆ ਕਿ ਜੰਮੂ ਕਸ਼ਮੀਰ ਖਿੱਤੇ ਅੰਦਰ ਵੱਡੀ ਗਿਣਤੀ ਲੋਕ ਪੰਜਾਬੀ ਭਾਸ਼ਾ ਬੋਲਦੇ ਹਨ। ਇਥੇ ਪੰਜਾਬੀ ਨੂੰ ਸੰਵਿਧਾਨਕ ਤੌਰ 'ਤੇ ਵੀ ਮਾਨਤਾ ਰਹੀ ਹੈ। ਮਹਾਰਾਜਾ ਰਣਜੀਤ ਸਿੰਘ ਦੇ ਸਮੇਂ ਜੰਮੂ ਕਸ਼ਮੀਰ ਖੇਤਰ ਸਿੱਖ ਰਾਜ ਦਾ ਹਿੱਸਾ ਰਿਹਾ ਹੈ। ਖਿੱਤੇ ਦੇ ਇਤਿਹਾਸ, ਰਵਾਇਤਾਂ ਦੇ ਨਾਲ-ਨਾਲ ਵੱਡੀ ਗਿਣਤੀ ਲੋਕਾਂ ਦੀਆਂ ਭਾਵਨਾਵਾਂ ਦਾ ਖਿਆਲ ਰੱਖੇ ਬਿਨਾ ਭਾਰਤ ਸਰਕਾਰ ਜੰਮੂ ਕਸ਼ਮੀਰ ਭਾਸ਼ਾ ਬਿੱਲ ਪਾਸ ਕੀਤਾ ਗਿਆ ਹੈ। ਇਹ ਘੱਟਗਿਣਤੀਆਂ ਨਾਲ ਧੱਕਾ ਹੈ। ਮਤੇ ਰਾਹੀਂ ਭਾਰਤ ਸਰਕਾਰ ਪਾਸੋਂ ਮੰਗ ਕੀਤੀ ਗਈ ਕਿ ਜੰਮੂ ਕਸ਼ਮੀਰ ਭਾਸ਼ਾ ਬਿੱਲ ਵਿਚ ਪੰਜਾਬੀ ਨੂੰ ਮੁੜ ਸ਼ਾਮਲ ਕੀਤਾ ਜਾਵੇ। ਇਸ ਮਾਮਲੇ ਸਬੰਧੀ ਸਮੂਹ ਸੰਸਦ ਮੈਂਬਰਾਂ ਨੂੰ ਵੀ ਅਵਾਜ਼ ਬੁਲੰਦ ਕਰਨ ਦੀ ਵੀ ਅਪੀਲ ਕੀਤੀ ਗਈ। ਇਸ ਦੇ ਨਾਲ ਹੀ ਪੰਜਾਬ ਤੇ ਚੰਡੀਗੜ੍ਹ ਸਮੇਤ ਵੱਖ-ਵੱਖ ਸੂਬਿਆਂ ਅੰਦਰ ਪੰਜਾਬੀ ਮਾਂ-ਬੋਲੀ ਨਾਲ ਕੀਤੇ ਜਾ ਰਹੇ ਵਿਤਕਰੇ, ਵਖਰੇਵੇਂ 'ਤੇ ਚਿੰਤਾ ਪ੍ਰਗਟ ਕਰਦਿਆਂ ਭਾਰਤ ਅਤੇ ਸੂਬਾ ਸਰਕਾਰਾਂ ਪਾਸੋਂ ਪੰਜਾਬੀ ਭਾਸ਼ਾ ਨੂੰ ਬਣਦਾ ਮਾਣ-ਸਤਿਕਾਰ ਦਵਾਉਣ ਲਈ ਉਪਰਾਲੇ ਕਰਨ ਦੀ ਵੀ ਮੰਗ ਕੀਤੀ ਗਈ।

2. ਭਾਰਤ ਸਰਕਾਰ ਵੱਲੋਂ ਕਿਸਾਨ ਵਿਰੋਧੀ ਬਿੱਲਾਂ ਨੂੰ ਅਪ੍ਰਵਾਨ ਕਰਦਿਆਂ ਇਕ ਮਤੇ ਰਾਹੀਂ ਇਨ੍ਹਾਂ ਕਾਲੇ ਕਾਨੂੰਨਾਂ ਨੂੰ ਕਿਸਾਨਾਂ ਦਾ ਦੁਸ਼ਮਣ ਕਰਾਰ ਦਿੱਤਾ ਗਿਆ। ਮਤੇ ਵਿਚ ਕਿਹਾ ਗਿਆ ਕਿ ਭਾਰਤ ਸਰਕਾਰ ਦੇ ਕਿਸਾਨੀ ਨਾਲ ਸਬੰਧਤ ਤਿੰਨ ਬਿੱਲ ਦੇਸ਼ ਦੇ ਕਿਸਾਨਾਂ ਨੂੰ ਦਬਾਉਣ ਅਤੇ ਬਰਬਾਦ ਕਰਨ ਵਾਲੇ ਹਨ। ਕਿਸਾਨ ਜੋ ਦੇਸ਼ ਦੇ ਅੰਨਦਾਤੇ ਵਜੋਂ ਜਾਣਿਆ ਜਾਂਦਾ ਹੈ, ਪਹਿਲਾਂ ਹੀ ਕਰਜ਼ੇ ਦੀ ਮਾਰ ਹੇਠਾਂ ਹਨ ਅਤੇ ਕਿਸਾਨ ਵਿਰੋਧੀ ਬਿੱਲਾਂ ਨਾਲ ਇਨ੍ਹਾਂ ਦੀ ਹਾਲਤ ਹੋਰ ਨਿੱਘਰ ਜਾਵੇਗੀ। ਜਨਰਲ ਇਜਲਾਸ ਨੇ ਮੰਗ ਕੀਤੀ ਕਿ ਇਹ ਕਿਸਾਨ ਵਿਰੋਧੀ ਬਿੱਲ ਲਾਗੂ ਨਾ ਕੀਤੇ ਜਾਣ ਅਤੇ ਭਾਰਤ ਭਰ ਦੇ ਸਮੂਹ ਸੰਸਦ ਮੈਂਬਰ ਵੀ ਆਪਣੀ ਨੈਤਿਕ ਜ਼ੁੰਮੇਵਾਰੀ ਸਮਝਦਿਆਂ ਬਿੱਲਾਂ ਵਿਰੁੱਧ ਅਵਾਜ਼ ਉਠਾ ਕੇ ਕਿਸਾਨ ਹਿੱਤਾਂ ਦੀ ਰਾਖੀ ਕਰਨ।

3. ਪਾਸ ਕੀਤੇ ਗਏ ਇਕ ਮਤੇ ਰਾਹੀਂ ਪਾਕਿਸਤਾਨ ਸਥਿਤ ਸਿੱਖਾਂ ਦੇ ਗੁਰਦੁਆਰਾ ਸਾਹਿਬਾਨ ਦੀ ਹੋਂਦ ਖ਼ਤਮ ਕਰਨ ਦੀਆਂ ਕੋਸ਼ਿਸ਼ਾਂ ਦੀ ਸਖ਼ਤ ਨਿੰਦਾ ਕੀਤੀ ਗਈ। ਮਤੇ ਰਾਹੀਂ ਮੰਗ ਕੀਤੀ ਗਈ ਕਿ 1947 ਦੀ ਦੇਸ਼ ਵੰਡ ਨਾਲ ਪਾਕਿਸਤਾਨ ਅੰਦਰ ਰਹਿ ਗਏ ਸਿੱਖਾਂ ਦੇ ਸੈਂਕੜੇ ਗੁਰਦੁਆਰਾ ਸਾਹਿਬਾਨ ਦੀਆਂ ਇਮਾਰਤਾਂ ਦੀ ਸਾਂਭ-ਸੰਭਾਲ ਪਾਕਿਸਤਾਨ ਸਰਕਾਰ ਧਾਰਮਿਕ ਨਜ਼ਰੱਈਏ ਤੋਂ ਕਰੇ। ਉਥੇ ਕਈ ਗੁਰਦੁਆਰਿਆਂ ਅੰਦਰ ਪਸ਼ੂ ਬੰਨ੍ਹੇ ਜਾ ਰਹੇ ਹਨ ਅਤੇ ਕਈਆਂ 'ਤੇ ਨਜਾਇਜ਼ ਕਬਜ਼ੇ ਹਨ। ਗੁਰੂ ਘਰਾਂ ਦੀਆਂ ਜਿੰਨਾ ਇਮਾਰਤਾਂ 'ਤੇ ਕਬਜ਼ੇ ਹਨ ਉਹ ਛੁਡਵਾਏ ਜਾਣ। ਭਾਰਤ ਸਰਕਾਰ ਪਾਸੋਂ ਵੀ ਮੰਗ ਕੀਤੀ ਗਈ ਕਿ ਪਾਕਿਸਤਾਨ ਅੰਦਰ ਗੁਰਦੁਆਰਿਆਂ ਦੀ ਇਮਾਰਤਾਂ ਦੀ ਹੋਂਦ ਖ਼ਤਮ ਕੀਤੇ ਜਾਣ ਦਾ ਮਾਮਲਾ ਪਾਕਿਸਤਾਨ ਸਰਕਾਰ ਪਾਸ ਉਠਾਏ।

4. ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਕਰਤਾਰਪੁਰ ਸਾਹਿਬ ਪਾਕਿਸਤਾਨ ਦਾ ਲਾਂਘਾ ਮੁੜ ਖੋਲ੍ਹਣ ਲਈ ਇਕ ਮਤੇ ਰਾਹੀਂ ਭਾਰਤ ਸਰਕਾਰ ਤੋਂ ਮੰਗ ਕੀਤੀ ਗਈ। ਕਿਹਾ ਗਿਆ ਕਿ ਇਸ ਪਾਵਨ ਅਸਥਾਨ ਨਾਲ ਸਿੱਖ ਜਗਤ ਦੀਆਂ ਧਾਰਮਿਕ ਭਾਵਨਾਵਾਂ ਜੁੜੀਆਂ ਹੋਈਆਂ ਹਨ। ਲਾਂਘਾ ਖੁਲ੍ਹਣ ਨਾਲ ਸੰਗਤਾਂ ਵਿਚ ਭਾਰੀ ਖੁਸ਼ੀ ਪਾਈ ਗਈ ਸੀ। ਪਰੰਤੂ ਕੋਰੋਨਾ ਕਾਰਨ ਇਹ ਲਾਂਘਾ ਵਕਤੀ ਤੌਰ ''ਤੇ ਬੰਦ ਕਰ ਦਿੱਤਾ ਗਿਆ। ਹੁਣ ਜਦੋਂ ਸਾਰੇ ਧਾਰਮਿਕ ਅਸਥਾਨ ਅਤੇ ਵਪਾਰਿਕ ਅਦਾਰੇ ਖੋਲ੍ਹਣ ਦੀ ਸਰਕਾਰਾਂ ਵੱਲੋਂ ਇਜਾਜ਼ਤ ਦਿੱਤੀ ਗਈ ਤਾਂ ਕਰਤਾਰਪੁਰ ਸਾਹਿਬ ਦਾ ਲਾਂਘਾ ਵੀ ਮੁੜ ਖੋਲ੍ਹਣ ਲਈ ਭਾਰਤ ਸਰਕਾਰ ਤੁਰੰਤ ਫੈਸਲਾ ਲਵੇ। ਇਸ ਦੇ ਨਾਲ ਇਹ ਮੰਗ ਵੀ ਕੀਤੀ ਗਈ ਕਿ ਕਰਤਾਰਪੁਰ ਸਾਹਿਬ ਦੇ ਦਰਸ਼ਨਾਂ ਲਈ ਜਾਣ ਵਾਲੀਆਂ ਸੰਗਤਾਂ ਨੂੰ ਪਾਸਪੋਰਟ ਦੀ ਸ਼ਰਤ ਖ਼ਤਮ ਕਰਕੇ ਯਾਤਰਾ ਪ੍ਰਕਿਰਿਆ ਵੀ ਸਰਲ ਬਣਾਈ ਜਾਵੇ।

5. ਜਨਰਲ ਇਜਲਾਸ ਵੱਲੋਂ ਇਕ ਮਤੇ ਰਾਹੀਂ ਉਤਰਾਖੰਡ, ਸਿੱਕਮ ਅਤੇ ਉੜੀਸਾ ਆਦਿ ਵਿਖੇ ਸਥਿਤ ਸਿੱਖਾਂ ਦੇ ਇਤਿਹਾਸਕ ਅਸਥਾਨਾਂ ਦਾ ਪ੍ਰਬੰਧ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਸੌਂਪਣ ਦੀ ਮੰਗ ਕੀਤੀ ਗਈ। ਮਤੇ ਰਾਹੀਂ ਕਿਹਾ ਗਿਆ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਨਾਲ ਸਬੰਧਤ ਗੁਰਦੁਆਰਾ ਗਿਆਨ ਗੋਦੜੀ ਸਾਹਿਬ ਹਰਿ ਕੀ ਪਾਉੜੀ ਹਰਿਦੁਆਰ (ਉਤਰਾਖੰਡ), ਗੁਰਦੁਆਰਾ ਡਾਂਗ ਮਾਰ ਚੁੰਗਥਾਂਗ (ਸਿੱਕਮ), ਗੁਰਦੁਆਰਾ ਬਾਵਲੀ ਮੱਠ, ਮੰਗੂ ਮੱਠ ਤੇ ਪੰਜਾਬੀ ਮੱਠ ਜਗਨਨਾਥਪੁਰੀ (ਉੜੀਸਾ) ਵੱਡੇ ਮਹੱਤਵ ਵਾਲੇ ਅਸਥਾਨ ਹਨ। ਇਨ੍ਹਾਂ ਦੀ ਪਵਿੱਤਰਤਾ, ਇਤਿਹਾਸਕਤਾ ਅਤੇ ਸਾਂਭ-ਸੰਭਾਲ ਦੇ ਮੱਦੇਨਜ਼ਰ ਇਨ੍ਹਾਂ ਦੀ ਜ਼ੁੰਮੇਵਾਰੀ ਸ਼੍ਰੋਮਣੀ ਕਮੇਟੀ ਨੂੰ ਦਿੱਤੀ ਜਾਵੇ, ਤਾਂ ਜੋ ਲੋੜੀਂਦੀਆਂ ਇਮਾਰਤਾਂ ਦੀ ਉਸਾਰੀ ਕਰਕੇ ਪ੍ਰੰਪਰਾਵਾਂ ਅਨੁਸਾਰ

*ਬਾਕੀ ਸਫ਼ਾ 2 'ਤੇ*

## ਗੁਰੂ ਘਰ ਦੀ ਸੇਵਾ ਵਿਚ ਕੁਤਾਹੀ ਕਰਨ ਵਾਲੇ ਕਿਸੇ ਵੀ ਮੁਲਾਜ਼ਮ ਨੂੰ ਬਖ਼ਸ਼ਿਆ ਨਹੀਂ ਜਾਵੇਗਾ-ਭਾਈ ਲੌਂਗੋਵਾਲ

### ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਨੇ ਪਾਵਨ ਸਰੂਪਾਂ ਸਬੰਧੀ ਜਾਂਚ ਕਮਿਸ਼ਨ ਦੀ ਰਿਪੋਰਟ ਦੇ ਆਧਾਰ 'ਤੇ ਕੀਤੀ ਮਿਸਾਲੀ ਕਾਰਵਾਈ

### ਐਸ.ਐਸ. ਕੋਹਲੀ ਐਂਡ ਐਸੋਸੀਏਟਸ ਦੀਆਂ ਸੇਵਾਵਾਂ ਖ਼ਤਮ, ਕਈ ਆਹਲਾ ਅਧਿਕਾਰੀ ਤੇ ਕਰਮਚਾਰੀਆਂ ਖਿਲਾਫ਼ ਹੋਈ ਕਾਰਵਾਈ



ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਸਬੰਧੀ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਵੱਲੋਂ ਡਾ. ਈਸ਼ਰ ਸਿੰਘ ਐਡਵੋਕੇਟ ਦੀ ਅਗਵਾਈ ਵਿਚ ਬਣਾਏ ਗਏ ਜਾਂਚ ਕਮਿਸ਼ਨ ਦੀ ਰਿਪੋਰਟ 'ਤੇ ਗੰਭੀਰਤਾ ਨਾਲ ਵਿਚਾਰ ਮਗਰੋਂ ਰਿਪੋਰਟ ਵਿਚ ਦੋਸ਼ੀ ਪਾਏ ਗਏ ਸ਼੍ਰੋਮਣੀ ਕਮੇਟੀ ਦੇ ਅਧਿਕਾਰੀਆਂ, ਕਰਮਚਾਰੀਆਂ ਖਿਲਾਫ਼ ਸਖ਼ਤ ਕਾਰਵਾਈ ਕੀਤੀ ਹੈ। ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਜਾਂਚ ਕਮਿਸ਼ਨ ਦੀ ਰਿਪੋਰਟ ਦਾ ਭੇਜਿਆ ਗਿਆ ਸੀਲਬੰਦ ਲਿਫ਼ਾਫ਼ਾ ਭਾਈ ਲੌਂਗੋਵਾਲ ਨੇ ਅੰਤ੍ਰਿੰਗ ਕਮੇਟੀ ਦੇ ਸਾਹਮਣੇ ਖੋਲ੍ਹਿਆ ਗਿਆ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਅਗਵਾਈ ਵਿਚ ਸ੍ਰੀ ਗੁਰੂ ਰਾਮਦਾਸ ਮੈਡੀਕਲ ਕਾਲਜ ਵੱਲ੍ਹਾ ਵਿਖੇ ਹੋਈ ਇਕੱਤਰਤਾ ਦੌਰਾਨ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ, ਪੜਤਾਲੀਆਂ ਜਾਂਚ ਕਮਿਸ਼ਨ ਦੇ ਮੁਖੀ ਡਾ. ਈਸ਼ਰ ਸਿੰਘ ਐਡਵੋਕੇਟ, ਕਮੇਟੀ ਮੈਂਬਰ ਬੀਬੀ ਹਰਪ੍ਰੀਤ ਕੌਰ ਐਡਵੋਕੇਟ ਅਤੇ ਬੀਬੀ ਹਰਲੀਨ ਕੌਰ ਸੀ.ਏ. ਦਾ ਡੂੰਘਾਈ ਨਾਲ ਜਾਂਚ ਕਰਨ ਲਈ ਧੰਨਵਾਦ ਕੀਤਾ ਗਿਆ ਅਤੇ ਸਰਬਸੰਮਤੀ ਨਾਲ ਜਾਂਚ ਰਿਪੋਰਟ ਪ੍ਰਵਾਨ ਕਰਦਿਆਂ ਦੋਸ਼ੀਆਂ ਖਿਲਾਫ਼ ਸਖ਼ਤ ਕਾਰਵਾਈ ਕੀਤੀ ਗਈ।

ਇਕੱਤਰਤਾ ਮਗਰੋਂ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਪ੍ਰੈਸ ਨੂੰ ਜਾਰੀ ਬਿਆਨ ਵਿਚ ਇਸ ਗੱਲ 'ਤੇ ਅਫ਼ਸੋਸ ਜ਼ਾਹਿਰ ਕੀਤਾ ਕਿ ਸ਼੍ਰੋਮਣੀ ਕਮੇਟੀ ਦੇ ਪਬਲੀਕੇਸ਼ਨ ਵਿਭਾਗ ਵਿਚ ਕੰਮ ਕਰਦੇ ਕੁਝ ਅਧਿਕਾਰੀਆਂ ਅਤੇ ਕਰਮਚਾਰੀਆਂ ਨੇ ਨਿੱਜੀ ਲਾਲਸਾ, ਬੇਈਮਾਨੀ ਤੇ ਮਿਲੀਭੁਗਤ ਨਾਲ ਸਮੁੱਚੀ ਸੰਸਥਾ ਅਤੇ ਸਿੱਖ ਕੌਮ ਨੂੰ ਵੱਡੀ ਨਮੋਸ਼ੀ ਦੇ ਸਾਹਮਣੇ ਕੀਤਾ, ਜਿਸ ਕਾਰਨ ਡੂੰਘੀ ਮਾਨਸਿਕ ਪੀੜਾ ਵਿੱਚੋਂ ਲੰਘਣਾ ਪਿਆ। ਉਨ੍ਹਾਂ ਕਿਹਾ ਕਿ ਮੈਨੂੰ ਇਸ ਗੱਲ ਦਾ ਬੇਹੱਦ ਅਫ਼ਸੋਸ ਹੈ ਕਿ ਜਿਨ੍ਹਾਂ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦੀ ਛਪਾਈ ਅਤੇ ਵੰਡਣ ਦੀ ਸੇਵਾ ਦੀਆਂ ਵੱਡੀਆਂ ਜ਼ੁੰਮੇਵਾਰੀਆਂ ਸੌਂਪੀਆਂ ਗਈਆਂ, ਉਨ੍ਹਾਂ ਨੇ ਇਸ ਜ਼ੁੰਮੇਵਾਰੀ ਵਿਚ ਵੱਡੀਆਂ ਕੁਤਾਹੀਆਂ ਹੀ ਨਹੀਂ ਕੀਤੀਆਂ, ਸਗੋਂ ਅਮਾਨਤ ਵਿਚ ਖਿਆਨਤ ਕੀਤੀ ਹੈ। ਇਸ ਨੂੰ ਕਿਸੇ ਵੀ ਤਰ੍ਹਾਂ ਮੁਆਫ਼ ਨਹੀਂ ਕੀਤਾ ਜਾ ਸਕਦਾ।

ਭਾਈ ਲੌਂਗੋਵਾਲ ਨੇ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਜਾਂਚ ਕਮਿਸ਼ਨ ਵੱਲੋਂ ਪੇਸ਼ ਕੀਤੀ ਰਿਪੋਰਟ ਉੱਪਰ ਕੀਤੀ ਕਾਰਵਾਈ ਦੇ ਵੇਰਵੇ ਜਾਰੀ ਕਰਦੇ ਹੋਏ ਪ੍ਰਗਟਾਵਾ ਕੀਤਾ ਕਿ ਸਾਰੇ ਮਾਮਲੇ ਜਿਸ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਗੁੰਮ ਹੋ ਜਾਣ ਦਾ ਖਦਸ਼ਾ ਪ੍ਰਗਟ ਕੀਤਾ ਗਿਆ ਸੀ, ਅਸਲੀਅਤ ਵਿਚ ਕੁਝ ਬੇਈਮਾਨ ਕਰਮਚਾਰੀਆਂ ਨੇ ਵਾਰ-ਵਾਰ ਰਿਕਾਰਡ ਅਤੇ ਲੈਜ਼ਰ ਵਿਚ ਛੇੜ-ਛਾੜ, ਜਾਅਲੀ ਰਸੀਦਾਂ ਕੱਟਣ, ਸੰਗਤਾਂ ਕੋਲੋਂ ਪੈਸੇ ਲੈ ਕੇ ਆਪਣੀਆਂ ਜ਼ੇਬਾਂ ਵਿਚ ਪਾਉਣ ਅਤੇ ਫੜ੍ਹੇ ਜਾਣ ਤੋਂ ਬਾਅਦ ਗਲਤੀ ਸਵੀਕਾਰ ਕਰਨ ਦੀ ਥਾਂ ਅਤਿ ਗੰਭੀਰ ਮਾਮਲੇ ਨੂੰ ਗਲਤ ਰੰਗ ਵਿਚ ਪੇਸ਼ ਕਰਕੇ ਆਪਣੇ ਕੁਕਰਮਾਂ ਉੱਪਰ ਪਰਦਾ ਪਾਉਣ ਦੀ ਅਸਫਲ ਕੋਸ਼ਿਸ਼ ਕੀਤੀ। ਪਰੰਤੂ ਅੱਜ ਪੂਰਨ ਸਚਾਈ ਸੰਗਤਾਂ ਦੇ ਸਾਹਮਣੇ ਪੇਸ਼ ਹੈ।

ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਡੀਆਂ ਕੁਰਬਾਨੀਆਂ ਤੋਂ ਬਾਅਦ ਹੋਂਦ ਵਿਚ ਆਈ ਹੈ, ਇਸ ਦਾ ਮੁੱਖ ਉਦੇਸ਼ ਗੁਰਦੁਆਰਾ ਸਾਹਿਬਾਨ ਦੀ ਸੁਚੱਜੀ ਦੇਖਭਾਲ, ਸਿੱਖ ਰਹਿਤ ਮਰਯਾਦਾ ਨੂੰ ਲਾਗੂ ਕਰਨ ਅਤੇ ਸਮੁੱਚੀ ਮਾਨਵਤਾ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਦਰਜ਼ ਸਰਬ ਸਾਂਝੀਵਾਲਤਾ ਦੇ ਉਪਦੇਸ਼ ਨੂੰ ਸੰਗਤਾਂ ਤੱਕ ਪੁੱਜਦਾ ਕਰਨਾ ਹੈ। ਅਜਿਹਾ ਤਾਂ ਹੀ ਹੋ ਸਕਦਾ ਹੈ ਜੇਕਰ ਸ਼੍ਰੋਮਣੀ ਕਮੇਟੀ ਦਾ ਹਰ ਮੈਂਬਰ, ਅਧਿਕਾਰੀ, ਕਰਮਚਾਰੀ ਅਤੇ ਸੰਸਥਾ ਨਾਲ ਜੁੜਿਆ ਹਰ ਵਿਅਕਤੀ ਆਪਣੇ ਫ਼ਰਜ਼ਾਂ ਅਤੇ ਅਧਿਕਾਰਾਂ ਦੀ ਪਛਾਣ ਕਰੇ। ਮੌਜੂਦਾ ਮਸਲੇ ਨੇ ਸਾਨੂੰ ਸਾਰਿਆਂ ਨੂੰ ਸਵੈ-ਪੜਚੋਲ ਕਰਨ ਅਤੇ ਫ਼ਰਜ਼ਾਂ ਤੇ ਅਧਿਕਾਰਾਂ ਪ੍ਰਤੀ ਚੇਤੰਨ ਹੋਣ ਵਾਸਤੇ ਝੰਜੋੜਿਆ ਹੈ।

ਭਾਈ ਲੌਂਗੋਵਾਲ ਨੇ ਕਿਹਾ ਕਿ ਸੰਸਥਾ ਵਿਚ

*ਬਾਕੀ ਸਫ਼ਾ 2 'ਤੇ*

ਸਫ਼ਾ 1 ਦਾ ਬਾਕੀ

**ਬਜਟ ਇਜਲਾਸ...**

ਸੇਵਾ-ਸੰਭਾਲ ਹੋ ਸਕੇ।

6. ਇਕ ਮਤੇ ਰਾਹੀਂ ਦੇਸ਼ ਦੀਆਂ ਵੱਖ-ਵੱਖ ਜ਼ੇਲ੍ਹਾਂ ਵਿਚ ਪਿਛਲੇ ਲੰਮੇ ਸਮੇਂ ਤੋਂ 'ਟਾਡਾ' ਤੇ ਹੋਰ ਕਾਲੇ ਕਾਨੂੰਨਾਂ ਅਧੀਨ ਨਜ਼ਰਬੰਦ ਨਿਰਦੋਸ਼ ਸਿੱਖਾਂ ਦੀ ਰਿਹਾਈ ਲਈ ਭਾਰਤ ਅਤੇ ਵੱਖ-ਵੱਖ ਰਾਜ ਸਰਕਾਰਾਂ ਨੂੰ ਅਪੀਲ ਕੀਤੀ ਗਈ। ਇਸ ਤੋਂ ਇਲਾਵਾ ਯੂਏਪੀਏ ਐਕਟ ਦੀ ਦੁਰਵਰਤੋਂ ਰੋਕਣ ਲਈ ਭਾਰਤ ਅਤੇ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਗਈ।

7. ਸੋਸ਼ਲ ਮੀਡੀਆ 'ਤੇ ਗੁਰੂ ਸਾਹਿਬਾਨ, ਸਿੱਖ ਯੋਧਿਆਂ, ਗੁਰਬਾਣੀ, ਸਿੱਖ ਇਤਿਹਾਸ ਆਦਿ ਸਬੰਧੀ ਵਿਵਾਦਤ ਪੋਸਟਾਂ 'ਤੇ ਸਖ਼ਤੀ ਨਾਲ ਰੋਕ ਲਗਾਉਣ ਲਈ ਇਕ ਮਤੇ ਰਾਹੀਂ ਭਾਰਤ ਸਰਕਾਰ ਨੂੰ ਅਪੀਲ ਕੀਤੀ ਗਈ। ਕਿਹਾ ਗਿਆ ਕਿ ਸੋਸ਼ਲ ਮੀਡੀਆ ਦੀ ਅਜ਼ਾਦੀ ਦਾ ਮਤਲਬ ਹਰਗਿਜ਼ ਇਹ ਨਹੀਂ ਹੋਣਾ ਚਾਹੀਦਾ ਕਿ ਕਿਸੇ ਦੀਆਂ ਵੀ ਧਾਰਮਿਕ ਭਾਵਨਾਵਾਂ ਨਾਲ ਖਿਲਵਾੜ ਕੀਤਾ ਜਾਵੇ।

8. ਜਨਰਲ ਇਜਲਾਸ ਦੌਰਾਨ ਕੋਰੋਨਾ ਮਹਾਮਾਰੀ ਸਮੇਂ ਲੋੜਵੰਦਾਂ ਦੀ ਮੱਦਦ ਕਰਨ ਵਾਲੀਆਂ ਸਿੱਖ ਸੰਸਥਾਵਾਂ ਦੇ ਕਾਰਜਾਂ ਦੀ ਵੀ ਸ਼ਲਾਘਾ ਕੀਤੀ ਗਈ। ਇਸ ਮਤੇ ਰਾਹੀਂ ਲੋੜਵੰਦਾਂ ਤੱਕ ਲੰਗਰ ਪਹੁੰਚਾਉਣ ਸਮੇਤ ਹੋਰ ਲੋੜੀਂਦੀਆਂ ਸੇਵਾਵਾਂ ਮੁਹੱਈਆ ਕਰਵਾਉਣ ਵਾਲੀਆਂ ਸੰਸਥਾਵਾਂ ਦੀ ਪਹਿਲਕਦਮੀ ਨੂੰ ਸਲਾਹਿਆ ਗਿਆ।

9. ਇਕ ਮਤੇ ਰਾਹੀਂ ਕਾਨੂੰਨ ਦੀ ਧਾਰਾ 295-ਏ ਤਹਿਤ ਦਿੱਤੀ ਜਾਣ ਵਾਲੀ ਸਜ਼ਾ ਨੂੰ ਉਮਰ ਕੈਦ ਵਿਚ ਤਬਦੀਲ ਕਰਨ ਦੀ ਭਾਰਤ ਸਰਕਾਰ ਪਾਸੋਂ ਮੰਗ ਕੀਤੀ ਗਈ। ਮਤੇ ਵਿਚ ਕਿਹਾ ਗਿਆ ਕਿ ਇਸ ਧਾਰਾ ਤਹਿਤ ਦਿੱਤੀ ਜਾਣ ਵਾਲੀ ਸਜ਼ਾ ਨਾ-ਮਾਤਰ ਹੋਣ ਕਾਰਨ ਧਾਰਮਿਕ ਭਾਵਨਾਵਾਂ ਨਾਲ ਖਿਲਵਾੜ ਕਰਨ ਵਾਲੇ ਲੋਕ ਬਚ ਨਿਕਲਦੇ ਹਨ। ਜੇਕਰ ਇਸ ਧਾਰਾ ਤਹਿਤ ਦਿੱਤੀ ਜਾਣ ਵਾਲੀ ਸਜ਼ਾ ਮਿਸਾਲੀ ਹੋਵੇਗੀ, ਤਾਂ ਕੋਈ ਵੀ ਕਿਸੇ ਦੀਆਂ ਧਾਰਮਿਕ ਭਾਵਨਾਵਾਂ ਨਾਲ ਖਿਲਵਾੜ ਕਰਨ ਦੀ ਹਿੰਮਤ ਨਹੀਂ ਕਰੇਗਾ। ਇਸ ਮਤੇ ਵਿਚ ਪੰਜਾਬ ਸਰਕਾਰ ਨੂੰ ਵੀ ਅਪੀਲ ਕੀਤੀ ਗਈ ਕਿ ਉਹ 295-ਏ ਧਾਰਾ ਤਹਿਤ ਦਿੱਤੀ ਜਾਣ ਵਾਲੀ ਸਜ਼ਾ ਵਿਚ ਵਾਧਾ ਕਰਨ ਸਬੰਧੀ ਆਪਣੀ ਕਾਰਵਾਈ ਕਰਕੇ ਭਾਰਤ ਸਰਕਾਰ ਨੂੰ ਭੇਜੇ।

10. ਸ਼੍ਰੋਮਣੀ ਕਮੇਟੀ ਦੇ ਪਬਲੀਕੇਸ਼ਨ ਵਿਭਾਗ ਦੇ ਕੁਝ ਕਰਮਚਾਰੀਆਂ ਵੱਲੋਂ ਗੈਰ ਜ਼ੁੰਮੇਵਰਾਨਾ ਢੰਗ ਨਾਲ ਡਿਊਟੀ ਕਰਦਿਆਂ ਕੀਤੀ ਬੇਨਿਯਮੀਆਂ ਅਤੇ ਸੰਗਤ ਨੂੰ ਦਿੱਤੇ ਗਏ ਪਾਵਨ ਸਰੂਪਾਂ ਦੀ ਭੇਟਾ ਨਿੱਜੀ ਲਾਲਚ ਵੱਸ ਖੁਦ ਵਰਤਣ ਦੇ ਮਾਮਲੇ ਨੂੰ ਲੈ ਕੇ ਵੀ ਇਕ ਮਤਾ ਪਾਸ ਕੀਤਾ ਗਿਆ। ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਮਤਾ ਪੇਸ਼ ਕਰਦਿਆਂ ਆਖਿਆ ਕਿ ਪਬਲੀਕੇਸ਼ਨ ਵਿਭਾਗ ਦੇ ਕੁਝ ਕਰਮਚਾਰੀਆਂ ਦੀ ਘਨੌਣੀ ਹਰਕਤ ਨਾਲ ਸ਼੍ਰੋਮਣੀ ਕਮੇਟੀ ਨੂੰ ਚਿੰਤਾਜਨਕ ਹਾਲਾਤਾਂ ਦਾ ਸਾਹਮਣਾ ਕਰਨਾ ਪਿਆ ਹੈ। ਉਨ੍ਹਾਂ ਕਿਹਾ ਕਿ ਭਾਵੇਂ ਇਸ ਸਾਰੇ ਮਾਮਲੇ ਨੂੰ ਲੈ ਕੇ ਜਾਚ-ਕਮਿਸ਼ਨ ਦੀ ਰਿਪੋਰਟ ਅਨੁਸਾਰ ਦੋਸ਼ੀ ਮੁਲਾਜ਼ਮਾਂ 'ਤੇ ਸਖ਼ਤ ਕਾਰਵਾਈ ਕੀਤੀ ਗਈ ਹੈ, ਪਰੰਤੂ ਪ੍ਰਬੰਧਕੀ ਸੰਸਥਾ ਹੋਣ ਕਰਕੇ ਸ਼੍ਰੋਮਣੀ ਕਮੇਟੀ ਦਾ ਜਨਰਲ ਇਜਲਾਸ ਖਾਲਸਾ ਪੰਥ ਪਾਸੋਂ ਖਿਮਾ-ਜਾਚਨਾ ਕਰਦਾ ਹੈ। ਇਸੇ ਮਤੇ ਰਾਹੀਂ ਹੀ 19 ਮਈ 2016 ਨੂੰ ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਵਿਖੇ ਅੱਗ ਲੱਗਣ ਕਾਰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਅਗਨ ਭੇਟ ਹੋਣ ਦੀ ਵਾਪਰੀ ਮੰਦਭਾਗੀ ਘਟਨਾ 'ਤੇ ਵੀ ਅਫ਼ਸੋਸ ਪ੍ਰਗਟ ਕੀਤਾ ਗਿਆ।

11. ਸ਼੍ਰੋਮਣੀ ਕਮੇਟੀ ਮੈਂਬਰਾਂ ਨੂੰ ਮਿਲਦੇ ਸਾਲਾਨਾ ਤਿੰਨ ਲੱਖ ਰੁਪਏ ਦੇ ਸਾਲਾਨਾ ਕੋਟਾ ਜੋ ਕੋਰੋਨਾ ਕਾਰਨ ਵਕਤੀ ਤੌਰ 'ਤੇ ਬੰਦ ਕਰ ਦਿੱਤਾ ਗਿਆ ਸੀ, ਜਨਰਲ ਇਜਲਾਸ ਦੌਰਾਨ ਉਸ ਵਿੱਚੋਂ 2 ਲੱਖ ਰੁਪਏ ਦੀ ਪ੍ਰਵਾਨਗੀ ਦਿੱਤੀ ਗਈ।

12. ਇਸ ਤੋਂ ਇਲਾਵਾ ਜਨਰਲ ਇਜਲਾਸ ਦੀ ਸ਼ੁਰੂਆਤ ਮੌਕੇ ਸ਼੍ਰੋਮਣੀ ਕਮੇਟੀ ਦੇ ਸਾਬਕਾ ਪ੍ਰਧਾਨ ਜਥੇਦਾਰ ਅਵਤਾਰ ਸਿੰਘ ਮੱਕੜ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਸਾਬਕਾ ਜਥੇਦਾਰ ਗਿਆਨੀ ਜਸਵੰਤ ਸਿੰਘ, ਸ਼੍ਰੋਮਣੀ ਕਮੇਟੀ ਮੈਂਬਰ ਸ. ਕੰਵਲਇੰਦਰ ਸਿੰਘ ਠੇਕੇਦਾਰ, ਸ. ਸੱਜਣ ਸਿੰਘ ਬੱਜੂਮਾਨ, ਚੀਫ਼ ਖ਼ਾਲਸਾ ਦੀਵਾਨ ਦੇ ਆਨਰੇਰੀ ਸਕੱਤਰ ਤੇ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਪ੍ਰਬੰਧਕ ਕਮੇਟੀ ਦੇ ਮੈਂਬਰ ਸ. ਸੁਰਿੰਦਰ ਸਿੰਘ ਰੁਮਾਲਿਆਂ ਵਾਲੇ, ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਪ੍ਰਬੰਧਕੀ ਬੋਰਡ ਦੇ ਸਾਬਕਾ ਪ੍ਰਧਾਨ ਸ. ਤਾਰਾ ਸਿੰਘ ਅਤੇ ਸਿੱਖ ਗੁਰਦੁਆਰਾ ਜੁਡੀਸ਼ੀਅਲ ਕਮਿਸ਼ਨ ਦੇ ਸਾਬਕਾ ਚੇਅਰਮੈਨ ਸ. ਕਸ਼ਮੀਰ ਸਿੰਘ ਪੱਟੀ ਦੇ ਅਕਾਲ ਚਲਾਣੇ 'ਤੇ ਸ਼ੋਕ ਮਤੇ ਪੜ੍ਹੇ ਗਏ। ਇਨ੍ਹਾਂ ਤਿੰਨਾਂ ਸ਼ਖ਼ਸੀਅਤਾਂ ਦੀਆਂ ਪੰਥਕ ਸੇਵਾਵਾਂ ਦੀ ਸ਼ਲਾਘਾ ਕੀਤੀ ਗਈ ਅਤੇ ਵਿਛੜੀ ਰੂਹਾਂ ਨਮਿਤ ਮੂਲ-ਮੰਤਰ ਦੇ ਪਾਠ ਕੀਤੇ ਗਏ।

**ਇਜਲਾਸ ਦੌਰਾਨ ਹਾਜ਼ਰ ਰਹੇ ਮੈਂਬਰ ਸਾਹਿਬਾਨ:**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਬਜਟ ਇਜਲਾਸ ਮੌਕੇ ਸਿੰਘ ਸਾਹਿਬਾਨ ਅਤੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੇ ਸਾਬਕਾ ਪ੍ਰਧਾਨ ਬੀਬੀ ਜਗੀਰ ਕੌਰ, ਜੂਨੀਅਰ ਮੀਤ ਪ੍ਰਧਾਨ ਭਾਈ ਗੁਰਬਖ਼ਸ਼ ਸਿੰਘ ਖਾਲਸਾ, ਜਨਰਲ ਸਕੱਤਰ ਸ. ਹਰਜਿੰਦਰ ਸਿੰਘ ਧਾਮੀ, ਸਾਬਕਾ ਸੀਨੀਅਰ ਮੀਤ ਪ੍ਰਧਾਨ ਭਾਈ ਰਜਿੰਦਰ ਸਿੰਘ ਮਹਿਤਾ, ਅੰਤ੍ਰਿੰਗ ਮੈਂਬਰ ਸ. ਮੰਗਵਿੰਦਰ ਸਿੰਘ ਖਾਪੜਖੇੜੀ, ਸ. ਸ਼ੇਰ ਸਿੰਘ ਮੰਡਵਾਲਾ, ਸ. ਜਸਮੇਲ ਸਿੰਘ ਲਾਛੜੂ, ਬੀਬੀ ਕੁਲਦੀਪ ਕੌਰ ਟੌਹੜਾ, ਸ. ਸੁਰਜੀਤ ਸਿੰਘ ਕੰਗ, ਸ. ਭੁਪਿੰਦਰ ਸਿੰਘ ਅਸੰਧ, ਸ. ਜਗਸੀਰ ਸਿੰਘ ਮਾਂਗੇਆਣਾ, ਭਾਈ ਮਨਜੀਤ ਸਿੰਘ, ਭਾਈ ਅਮਰਜੀਤ ਸਿੰਘ ਚਾਵਲਾ, ਭਾਈ ਗੁਰਚਰਨ ਸਿੰਘ ਗਰੇਵਾਲ, ਸ. ਗੁਰਪ੍ਰੀਤ ਸਿੰਘ ਝੱਬਰ, ਬੀਬੀ ਪਰਮਜੀਤ ਕੌਰ, ਬੀਬੀ ਜਸਪਾਲ ਕੌਰ, ਸ. ਮਲਕੀਤ ਸਿੰਘ, ਸ. ਪਰਮਜੀਤ ਸਿੰਘ ਖਾਲਸਾ, ਸ. ਬਲਦੇਵ ਸਿੰਘ ਚੂੰਘਾ, ਸ. ਦਲਵਾਰ ਸਿੰਘ, ਸੰਤ ਬਲਬੀਰ ਸਿੰਘ ਘੁੰਨਸ, ਸ. ਬਿੱਕਰ ਸਿੰਘ ਚੰਨੂ, ਭਾਈ ਰਾਮ ਸਿੰਘ, ਸ. ਗੁਰਪਾਲ ਸਿੰਘ ਗੋਰਾ, ਬੀਬੀ ਕਿਰਨਵੀਰ ਕੌਰ, ਸ. ਨਵਤੇਜ ਸਿੰਘ ਕਾਉਣੀ, ਸ. ਅਮਰਜੀਤ ਸਿੰਘ ਬੰਡਾਲਾ, ਸ. ਭਗਵੰਤ ਸਿੰਘ ਸਿਆਲਕਾ, ਸ. ਸੁਖਦਰਸ਼ਨ ਸਿੰਘ ਮਰਾੜ, ਸ. ਕੌਰ ਸਿੰਘ, ਬੀਬੀ ਪ੍ਰਮਿੰਦਰ ਕੌਰ, ਸ. ਦਰਸ਼ਨ ਸਿੰਘ ਬਰਾੜ, ਸ. ਪ੍ਰੀਤਮ ਸਿੰਘ ਮਲਸੀਹਾਂ, ਸ. ਸਰਵਣ ਸਿੰਘ ਕੁਲਾਰ, ਬੀਬੀ ਗੁਰਪ੍ਰੀਤ ਕੌਰ, ਸ. ਅਮਰਜੀਤ ਸਿੰਘ ਭਲਾਈਪੁਰ, ਸ. ਦਰਸ਼ਨ ਸਿੰਘ ਸ਼ੇਰਖਾਂ, ਸ. ਬਲਵਿੰਦਰ ਸਿੰਘ, ਸ. ਸਤਪਾਲ ਸਿੰਘ ਤਲਵੰਡੀ ਭਾਈ, ਬੀਬੀ ਜਸਵਿੰਦਰ ਕੌਰ, ਸ. ਗੁਰਮੀਤ ਸਿੰਘ ਬੂਹ, ਸ. ਗੁਰਮੇਲ ਸਿੰਘ ਸੰਗਤਪੁਰਾ, ਸ. ਸੁਖਹਰਪ੍ਰੀਤ ਸਿੰਘ ਰੋਡੇ, ਬੀਬੀ ਗੁਰਿੰਦਰ ਕੌਰ, ਬੀਬੀ ਜਸਪਾਲ ਕੌਰ, ਬੀਬੀ ਜੋਗਿੰਦਰ ਕੌਰ, ਸ. ਗੁਰਤੇਜ ਸਿੰਘ ਢੱਡੇ, ਸ. ਸੁਰਜੀਤ ਸਿੰਘ ਰਾਏਪੁਰ, ਸ. ਮਿੱਠੂ ਸਿੰਘ, ਬੀਬੀ ਸ਼ਰਨਜੀਤ ਕੌਰ, ਸ. ਭੁਪਿੰਦਰ ਸਿੰਘ ਭਲਵਾਨ, ਸ. ਹਰਦੇਵ ਸਿੰਘ ਰੋਗਲਾ, ਬੀਬੀ ਮਲਕੀਤ ਕੌਰ, ਸ. ਨਿਰਮਲ ਸਿੰਘ ਹਰਿਆਓ, ਸ. ਕੁਲਦੀਪ ਸਿੰਘ ਨੱਸੂਪੁਰ, ਸ. ਸਤਵਿੰਦਰ ਸਿੰਘ ਟੌਹੜਾ, ਸ. ਸਵਿੰਦਰ ਸਿੰਘ ਸਭਰਵਾਲ, ਸ. ਸੁਰਜੀਤ ਸਿੰਘ ਗੜ੍ਹੀ, ਭਾਈ ਗੁਰਪ੍ਰੀਤ ਸਿੰਘ, ਸ. ਰਣਧੀਰ ਸਿੰਘ ਚੀਮਾ, ਸ. ਅਵਤਾਰ ਸਿੰਘ ਰਿਆ, ਸ. ਰਵਿੰਦਰ ਸਿੰਘ ਖ਼ਾਲਸਾ, ਸ. ਦਵਿੰਦਰ ਸਿੰਘ ਖੱਟੜਾ, ਸ. ਰਘਬੀਰ ਸਿੰਘ ਸਹਾਰਨਮਾਜਰਾ, ਸ. ਚਰਨ ਸਿੰਘ ਆਲਮਗੀਰ, ਸ. ਹਰਪਾਲ ਸਿੰਘ ਜੱਲ੍ਹਾ, ਸ. ਹਰਪ੍ਰੀਤ ਸਿੰਘ ਗਰਚਾ, ਸ. ਜਸਵੰਤ ਸਿੰਘ ਪੁੜੈਣ, ਸ. ਬਲਵਿੰਦਰ ਸਿੰਘ ਬੈਂਸ, ਬੀਬੀ ਰਜਿੰਦਰ ਕੌਰ, ਸ. ਰਣਜੀਤ ਸਿੰਘ, ਸ. ਸਰਬੰਸ ਸਿੰਘ ਮਾਨਕੀ, ਸ. ਮਹਿੰਦਰ ਸਿੰਘ ਹੁਸੈਨਪੁਰਾ, ਸ. ਬਲਦੇਵ ਸਿੰਘ ਕਲਿਆਣ, ਸ. ਪਰਮਜੀਤ ਸਿੰਘ ਰਾਏਪੁਰ, ਸ. ਕੁਲਵੰਤ ਸਿੰਘ ਮੰਨਣ, ਸ. ਰਣਜੀਤ ਸਿੰਘ ਕਾਹਲੋਂ, ਬੀਬੀ ਗੁਰਮੀਤ ਕੌਰ, ਸ. ਬਲਵਿੰਦਰ ਸਿੰਘ ਵੇਈਂਪੂਈਂ, ਸ. ਗੁਰਬਚਨ ਸਿੰਘ ਕਰਮੂੰਵਾਲਾ, ਬੀਬੀ ਹਰਜਿੰਦਰ ਕੌਰ, ਬਾਬਾ ਨਿਰਮਲ ਸਿੰਘ, ਸ. ਗੁਰਿੰਦਰਪਾਲ ਸਿੰਘ ਰਣੀਕੇ, ਸ. ਹਰਜਾਪ ਸਿੰਘ ਸੁਲਤਾਨਵਿੰਡ, ਸ. ਬਾਵਾ ਸਿੰਘ ਗੁਮਾਨਪੁਰਾ, ਬੀਬੀ ਕਿਰਨਜੋਤ ਕੌਰ, ਸ. ਸੁਰਜੀਤ ਸਿੰਘ ਭਿੱਟੇਵੱਡ, ਬੀਬੀ ਬਲਵਿੰਦਰ ਕੌਰ ਲੋਪੋਕੇ, ਸ. ਅਮਰੀਕ ਸਿੰਘ ਵਿਛੋਆ, ਸ. ਜੋਧ ਸਿੰਘ ਸਮਰਾ, ਬੀਬੀ ਸਰਵਨ ਕੌਰ ਤੇੜਾ, ਸ. ਸੁਰਜੀਤ ਸਿੰਘ, ਸ. ਗੁਰਨਾਮ ਸਿੰਘ ਜੱਸਲ, ਸ. ਅਮਰੀਕ ਸਿੰਘ ਸ਼ਾਹਪੁਰ, ਬੀਬੀ ਜੋਗਿੰਦਰ ਕੌਰ, ਬੀਬੀ ਜਸਵੀਰ ਕੌਰ, ਸ. ਸੇਵਾ ਸਿੰਘ ਸੇਖਵਾਂ, ਸ. ਰਵਿੰਦਰ ਸਿੰਘ ਚੱਕ, ਸ. ਤਾਰਾ ਸਿੰਘ, ਸ. ਸੁਰਿੰਦਰ ਸਿੰਘ ਠੇਕੇਦਾਰ, ਬੀਬੀ ਰਣਜੀਤ ਕੌਰ ਮਾਹਿਲਪੁਰ, ਸ. ਅਜਮੇਰ ਸਿੰਘ ਖੇੜਾ, ਸ. ਚਰਨਜੀਤ ਸਿੰਘ ਕਾਲੇਵਾਲ, ਸ. ਕਰਨੈਲ ਸਿੰਘ ਪੰਜੋਲੀ, ਸ. ਚਰਨਜੀਤ ਸਿੰਘ ਜੱਸੋਵਾਲ, ਸ. ਦਲਜੀਤ ਸਿੰਘ ਭਿੰਡਰ, ਸ. ਬਲਦੇਵ ਸਿੰਘ ਕਾਇਮਪੁਰ, ਸ. ਬਲਦੇਵ ਸਿੰਘ ਖਾਲਸਾ, ਬੀਬੀ ਅਮਰਜੀਤ ਕੌਰ, ਸ. ਗੁਰਮੀਤ ਸਿੰਘ ਤ੍ਰਿਲੋਕੇਵਾਲਾ, ਸਕੱਤਰ ਸ. ਮਹਿੰਦਰ ਸਿੰਘ ਆਹਲੀ, ਸ. ਸੁਖਦੇਵ ਸਿੰਘ ਭੂਰਾਕੋਹਨਾ, ਸ. ਸੁਖਮਿੰਦਰ ਸਿੰਘ, ਸ. ਪ੍ਰਤਾਪ ਸਿੰਘ, ਸ. ਕੁਲਵਿੰਦਰ ਸਿੰਘ ਰਮਦਾਸ ਆਦਿ ਮੌਜੂਦ ਸਨ।

**ਅੰਤ੍ਰਿੰਗ ਕਮੇਟੀ...**

ਕਿਸੇ ਵੀ ਤਰ੍ਹਾਂ ਦੀ ਬੇਈਮਾਨੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਤੇ ਗੁਰੂ ਸਾਹਿਬਾਨ ਅਤੇ ਗੁਰੂ-ਘਰ ਦੀ ਸੇਵਾ ਵਿਚ ਕੁਤਾਹੀ ਕਰਨ ਵਾਲੇ ਹਰ ਵਿਅਕਤੀ ਖਿਲਾਫ਼ ਸਖ਼ਤ ਤੋਂ ਸਖ਼ਤ ਕਾਰਵਾਈ ਕੀਤੀ ਜਾਵੇਗੀ।

ਉਨ੍ਹਾਂ ਦੱਸਿਆ ਕਿ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਵਿਚ ਸਰਬਸੰਮਤੀ ਨਾਲ ਜਾਂਚ ਰਿਪੋਰਟ ਪ੍ਰਵਾਨ ਕਰਨ ਮਗਰੋਂ ਸਖ਼ਤ ਫੈਸਲਾ ਲਿਆ ਗਿਆ ਹੈ, ਜਿਸ ਅਨੁਸਾਰ ਸ. ਕੰਵਲਜੀਤ ਸਿੰਘ ਸੀ.ਜੀ.ਐੱਲ. ਸਹਾਇਕ ਸੁਪਰਵਾਈਜ਼ਰ ਜੋ ਪਹਿਲਾਂ ਸੇਵਾਮੁਕਤ ਹੋ ਚੁੱਕਾ ਹੈ, ਦੇ ਫੰਡ ਰੀਲੀਜ਼ ਕਰਨ 'ਤੇ ਰੋਕ ਲਗਾਈ ਜਾਂਦੀ ਹੈ, ਤਾਂ ਜੋ ਬਣਦੀ ਰਿਕਵਰੀ ਕੀਤੀ ਜਾ ਸਕੇ।ਸ. ਬਾਜ ਸਿੰਘ ਕਲਰਕ ਨੂੰ ਤੁਰੰਤ ਸਰਵਿਸ ਤੋਂ ਡਿਸਮਿਸ ਕੀਤਾ ਜਾਂਦਾ ਹੈ। ਸ. ਗੁਰਬਚਨ ਸਿੰਘ ਮੀਤ ਸਕੱਤਰ ਨੂੰ ਤੁਰੰਤ ਸਰਵਿਸ ਤੋਂ ਡਿਸਮਿਸ ਕੀਤਾ ਜਾਂਦਾ ਹੈ। ਸ. ਦਲਬੀਰ ਸਿੰਘ ਹੈਲਪਰ ਨੂੰ ਸਰਵਿਸ ਤੋਂ ਤੁਰੰਤ ਡਿਸਮਿਸ ਕੀਤਾ ਗਿਆ। ਸ. ਕੁਲਵੰਤ ਸਿੰਘ ਜਿਲਦਸਾਜ਼ ਤੇ ਸ. ਜਸਪ੍ਰੀਤ ਸਿੰਘ ਜਿਲਦਸਾਜ਼ ਦਾ ਜਿਲਦਾਂ ਦਾ ਠੇਕਾ ਤੁਰੰਤ ਰੱਦ ਕੀਤਾ ਜਾਂਦਾ ਹੈ ਅਤੇ ਇਨ੍ਹਾਂ ਨੂੰ ਬਲੈਕ ਲਿਸਟ ਕੀਤਾ ਜਾਂਦਾ ਹੈ। ਸ. ਸਤਿੰਦਰ ਸਿੰਘ ਮੀਤ ਸਕੱਤਰ ਫਾਇਨਾਂਸ ਨੂੰ ਤੁਰੰਤ ਸਸਪੈਂਡ ਕੀਤਾ ਜਾਂਦਾ ਹੈ ਅਤੇ ਅਗਲੇਰੀ ਵਿਭਾਗੀ ਕਾਰਵਾਈ ਕੀਤੀ ਜਾਵੇਗੀ। ਸ. ਨਿਸ਼ਾਨ ਸਿੰਘ ਮੀਤ ਸਕੱਤਰ ਨੂੰ ਤੁਰੰਤ ਸਸਪੈਂਡ ਕੀਤਾ ਜਾਂਦਾ ਹੈ ਅਤੇ ਇਸ 'ਤੇ ਵੀ ਅਗਲੇਰੀ ਵਿਭਾਗੀ ਕਰਵਾਈ ਕੀਤੀ ਜਾਵੇਗੀ। ਸ. ਮਨਜੀਤ ਸਿੰਘ ਸਕੱਤਰ ਧਰਮ ਪ੍ਰਚਾਰ ਕਮੇਟੀ ਨੂੰ ਤੁਰੰਤ ਸਸਪੈਂਡ ਕੀਤਾ ਜਾਂਦਾ ਹੈ ਅਤੇ ਅਗਲੇਰੀ ਵਿਭਾਗੀ ਕਰਵਾਈ ਕੀਤੀ ਜਾਵੇਗੀ। ਡਾ. ਰੂਪ ਸਿੰਘ ਮੁੱਖ ਸਕੱਤਰ ਵੱਲੋਂ ਪਹਿਲਾਂ ਹੀ ਆਪਣੇ ਅਹੁਦੇ ਤੋਂ ਦਿੱਤਾ ਅਸਤੀਫ਼ਾ ਪ੍ਰਵਾਨ ਕੀਤਾ ਜਾਂਦਾ ਹੈ ਅਤੇ ਅਗਲੇਰੀ ਵਿਭਾਗੀ ਕਰਵਾਈ ਕੀਤੀ ਜਾਵੇਗੀ। ਸ. ਗੁਰਮੁੱਖ ਸਿੰਘ ਸੁਪਰਵਾਈਜ਼ਰ ਪਬਲੀਕੇਸ਼ਨ ਨੂੰ ਤੁਰੰਤ ਸਸਪੈਂਡ ਕੀਤਾ ਜਾਂਦਾ ਹੈ ਅਤੇ ਅਗਲੇਰੀ ਵਿਭਾਗੀ ਕਰਵਾਈ ਕੀਤੀ ਜਾਵੇਗੀ। ਸ. ਹਰਚਰਨ ਸਿੰਘ ਸਾਬਕਾ ਮੁੱਖ ਸਕੱਤਰ ਜੋ ਅਹੁਦੇ ਦੀਆਂ ਜ਼ੁੰਮੇਵਾਰੀਆਂ ਨਿਭਾਉਣ ਵਿਚ ਅਸਮਰੱਥ ਰਹੇ ਦਾ ਹੇਠਲੇ ਕਰਮਚਾਰੀਆਂ ਵੱਲੋਂ ਰਿਕਾਰਡ ਵਿਚ ਤੋੜ-ਮਰੋੜ ਕਰਨ ਬਾਰੇ ਪਤਾ ਲੱਗਣ ਦੇ ਬਾਵਜੂਦ ਕੋਈ ਕਾਰਵਾਈ ਨਾ ਕਰਨਾ ਮੁਲਾਜ਼ਮਾਂ ਨਾਲ ਮਿਲੀਭੁਗਤ ਦਾ ਸੰਕੇਤ ਦਿੰਦਾ ਹੈ। ਸੰਸਥਾ ਦਾ ਮੁੱਖ ਪ੍ਰਸ਼ਾਸਕ ਹੋਣ ਕਰਕੇ ਇਹ ਜ਼ੁੰਮੇਵਾਰ ਹੈ ਅਤੇ ਇਸ ਖਿਲਾਫ਼ ਵੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਸ. ਸਤਿੰਦਰ ਸਿੰਘ ਕੋਹਲੀ ਚਾਰਟਰਡ ਅਕਾਊਂਟੈਂਟ ਐਸ.ਐਸ. ਕੋਹਲੀ ਐਂਡ ਐਸੋਸੀਏਟਸ ਦੀਆਂ ਸੇਵਾਵਾਂ ਤੁਰੰਤ ਖ਼ਤਮ ਕੀਤੀਆਂ ਜਾਂਦੀਆਂ ਹਨ ਅਤੇ ਜਾਂਚ ਕਮਿਸ਼ਨ ਵੱਲੋਂ ਇਸ ਖਿਲਾਫ਼ ਦਿੱਤੀ ਰਿਪੋਰਟ ਅਨੁਸਾਰ ਇਸ ਪਾਸੋਂ 75 ਫੀਸਦੀ ਰਿਕਵਰੀ ਕਰਨ ਲਈ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਸ. ਜੁਝਾਰ ਸਿੰਘ ਸਹਾਇਕ ਅਕਾਊਂਟੈਂਟ ਨੂੰ ਤੁਰੰਤ ਸਰਵਿਸ ਤੋਂ ਡਿਸਮਿਸ ਕੀਤਾ ਜਾਂਦਾ ਹੈ। ਸ. ਅਮਰਜੀਤ ਸਿੰਘ ਸੇਵਾਦਾਰ ਅੰਗੀਠਾ ਸਾਹਿਬ ਗੋਇੰਦਵਾਲ ਸਾਹਿਬ ਦੀਆਂ ਸੇਵਾਵਾਂ ਤੁਰੰਤ ਖ਼ਤਮ ਕੀਤੀਆਂ ਜਾਂਦੀਆਂ ਹਨ। ਸ. ਪਰਮਦੀਪ ਸਿੰਘ ਇੰਚਾਰਜ ਨੂੰ ਤੁਰੰਤ ਸਸਪੈਂਡ ਕੀਤਾ ਜਾਂਦਾ ਹੈ ਅਤੇ ਅਗਲੇਰੀ ਵਿਭਾਗੀ ਕਾਰਵਾਈ ਕੀਤੀ ਜਾਵੇਗੀ।

ਇਸ ਤੋਂ ਇਲਾਵਾ ਸ. ਹਰਜਿੰਦਰ ਸਿੰਘ ਧਾਮੀ ਜਨਰਲ ਸਕੱਤਰ ਦੀ ਅਗਵਾਈ ਵਿਚ ਸਬ-ਕਮੇਟੀ ਕਾਇਮ ਕੀਤੀ ਗਈ ਹੈ, ਜੋ ਕਾਨੂੰਨੀ ਕਾਰਵਾਈ ਨੂੰ ਅਮਲ ਵਿਚ ਲਿਆਉਣ ਦਾ ਕਾਰਜ ਕਰੇਗੀ।

ਅੰਤ੍ਰਿੰਗ ਕਮੇਟੀ ਵਿਚ ਭਾਈ ਗੋਬਿੰਦ ਸਿੰਘ ਲੌਂਗੋਵਾਲ ਤੋਂ ਇਲਾਵਾ ਸੀਨੀਅਰ ਮੀਤ ਪ੍ਰਧਾਨ ਭਾਈ ਰਜਿੰਦਰ ਸਿੰਘ ਮਹਿਤਾ, ਜੂਨੀਅਰ ਮੀਤ ਪ੍ਰਧਾਨ ਸ. ਗੁਰਬਖ਼ਸ਼ ਸਿੰਘ ਖ਼ਾਲਸਾ, ਜਨਰਲ ਸਕੱਤਰ ਸ. ਹਰਜਿੰਦਰ ਸਿੰਘ ਧਾਮੀ, ਅੰਤ੍ਰਿੰਗ ਮੈਂਬਰ ਸ. ਜਗਸੀਰ ਸਿੰਘ ਮਾਂਗੇਆਣਾ, ਸ. ਗੁਰਪਾਲ ਸਿੰਘ ਗੋਰਾ, ਸ. ਭੁਪਿੰਦਰ ਸਿੰਘ ਅਸੰਧ, ਸ. ਅਮਰਜੀਤ ਸਿੰਘ ਭਲਾਈਪੁਰ, ਸ. ਮੰਗਵਿੰਦਰ ਸਿੰਘ ਖਾਪੜਖੇੜੀ, ਸ. ਸੁਰਜੀਤ ਸਿੰਘ ਕੰਗ, ਸ. ਸ਼ੇਰ ਸਿੰਘ ਮੰਡਵਾਲਾ, ਬੀਬੀ ਕੁਲਦੀਪ ਕੌਰ ਟੌਹੜਾ, ਬੀਬੀ ਪਰਮਜੀਤ ਕੌਰ, ਸਕੱਤਰ ਸ. ਮਹਿੰਦਰ ਸਿੰਘ ਆਹਲੀ, ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ, ਸ. ਪ੍ਰਤਾਪ ਸਿੰਘ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਬੁਲਾਰੇ ਸ. ਕੁਲਵਿੰਦਰ ਸਿੰਘ ਰਮਦਾਸ, ਸ. ਦਰਸ਼ਨ ਸਿੰਘ ਪੀ.ਏ. ਆਦਿ ਮੌਜੂਦ ਸਨ।

# ਭਾਈ ਸੁਖਦੇਵ ਸਿੰਘ ਸੁੱਖਾ ਦੀ ਮਾਤਾ ਸੁਰਜੀਤ ਕੌਰ ਦੇ ਚਲਾਣੇ 'ਤੇ ਭਾਈ ਲੌਂਗੋਵਾਲ ਵੱਲੋਂ ਦੁੱਖ ਪ੍ਰਗਟ

ਅੰਮ੍ਰਿਤਸਰ- ਸਿੱਖ ਸੰਘਰਸ਼ ਦੇ ਯੋਧੇ ਸ਼ਹੀਦ ਭਾਈ ਸੁਖਦੇਵ ਸਿੰਘ ਸੁੱਖਾ ਦੀ ਸਤਿਕਾਰਯੋਗ ਮਾਤਾ ਸੁਰਜੀਤ ਕੌਰ ਦੇ ਅਕਾਲ ਚਲਾਣੇ 'ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਗਹਿਰਾ ਦੁੱਖ ਪ੍ਰਗਟ ਕੀਤਾ ਹੈ। ਤਹਿਸੀਲ ਕਰਨਪੁਰ ਸ੍ਰੀ ਗੰਗਾਨਗਰ (ਰਾਜਿਸਥਾਨ) ਵਿਚ ਪੈਂਦੇ ਪਿੰਡ 16 ਐਫ.ਐਫ. ਵਿਖੇ ਉਨ੍ਹਾਂ ਦਾ ਅੰਤਿਮ ਸੰਸਕਾਰ ਕਰ ਦਿੱਤਾ ਗਿਆ। ਭਾਈ ਲੌਂਗੋਵਾਲ ਨੇ ਕਿਹਾ ਕਿ ਮਾਤਾ ਜੀ ਦਾ ਚਲਾਣਾ ਦੁੱਖਦਾਈ ਹੈ। ਮਾਤਾ ਜੀ ਦਾ ਪੰਥਕ ਹਲਕਿਆਂ ਵਿਚ ਵੱਡਾ ਸਤਿਕਾਰ ਸੀ ਅਤੇ ਉਨ੍ਹਾਂ ਦੇ ਪੁੱਤਰ ਸ. ਸੁਖਦੇਵ ਸਿੰਘ ਸੁੱਖਾ ਨੇ ਸਿੱਖੀ ਦੀ ਚੜ੍ਹਦੀ ਕਲਾ ਲਈ ਵੱਡੀ ਕੁਰਬਾਨੀ ਦਿੱਤੀ ਹੈ।

ਭਾਈ ਲੌਂਗੋਵਾਲ ਨੇ ਕਰਤਾ ਪੁਰਖ ਦੇ ਚਰਨਾਂ ਵਿਚ ਮਾਤਾ ਜੀ ਦੀ ਆਤਮਿਕ ਸ਼ਾਂਤੀ ਲਈ ਅਰਦਾਸ ਕੀਤੀ।

# ਮੱਧ ਪ੍ਰਦੇਸ਼ ਸਰਕਾਰ ਦੋਸ਼ੀ ਪੁਲਿਸ ਮੁਲਾਜ਼ਮਾਂ ਖਿਲਾਫ਼ ਸਖ਼ਤ ਕਾਰਵਾਈ ਕਰੇ-ਭਾਈ ਲੌਂਗੋਵਾਲ

ਅੰਮ੍ਰਿਤਸਰ- ਮੱਧ ਪ੍ਰਦੇਸ਼ ਦੇ ਪਿੰਡ ਪਲਸੂਦ ਜ਼ਿਲ੍ਹਾ ਬੜਵਾਨੀ ਵਿਖੇ ਗ੍ਰੰਥੀ ਪ੍ਰੇਮ ਸਿੰਘ ਖ਼ਾਲਸਾ ਦੀ ਪੁਲਿਸ ਮੁਲਾਜ਼ਮਾਂ ਵੱਲੋਂ ਸ਼ਰ੍ਹੇਆਮ ਕੀਤੀ ਗਈ ਮਾਰ ਕੁਟਾਈ ਦੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਸਖ਼ਤ ਸ਼ਬਦਾਂ ਵਿਚ ਨਿੰਦਾ ਕੀਤੀ ਹੈ। ਉਨ੍ਹਾਂ ਕਿਹਾ ਕਿ ਇਕ ਗੁਰਸਿੱਖ ਨਾਲ ਦੁਰਵਿਹਾਰ ਅਤੇ ਕੇਸਾਂ ਦੀ ਤੌਹੀਨ ਨਾ ਬਰਦਾਸ਼ਤਯੋਗ ਹੈ। ਇਸ ਲਈ ਸਬੰਧਤ ਪੁਲਿਸ ਮੁਲਾਜ਼ਮਾਂ ਖਿਲਾਫ਼ ਕਰੜੀ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਇਹ ਮਾਮਲਾ ਜਿਥੇ ਸਿੱਖ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲਾ ਹੈ, ਉਥੇ ਹੀ ਮਨੁੱਖਤਾ ਨੂੰ ਵੀ ਸ਼ਰਮਸ਼ਾਰ ਕਰਦਾ ਹੈ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਨੇ ਗਲਤੀ ਵੀ ਕੀਤੀ ਹੈ ਤਾਂ ਉਸ ਵਿਰੁੱਧ ਕਾਨੂੰਨ ਅਨੁਸਾਰ ਕਾਰਵਾਈ ਕੀਤੀ ਜਾ ਸਕਦੀ ਹੈ, ਪਰ ਦੁੱਖ ਦੀ ਗੱਲ ਹੈ ਕਿ ਕਾਨੂੰਨ ਦੇ ਰੱਖਵਾਲੇ ਹੀ ਸ਼ਰ੍ਹੇਆਮ ਕਾਨੂੰਨ ਆਪਣੇ ਹੱਥਾਂ ਵਿਚ ਲੈ ਰਹੇ ਹਨ। ਭਾਈ ਲੌਂਗੋਵਾਲ ਨੇ ਮੱਧ ਪ੍ਰਦੇਸ਼ ਦੇ ਮੁੱਖ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਪਾਸੋਂ ਮੰਗ ਕੀਤੀ ਕਿ ਸਿੱਖ ਭਾਵਨਾਵਾਂ ਦੀ ਤਰਜ਼ਮਾਨੀ ਕਰਦਿਆਂ ਦੋਸ਼ੀ ਪੁਲਿਸ ਮੁਲਾਜ਼ਮਾਂ ਨੂੰ ਕਾਨੂੰਨ ਅਨੁਸਾਰ ਕਰੜੀ ਸਜ਼ਾ ਦੇ ਕੇ ਪੀੜਤਾਂ ਨੂੰ ਇਨਸਾਫ਼ ਦਿਵਾਇਆ ਜਾਵੇ।

# ਗੁਰਦੁਆਰਾ ਸ੍ਰੀ ਮੰਜੀ ਸਾਹਿਬ ਵਿਖੇ ਮਨਾਇਆ ਬਾਬਾ ਫਰੀਦ ਜੀ ਦਾ ਜਨਮ ਦਿਹਾੜਾ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਨਾਲ ਸਬੰਧਤ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਬਾਬਾ ਫਰੀਦ ਜੀ ਦਾ ਜਨਮ ਦਿਹਾੜਾ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਸਮੇਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਭੋਗ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਕਾਰਜ ਸਿੰਘ ਦੇ ਰਾਗੀ ਜੱਥੇ ਨੇ ਇਲਾਹੀ ਗੁਰਬਾਣੀ ਕੀਰਤਨ ਕੀਤਾ। ਅਰਦਾਸ ਭਾਈ ਸੁਲਤਾਨ ਸਿੰਘ ਨੇ ਕੀਤੀ ਅਤੇ ਪਾਵਨ ਹੁਕਮਨਾਮਾ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਅਸਥਾਨ ਦੇ ਕਥਾਵਾਚਕ ਭਾਈ ਹਰਮਿੱਤਰ ਸਿੰਘ ਨੇ ਲਿਆ। ਇਸ ਮੌਕੇ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੇ ਕਥਾਵਾਚਕ ਭਾਈ ਹਰਮਿੱਤਰ ਸਿੰਘ ਨੇ ਸੰਗਤਾਂ ਨੂੰ ਬਾਬਾ ਫਰੀਦ ਜੀ ਦੇ ਜੀਵਨ ਅਤੇ ਉਨ੍ਹਾਂ ਵੱਲੋਂ ਦਿੱਤੇ ਗਏ ਉਪਦੇਸ਼ ਤੋਂ ਜਾਣੂੰ ਕਰਵਾਇਆ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿਚ ਦਰਜ ਬਾਬਾ ਸ਼ੇਖ ਫਰੀਦ ਜੀ ਦੀ ਬਾਣੀ ਮਨੁੱਖ ਨੂੰ ਪਰਮਾਤਮਾ ਨਾਲ ਜੁੜਨ ਦੀ ਪ੍ਰੇਰਨਾ ਦਿੰਦੀ ਹੈ। ਅਜੋਕੇ ਪਦਾਰਥਵਾਦੀ ਯੁੱਗ ਵਿਚ ਅਜਿਹੀਆਂ ਮਹਾਨ ਸ਼ਖਸੀਅਤਾਂ ਦਾ ਜੀਵਨ ਅਤੇ ਵਿਚਾਰਧਾਰਾ ਸੁਚੱਜਾ ਮਾਰਗ ਦਰਸ਼ਨ ਕਰਦਾ ਹੈ, ਜਿਸਦੀ ਸੇਧ ਵਿਚ ਚੱਲ ਕੇ ਸਫਲ ਜੀਵਨ ਬਤੀਤ ਕੀਤਾ ਜਾ ਸਕਦਾ ਹੈ। ਇਸ ਮੌਕੇ ਸ੍ਰੀ ਦਰਬਾਰ ਸਾਹਿਬ ਦੇ ਐਡੀਸ਼ਨਲ ਮੈਨੇਜਰ ਸ. ਨਰਿੰਦਰ ਸਿੰਘ ਮਥਰੇਵਾਲ ਤੇ ਸ. ਬਲਦੇਵ ਸਿੰਘ, ਮੀਤ ਮੈਨੇਜਰ ਸ. ਨਿਸ਼ਾਨ ਸਿੰਘ, ਸੁਰਪਵਾਈਜ਼ਰ ਸ. ਕਾਬਲ ਸਿੰਘ ਆਦਿ ਹਾਜ਼ਰ ਸਨ।

# ਸ਼੍ਰੋਮਣੀ ਕਮੇਟੀ ਵੱਲੋਂ ਪਟਿਆਲਾ ਜ਼ੋਨ ਦੇ ਆਨਲਾਈਨ ਗੁਰਮਤਿ ਕੁਇਜ਼ ਮੁਕਾਬਲੇ ਸੰਪੰਨ

## ਅੰਤ੍ਰਿੰਗ ਕਮੇਟੀ ਮੈਂਬਰ ਬੀਬੀ ਕੁਲਦੀਪ ਕੌਰ ਟੌਹੜਾ ਨੇ ਬੱਚਿਆਂ ਦੀ ਕੀਤੀ ਹੌਂਸਲਾ ਅਫਜ਼ਾਈ



ਪਟਿਆਲਾ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਯੋਗ ਅਗਵਾਈ 'ਚ ਧਰਮ ਪ੍ਰਚਾਰ ਕਮੇਟੀ ਵੱਲੋਂ ਕੋਰੋਨਾ ਮਹਾਂਮਾਰੀ ਦੇ ਮੱਦੇਨਜ਼ਰ ਆਨਲਾਈਨ ਗੁਰਮਤਿ ਕੁਇਜ਼ ਮੁਕਾਬਲੇ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਪਟਿਆਲਾ ਵਿਖੇ ਕਰਵਾਏ ਗਏ। ਇਸ ਮੌਕੇ ਉਚੇਚੇ ਤੌਰ 'ਤੇ ਅੰਤ੍ਰਿੰਗ ਕਮੇਟੀ ਮੈਂਬਰ ਬੀਬੀ ਕੁਲਦੀਪ ਕੌਰ ਟੌਹੜਾ ਨੇ ਪ੍ਰੀਖਿਆ ਦੌਰਾਨ ਪਹੁੰਚ ਕੇ ਬੱਚਿਆਂ ਦੀ ਹੌਂਸਲਾ ਅਫਜ਼ਾਈ ਕੀਤੀ। ਪਟਿਆਲਾ ਵਿਖੇ ਹੋ ਰਹੇ ਜ਼ੋਨ ਪੱਧਰੀ ਮੁਕਾਬਲੇ ਦੌਰਾਨ ਪ੍ਰਚਾਰਕਾਂ ਵੱਲੋਂ ਤਿਆਰ ਕੀਤੀਆਂ ਬੱਚਿਆਂ ਦੀਆਂ ਵੱਖੋ-ਵੱਖ 10 ਟੀਮਾਂ ਨੇ ਹਿੱਸਾ ਲਿਆ। ਆਨਲਾਈਨ ਕੁਇਜ਼ ਗੁਰਮਤਿ ਮੁਕਾਬਲਾ 'ਖ਼ੂਨ ਸ਼ਹੀਦਾਂ ਦਾ' ਅਤੇ ਆਓ ਗੁਰੂ ਇਤਿਹਾਸ ਜਾਣੀਏ' ਵਿਸ਼ੇ 'ਤੇ ਅਧਾਰਤ ਰਿਹਾ। ਇਸ ਦੌਰਾਨ ਹੈਡ ਪ੍ਰਚਾਰਕ ਭਾਈ ਜਗਦੇਵ ਸਿੰਘ ਅਤੇ ਭਾਈ ਅਮਰੀਕ ਸਿੰਘ ਵੱਲੋਂ ਬੱਚਿਆਂ ਨੂੰ ਵੱਖ-ਵੱਖ ਪ੍ਰਸ਼ਨ ਦਿੱਤੇ ਗਏ, ਜਿਸ ਦੇ ਜਵਾਬ 'ਚ ਬੱਚਿਆਂ ਨੇ ਆਪੋ-ਆਪਣੀ ਪ੍ਰਤਿਭਾ ਰਾਹੀਂ ਪ੍ਰੀਖਿਆ ਦਿੱਤੀ। ਇਸ ਮੁਕਾਬਲੇ ਦੌਰਾਨ ਪੀਰ ਬੁੱਧੂ ਸ਼ਾਹ ਹਲਕਾ ਡੇਰਾਬਸੀ ਦੀ ਟੀਮ ਨੇ ਪਹਿਲਾ ਸਥਾਨ, ਬਾਬਾ ਅਜੈ ਸਿੰਘ ਹਲਕਾ ਡਕਾਲਾ ਦੀ ਟੀਮ ਨੇ ਦੂਜਾ ਸਥਾਨ ਅਤੇ ਬਾਬਾ ਜੀਵਨ ਸਿੰਘ ਹਲਕਾ ਭਾਦਸੋਂ ਦੀ ਟੀਮ ਨੇ ਤੀਸਰਾ ਸਥਾਨ ਹਾਸਲ ਕੀਤਾ। ਇਸ ਮੌਕੇ ਅੰਤ੍ਰਿੰਗ ਕਮੇਟੀ ਮੈਂਬਰ ਬੀਬੀ ਕੁਲਦੀਪ ਕੌਰ ਟੌਹੜਾ ਨੇ ਗੁਰਮਤਿ ਕੁਇਜ਼ ਮੁਕਾਬਲੇ 'ਚ ਹਿੱਸਾ ਲੈਣ ਵਾਲੇ ਬੱਚਿਆਂ ਨੂੰ ਸਿੱਖੀ ਦੇ ਨਿਆਰੇਪਣ ਅਤੇ ਗੁਰੂ ਸਾਹਿਬਾਨ ਵੱਲੋਂ ਵਿਖਾਏ ਮਾਰਗ 'ਤੇ ਚੱਲਣ ਦੀ ਪ੍ਰੇਰਨਾ ਦਿੰਦਿਆਂ ਕਿਹਾ ਕਿ ਸਿੱਖ ਧਰਮ ਵਿਲੱਖਣ ਹੋਂਦ ਹਸਤੀ ਦਾ ਪ੍ਰਤੀਕ ਹੈ ਅਤੇ ਅਸੀਂ ਸਾਰੇ ਹੀ ਮਹਾਨ ਇਤਿਹਾਸ ਦੀ ਵਿਰਾਸਤ ਦੇ ਵਾਰਸ ਹਾਂ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਆਨਲਾਈਨ ਪ੍ਰੀਖਿਆ ਦਾ ਮੰਤਵ ਅਜੋਕੀ ਪੀੜ੍ਹੀ ਨੂੰ ਆਪਣੇ ਮਹਾਨ ਵਿਰਸੇ ਨਾਲ ਜੋੜਨਾ ਹੈ, ਜੋ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਮੈਨੇਜਰ ਕਰਨੈਲ ਸਿੰਘ ਨਾਭਾ, ਐਡੀਸ਼ਨਲ ਮੈਨੇਜਰ ਕਰਨੈਲ ਸਿੰਘ, ਅਮਰਪਾਲ ਸਿੰਘ ਤੋਂ ਇਲਾਵਾ ਪ੍ਰਚਾਰਕ ਭਾਈ ਪਰਵਿੰਦਰ ਸਿੰਘ ਰਿਉਂਦ, ਭਾਈ ਪਰਵਿੰਦਰ ਸਿੰਘ ਬਰਰਾੜਾ, ਭਾਈ ਬੇਅੰਤ ਸਿੰਘ, ਭਾਈ ਲਖਵਿੰਦਰ ਸਿੰਘ, ਜਸਵੀਰ ਸਿੰਘ, ਅਵਤਾਰ ਸਿੰਘ, ਹਰਦੀਪ ਸਿੰਘ ਟਿੱਬਾ, ਭਾਈ ਬਲਦੇਵ ਸਿੰਘ, ਭਾਈ ਹਰਪ੍ਰੀਤ ਸਿੰਘ, ਆਦਿ ਨੇ ਪ੍ਰੀਖਿਆ ਦੌਰਾਨ ਆਪਣਾ ਅਹਿਮ ਯੋਗਦਾਨ ਪਾਇਆ।

# ਸ਼੍ਰੋਮਣੀ ਕਮੇਟੀ ਵੱਲੋਂ ਪਿੰਡ ਭਾਗੀਕੇ ਵਿਖੇ ਆਨਲਾਇਨ ਗੁਰਮਤਿ ਕੈਂਪ ਲਗਾਇਆ ਗਿਆ



ਮੋਗਾ- ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 400 ਸਾਲਾ ਪ੍ਰਕਾਸ਼ ਪੁਰਬ ਅਤੇ ਸ਼ਹੀਦ ਭਾਈ ਤਾਰੂ ਸਿੰਘ ਜੀ ਦੇ 300 ਸਾਲਾ ਜਨਮ ਦਿਹਾੜੇ ਨੂੰ ਸਮਰਪਿਤ ਮਾਣਯੋਗ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਅਤੇ ਪ੍ਰਧਾਨ ਸ਼੍ਰੋਮਣੀ ਕਮੇਟੀ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਜ਼ਿਲ੍ਹਾ ਮੋਗਾ ਦੇ ਪਿੰਡ ਭਾਗੀਕੇ ਵਿਖੇ ਆਨਲਾਇਨ ਗੁਰਮਤਿ ਕੈਂਪ ਲਗਾਇਆ ਗਿਆ। ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਗੁਰਮੇਲ ਸਿੰਘ ਸੰਗਤਪੁਰਾ ਦੇ ਵਿਸ਼ੇਸ਼ ਸਹਿਯੋਗ ਨਾਲ ਲਗਾਏ ਗਏ ਇਸ ਗੁਰਮਤਿ ਕੈਂਪ ਵਿਚ ਪਹਿਲੀ ਜਮਾਤ ਤੋਂ ਬਾਰਵੀਂ ਜਮਾਤ ਤੱਕ ਦੇ ਬੱਚਿਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ। ਕੈਂਪ ਦੌਰਾਨ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਬਲਵਿੰਦਰ ਸਿੰਘ ਭਾਗੀਕੇ, ਭਾਈ ਜਗਸੀਰ ਸਿੰਘ ਰੌਂਤਾ ਤੇ ਢਾਡੀ ਭਾਈ ਗੁਰਦੀਪ ਸਿੰਘ ਚੱਕ ਭਾਈ ਨੇ ਬੱਚਿਆਂ ਨੂੰ ਗੁਰਬਾਣੀ ਤੇ ਗੁਰ ਇਤਿਹਾਸ ਦੀ ਜਾਣਕਾਰੀ ਦਿੱਤੀ। ਇਸ ਸਮੇਂ ਧਾਰਮਿਕ ਮੁਕਾਬਲੇ ਕਰਵਾਏ ਗਏ। ਭਾਗ ਲੈਣ ਵਾਲੇ ਬੱਚਿਆਂ ਨੂੰ ਧਰਮ ਪ੍ਰਚਾਰ ਕਮੇਟੀ ਵੱਲੋਂ ਪ੍ਰਮਾਣ ਪੱਤਰ ਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸ. ਹਰਦਿਆਲ ਸਿੰਘ, ਸ. ਨਾਜਰ ਸਿੰਘ, ਜਥੇਦਾਰ ਮੁਖਤਿਆਰ ਸਿੰਘ, ਸ. ਹਰਦਿਆਲ ਸਿੰਘ ਪ੍ਰਧਾਨ, ਡਾ. ਕੇਵਲ ਸਿੰਘ ਆਦਿ ਹਾਜਰ ਸਨ।

ਮੁੱਖ ਸੰਪਾਦਕ:
ਮਹਿੰਦਰ ਸਿੰਘ ਆਹਲੀ
ਸਹਾਇਕ:
ਜਗਤਾਰ ਸਿੰਘ ਖੋਦੇਬੇਟ
ਪ੍ਰਕਾਸ਼ਕ:
ਸਕੱਤਰ, ਧਰਮ ਪ੍ਰਚਾਰ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।
ਛਾਪਕ:
ਗੋਲਡਨ ਆਫਸੈੱਟ ਪ੍ਰੈਸ,
ਗੁਰਦੁਆਰਾ ਰਾਮਸਰ ਸਾਹਿਬ,
ਸ੍ਰੀ ਅੰਮ੍ਰਿਤਸਰ ਸਾਹਿਬ।

# ਭਾਈ ਲੌਂਗੋਵਾਲ ਦੀ ਅਗਵਾਈ 'ਚ ਹੋਈ ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਨੇ ਲਏ ਅਹਿਮ ਫੈਸਲੇ

## ਪਾਵਨ ਸਰੂਪਾਂ ਦੇ ਮਾਮਲੇ 'ਚ ਜਾਂਚ ਕਮਿਸ਼ਨ ਦੀ ਰਿਪੋਰਟ ਕੀਤੀ ਜਨਤਕ



ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਵੱਲੋਂ ਪਬਲੀਕੇਸ਼ਨ ਵਿਭਾਗ ਵਿੱਚੋਂ ਘੱਟ ਪਾਏ ਗਏ ਪਾਵਨ ਸਰੂਪਾਂ ਸਬੰਧੀ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਵੱਲੋਂ ਡਾ. ਈਸ਼ਰ ਸਿੰਘ ਦੀ ਅਗਵਾਈ ਵਿਚ ਬਣਾਏ ਗਏ ਜਾਂਚ ਕਮਿਸ਼ਨ ਦੀ ਰਿਪੋਰਟ ਜਨਤਕ ਕਰ ਦਿੱਤੀ ਗਈ ਹੈ। ਇਹ ਜਾਂਚ ਰਿਪੋਰਟ ਸ਼੍ਰੋਮਣੀ ਕਮੇਟੀ ਦੀ ਵੈੱਬਸਾਈਟ 'ਤੇ ਵੀ ਉਪਲੱਬਧ ਹੋਵੇਗੀ। ਇਸ ਤੋਂ ਇਲਾਵਾ ਅੰਤ੍ਰਿੰਗ ਕਮੇਟੀ ਨੇ ਸਾਲਾਨਾ ਬਜਟ ਇਜਲਾਸ 28 ਸਤੰਬਰ ਨੂੰ ਸੱਦਣ ਦਾ ਫੈਸਲਾ ਕੀਤਾ ਹੈ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਇਕੱਤਰਤਾ ਮਗਰੋਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪਿਛਲੇ ਸਮੇਂ ਦੌਰਾਨ ਸ਼੍ਰੋਮਣੀ ਕਮੇਟੀ ਦੇ ਕੁਝ ਕਰਮਚਾਰੀਆਂ ਵੱਲੋਂ ਬੇਨਿਯਮੀਆਂ ਅਤੇ ਗੈਰ-ਜ਼ੁੰਮੇਵਰਾਨਾ ਢੰਗ ਨਾਲ ਡਿਊਟੀਆਂ ਕਰਨ ਕਰਕੇ ਸ਼੍ਰੋਮਣੀ ਕਮੇਟੀ ਨੂੰ ਚਿੰਤਾਜਨਕ ਹਲਾਤਾਂ ਦਾ ਸਾਹਮਣਾ ਕਰਨਾ ਪਿਆ ਹੈ। ਪਾਵਨ ਸਰੂਪਾਂ ਸਬੰਧੀ ਰਿਕਾਰਡ ਵਿਚ ਵਾਧੇ ਘਾਟੇ ਕਾਰਨ ਮੰਦਭਾਗੀ ਚਰਚਾ ਚੱਲ ਰਹੀ ਹੈ। ਭਾਈ ਲੌਂਗੋਵਾਲ ਨੇ ਕਿਹਾ ਕਿ ਮੈਂ ਮਹਿਸੂਸ ਕਰਦਾ ਹਾਂ ਕਿ ਇਸ ਕਾਰਨ ਸਮੁੱਚੇ ਗੁਰੂ ਨਾਨਕ ਨਾਮ ਲੇਵਾ ਸਿੱਖਾਂ ਦੇ ਮਨ ਨੂੰ ਭਾਰੀ ਠੇਸ ਪਹੁੰਚੀ ਹੈ। ਇਸ ਲਈ ਮੈਂ ਜਾਤੀ ਤੌਰ 'ਤੇ ਨਿਰਮਤਾ ਸਹਿਤ ਸਮੁੱਚੀਆਂ ਸਿੱਖ ਸੰਗਤਾਂ ਤੋਂ ਖਿਮਾ ਮੰਗਦਾ ਹਾਂ। ਉਨ੍ਹਾਂ ਕਿਹਾ ਕਿ ਮੈਂ ਵਿਸ਼ਵਾਸ ਦਵਾਉਂਦਾ ਹਾਂ ਕਿ ਇਸ ਸਮੇਂ ਦੌਰਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਨਾ ਹੀ ਗਾਇਬ ਹੋਏ ਤੇ ਨਾ ਹੀ ਕਿਸੇ ਤਰ੍ਹਾਂ ਦੀ ਕੋਈ ਬੇਅਦਬੀ ਹੋਈ। ਸਬੰਧਤ ਕਰਮਚਾਰੀਆਂ ਵੱਲੋਂ ਜੋ ਪਾਵਨ ਸਰੂਪ ਸੰਗਤਾਂ ਨੂੰ ਦਿੱਤੇ ਜਾਂਦੇ ਰਹੇ, ਲਾਲਚ ਵੱਸ ਉਸ ਦੀ ਭੇਟਾ ਜਮ੍ਹਾਂ ਨਹੀਂ ਕਰਵਾਈ ਗਈ ਅਤੇ ਉਸ ਨੂੰ ਰਿਕਾਰਡ ਵਿਚ ਵੀ ਦਰਜ਼ ਨਹੀਂ ਕੀਤਾ ਗਿਆ। ਨਿੱਜੀ ਹਿੱਤਾਂ ਲਈ ਹੀ ਦੋਸ਼ੀ ਕਰਮਚਾਰੀ ਅਜਿਹਾ ਕਰਦੇ ਰਹੇ, ਜਿਸ ਦਾ ਜ਼ਿਕਰ ਜਾਂਚ ਕਮਿਸ਼ਨ ਦੀ ਰਿਪੋਰਟ ਵਿਚ ਦਰਜ਼ ਹੈ।

ਉਨ੍ਹਾਂ ਵਿਸ਼ਵਾਸ ਦਵਾਉਂਦਿਆਂ ਕਿਹਾ ਕਿ ਜਿਸ ਉਦੇਸ਼ ਨੂੰ ਮੁੱਖ ਰੱਖ ਕੇ ਸ਼੍ਰੋਮਣੀ ਕਮੇਟੀ ਹੋਂਦ ਵਿਚ ਆਈ ਸੀ, ਉਸ ਸੋਚ 'ਤੇ ਪਹਿਰਾ ਦਿੰਦਿਆਂ ਬੇਨਿਯਮੀਆਂ ਕਰਨ ਵਾਲੇ ਕਰਮਚਾਰੀਆਂ ਨੂੰ ਸ਼੍ਰੋਮਣੀ ਕਮੇਟੀ ਦੇ ਐਕਟ ਅਧੀਨ ਅਦਾਰੇ ਵਿਚ ਰਹਿੰਦਿਆਂ ਪੰਥਕ ਪ੍ਰੰਪਰਾਵਾਂ ਅਤੇ ਰਵਾਇਤਾਂ ਦੇ ਅਨੁਕੂਲ ਸਖ਼ਤ ਸਜ਼ਾ ਦਿੱਤੀ ਜਾਵੇਗੀ, ਤਾਂ ਜੋ ਅੱਗੇ ਤੋਂ ਕੋਈ ਅਜਿਹੀ ਹਿੰਮਤ ਨਾ ਕਰੇ। ਉਨ੍ਹਾਂ ਕਿਹਾ ਕਿ ਅੰਤ੍ਰਿੰਗ ਕਮੇਟੀ ਨੇ ਫੈਸਲਾ ਕੀਤਾ ਹੈ ਕਿ ਸ਼੍ਰੋਮਣੀ ਕਮੇਟੀ ਅਤੇ ਸ੍ਰੀ ਦਰਬਾਰ ਸਾਹਿਬ ਦੇ ਕੰਮ ਕਾਰ ਵਿਚ ਕਿਸੇ ਨੂੰ ਵੀ ਦਖ਼ਲ ਦੀ ਆਗਿਆ ਨਹੀਂ ਦਿੱਤੀ ਜਾਵੇਗੀ। ਸ਼੍ਰੋਮਣੀ ਕਮੇਟੀ ਇਕ ਅਜ਼ਾਦ ਹਸਤੀ ਹੈ ਅਤੇ ਆਪਣੇ ਫੈਸਲੇ ਆਪ ਲੈਣ ਦੇ ਸਮਰੱਥ ਹੈ। ਉਨ੍ਹਾਂ ਕਿਹਾ ਕਿ ਸਮੁੱਚੇ ਵਰਤਾਰੇ ਕਾਰਨ ਖਾਲਸਾ ਪੰਥ ਨੂੰ ਪੀੜਾ ਵਿੱਚੋਂ ਗੁਜਰਨਾ ਪਿਆ ਹੈ, ਜਿਸ ਨੂੰ ਮਹਿਸੂਸ ਕਰਦਿਆਂ ਸਿੱਖ ਵਿਦਵਾਨਾਂ, ਮਹਾਂਪੁਰਖਾਂ, ਧਾਰਮਿਕ ਜਥੇਬੰਦੀਆਂ ਅਤੇ ਕਮੇਟੀਆਂ ਵੱਲੋਂ ਦਿੱਤੇ ਸੁਝਾਵਾਂ ਤੇ ਵਿਚਾਰਾਂ ਨੂੰ ਅਮਲ ਵਿਚ ਲਿਆਂਦਾ ਜਾਵੇਗਾ। ਉਨ੍ਹਾਂ ਕਿਹਾ ਕਿ ਜਾਂਚ ਰਿਪੋਰਟ ਵਿਚ ਪ੍ਰਬੰਧ ਸਬੰਧੀ ਜੋ ਕਮੀਆਂ ਵੱਲ ਸੰਕੇਤ ਕੀਤਾ ਗਿਆ ਹੈ ਉਨ੍ਹਾਂ ਨੂੰ ਦੂਰ ਕੀਤਾ ਜਾਵੇਗਾ, ਤਾਂ ਕਿ ਅੱਗੇ ਤੋਂ ਪ੍ਰਬੰਧ ਨੂੰ ਸੁਚਾਰੂ ਢੰਗ ਨਾਲ ਚਲਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਪਾਵਨ ਸਰੂਪਾਂ ਦੇ ਮਾਮਲੇ ਨਾਲ ਸਬੰਧਤ ਹਰ ਦੋਸ਼ੀ ਨੂੰ ਸਖ਼ਤ ਸਜ਼ਾ ਦੇਣ ਲਈ ਪਾਬੰਦ ਹੈ, ਪਰੰਤੂ ਅਫ਼ਸੋਸ ਇਸ ਗੱਲ ਦਾ ਹੈ ਕਿ ਇਸ ਨਾਜ਼ੁਕ ਮਾਮਲੇ 'ਤੇ ਪਿਛਲੇ ਦਿਨਾਂ ਤੋਂ ਕੁਝ ਲੋਕ ਨੀਵੇਂ ਪੱਧਰ ਦੀ ਸਿਆਸਤ ਕਰ ਰਹੇ ਹਨ, ਜੋ ਨਹੀਂ ਹੋਣੀ ਚਾਹੀਦੀ।

ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਦੌਰਾਨ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਰਹੇ ਸ. ਸੱਜਣ ਸਿੰਘ ਬੱਜੂਮਾਨ, ਸਾਬਕਾ ਮੈਂਬਰ ਸ਼੍ਰੋਮਣੀ ਕਮੇਟੀ ਸ. ਚੇਤੰਨ ਸਿੰਘ ਸਮਾਓ ਅਤੇ ਸਾਬਕਾ ਮੁੱਖ ਸਕੱਤਰ ਸ. ਹਰਚਰਨ ਸਿੰਘ ਦੇ ਅਕਾਲ ਚਲਾਣੇ 'ਤੇ ਸ਼ੋਕ ਮਤੇ ਵੀ ਪੜ੍ਹੇ ਗਏ। ਇਕੱਤਰਤਾ ਵਿਚ ਭਾਈ ਗੋਬਿੰਦ ਸਿੰਘ ਲੌਂਗੋਵਾਲ ਤੋਂ ਇਲਾਵਾ ਸੀਨੀਅਰ ਮੀਤ ਪ੍ਰਧਾਨ ਭਾਈ ਰਜਿੰਦਰ ਸਿੰਘ ਮਹਿਤਾ, ਜੂਨੀਅਰ ਮੀਤ ਪ੍ਰਧਾਨ ਸ. ਗੁਰਬਖ਼ਸ਼ ਸਿੰਘ ਖ਼ਾਲਸਾ, ਜਨਰਲ ਸਕੱਤਰ ਸ. ਹਰਜਿੰਦਰ ਸਿੰਘ ਧਾਮੀ, ਅੰਤ੍ਰਿੰਗ ਮੈਂਬਰ ਸ. ਜਗਸੀਰ ਸਿੰਘ ਮਾਂਗੇਆਣਾ, ਸ. ਗੁਰਪਾਲ ਸਿੰਘ ਗੋਰਾ, ਸ. ਭੁਪਿੰਦਰ ਸਿੰਘ ਅਸੰਧ, ਸ. ਅਮਰਜੀਤ ਸਿੰਘ ਭਲਾਈਪੁਰ, ਸ. ਮੰਗਵਿੰਦਰ ਸਿੰਘ ਖਾਪੜਖੇੜੀ, ਸ. ਸੁਰਜੀਤ ਸਿੰਘ ਕੰਗ, ਸ. ਸ਼ੇਰ ਸਿੰਘ ਮੰਡਵਾਲਾ, ਸ. ਇੰਦਰਮੋਹਨ ਸਿੰਘ ਲਖਮੀਰਵਾਲਾ, ਬੀਬੀ ਕੁਲਦੀਪ ਕੌਰ ਟੌਹੜਾ, ਬੀਬੀ ਪਰਮਜੀਤ ਕੌਰ, ਸਕੱਤਰ ਸ. ਮਹਿੰਦਰ ਸਿੰਘ ਆਹਲੀ, ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ, ਸ. ਪ੍ਰਤਾਪ ਸਿੰਘ, ਸ਼੍ਰੋਮਣੀ ਕਮੇਟੀ ਦੇ ਬੁਲਾਰੇ ਸ. ਕੁਲਵਿੰਦਰ ਸਿੰਘ ਰਮਦਾਸ, ਮੀਤ ਸਕੱਤਰ ਸ. ਗੁਰਰਿੰਦਰ ਸਿੰਘ ਮਥਰੇਵਾਲ, ਸ. ਹਰਜਿੰਦਰ ਸਿੰਘ ਕੈਰੋਂਵਾਲ, ਸ. ਮੁਖਤਾਰ ਸਿੰਘ ਮੈਨੇਜਰ, ਸ. ਮਲਕੀਤ ਸਿੰਘ ਬਹਿੜਵਾਲ ਸੁਪ੍ਰਿੰਟੈਂਡੈਂਟ, ਸ. ਦਰਸ਼ਨ ਸਿੰਘ ਪੀ.ਏ. ਆਦਿ ਮੌਜੂਦ ਸਨ।

# ਸ਼੍ਰੋਮਣੀ ਕਮੇਟੀ ਕਿਸਾਨਾਂ ਦੇ ਹਰ ਸੰਘਰਸ਼ ਵਿਚ ਸਾਥ ਦੇਵੇਗੀ- ਭਾਈ ਲੌਂਗੋਵਾਲ

## ਕਿਸਾਨਾਂ ਦੇ ਧਰਨਿਆਂ ਦੌਰਾਨ ਗੁਰੂ ਘਰਾਂ ਤੋਂ ਭੇਜਿਆ ਜਾ ਰਿਹਾ ਲੰਗਰ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਐਲਾਨ ਕੀਤਾ ਹੈ ਕਿ ਕਿਸਾਨਾਂ ਵੱਲੋਂ ਆਰੰਭੇ ਗਏ ਸੰਘਰਸ਼ ਵਿਚ ਹਰ ਪੱਧਰ 'ਤੇ ਸ਼੍ਰੋਮਣੀ ਕਮੇਟੀ ਸਾਥ ਦੇਵੇਗੀ। ਭਾਈ ਲੌਂਗੋਵਾਲ ਨੇ ਆਖਿਆ ਕਿ ਭਾਰਤ ਸਰਕਾਰ ਵੱਲੋਂ ਕਿਸਾਨ ਵਿਰੋਧੀ ਬਿੱਲਾਂ ਨਾਲ ਕਿਸਾਨਾਂ ਅੰਦਰ ਭਾਰੀ ਰੋਸ ਦੀ ਭਾਵਨਾ ਬਣੀ ਹੋਈ ਹੈ ਅਤੇ ਇਸ ਸੰਘਰਸ਼ ਦੌਰਾਨ ਸ਼੍ਰੋਮਣੀ ਕਮੇਟੀ ਹਰ ਪੱਧਰ 'ਤੇ ਕਿਸਾਨਾਂ ਦੇ ਨਾਲ ਹੈ। ਉਨ੍ਹਾਂ ਕਿਹਾ ਕਿ 25 ਸਤੰਬਰ ਨੂੰ ਕਿਸਾਨਾਂ ਵੱਲੋਂ ਕੀਤੇ ਗਏ ਬੰਦ ਸਮੇਂ ਸ਼੍ਰੋਮਣੀ ਕਮੇਟੀ ਦੇ ਦਫ਼ਤਰ ਬੰਦ ਰੱਖੇ ਗਏ ਸਨ ਅਤੇ ਅੱਗੋਂ ਵੀ ਕਿਸਾਨਾਂ ਦੀ ਹਮਾਇਤ ਜਾਰੀ ਰਹੇਗੀ। ਉਨ੍ਹਾਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਹੇਠਲੇ ਸਾਰੇ ਗੁਰਦੁਆਰਾ ਸਾਹਿਬਾਨ ਤੋਂ ਕਿਸਾਨ ਧਰਨਿਆਂ ਵਿਚ ਲੰਗਰ ਭੇਜਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਹ ਲੜਾਈ ਇਕੱਲੇ ਕਿਸਾਨਾਂ ਦੀ ਨਹੀਂ ਹੈ, ਸਗੋਂ ਹਰ ਵਰਗ ਦੀ ਹੈ। ਕਿਉਂਕਿ ਕਿਸਾਨੀ ਦੇਸ਼ ਦੀ ਰੀੜ ਦੀ ਹੱਡੀ ਹੈ ਅਤੇ ਦੇਸ਼ ਦਾ ਹਰ ਬਸ਼ਿੰਦਾ ਸਿੱਧੇ-ਅਸਿੱਧੇ ਤਰੀਕੇ ਨਾਲ ਕਿਸਾਨੀ ਨਾਲ ਜੁੜਿਆ ਹੋਇਆ ਹੈ। ਜੇਕਰ ਦੇਸ਼ ਦੀ ਕਿਸਾਨੀ ਹੀ ਬਰਬਾਦ ਕਰ ਦਿੱਤੀ ਗਈ ਤਾਂ ਦੇਸ਼ ਦਾ ਪਿੱਛੇ ਜਾਣਾ ਲਾਜ਼ਮੀ ਹੈ। ਉਨ੍ਹਾਂ ਕਿਹਾ ਕਿ ਭਾਰਤ ਸਰਕਾਰ ਵੱਲੋਂ ਕਿਸਾਨ ਵਿਰੋਧੀ ਕਾਲੇ ਬਿੱਲਾਂ ਨਾਲ ਪੰਜਾਬ ਨੂੰ ਸਭ ਤੋਂ ਵੱਡਾ ਨੁਕਸਾਨ ਹੋਵੇਗਾ, ਕਿਉਂਕਿ ਪੰਜਾਬ ਮੁੱਖ ਤੌਰ 'ਤੇ ਖੇਤੀ ਅਧਾਰਿਤ ਸੂਬਾ ਹੈ। ਕੇਂਦਰ ਸਰਕਾਰ ਦਾ ਇਹ ਕਿਸਾਨ ਮਾਰੂ ਫੈਸਲਾ ਕਿਸੇ ਤਰ੍ਹਾਂ ਵੀ ਪ੍ਰਵਾਨ ਨਹੀਂ ਕੀਤਾ ਜਾ ਸਕਦਾ। ਇਸ ਸੰਕਟਮਈ ਸਮੇਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਕਿਸਾਨ ਸੰਘਰਸ਼ ਵਿਚ ਹਰ ਤਰ੍ਹਾਂ ਨਾਲ ਹੈ ਅਤੇ ਕਿਸਾਨਾਂ ਦਾ ਹਰ ਪੱਧਰ 'ਤੇ ਸਾਥ ਦਿੱਤਾ

# ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਲੌਂਗੋਵਾਲ ਨੇ ਹਰ ਤਰ੍ਹਾਂ ਦੇ ਨਸ਼ਿਆਂ 'ਤੇ ਮੁਕੰਮਲ ਪਾਬੰਦੀ ਦੀ ਕੀਤੀ ਮੰਗ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਪੰਜਾਬ ਅੰਦਰ ਸ਼ਰਾਬ ਦੇ ਸੇਵਨ ਨਾਲ ਹੋਈਆਂ ਇੱਕ ਸੌ ਤੋਂ ਵੱਧ ਮੌਤਾਂ 'ਤੇ ਚਿੰਤਾ ਪ੍ਰਗਟ ਕਰਦਿਆਂ ਹਰ ਤਰ੍ਹਾਂ ਦੇ ਨਸ਼ਿਆਂ 'ਤੇ ਪਾਬੰਦੀ ਲਗਾਉਣ ਦੀ ਮੰਗ ਕੀਤੀ ਹੈ। ਇਥੇ ਜਾਰੀ ਇੱਕ ਪ੍ਰੈਸ ਬਿਆਨ ਵਿਚ ਭਾਈ ਲੌਂਗੋਵਾਲ ਨੇ ਆਖਿਆ ਕਿ ਸਰਕਾਰੀ ਤੌਰ 'ਤੇ ਨਸ਼ਾ ਭਾਵੇਂ ਜਾਇਜ਼ ਮੰਨਿਆਂ ਜਾਂਦਾ ਹੋਵੇ ਜਾਂ ਨਜਾਇਜ਼ ਇਸ 'ਤੇ ਰੋਕ ਲੱਗਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਗੁਰੂ ਸਾਹਿਬਾਨ ਦੀ ਧਰਤੀ ਹੈ, ਇਥੇ ਅੰਮ੍ਰਿਤਮਈ ਵਿਚਾਰਧਾਰਾ ਪ੍ਰਵਾਨ ਚੜ੍ਹੀ ਹੈ। ਇਸ ਧਰਤੀ ਤੇ ਨਸ਼ਿਆਂ ਦਾ ਬੋਲਬਾਲਾ ਇਥੋਂ ਦੇ ਇਤਿਹਾਸਕ ਤੇ ਧਾਰਮਿਕ ਖਾਸੇ ਦੇ ਵਿਰੁੱਧ ਹੈ। ਗੁਰੂਆਂ ਦੀ ਧਰਤੀ ਉਤੇ ਨਸ਼ਿਆਂ ਨਾਲ ਮੌਤਾਂ ਇੱਕ ਵੱਡਾ ਸਵਾਲ ਹੈ। ਭਾਈ ਲੌਂਗੋਵਾਲ ਨੇ ਸ਼ਰਾਬ ਕਾਰਨ ਮਰਨ ਵਾਲਿਆਂ ਦੇ ਪਰਵਾਰਾਂ ਨਾਲ ਹਮਦਰਦੀ ਪ੍ਰਗਟ ਕਰਦਿਆਂ ਕੈਪਟਨ ਸਰਕਾਰ ਦੀ ਕਾਰਜਸ਼ੈਲੀ 'ਤੇ ਵੀ ਤਿੱਖੇ ਸਵਾਲ ਚੁੱਕੇ ਹਨ। ਉਨ੍ਹਾਂ ਮੁੱਖ ਮਤਰੀ ਕੈਪਟਨ ਅਮਰਿੰਦਰ ਸਿੰਘ ਨੂੰ ਸਵਾਲ ਕੀਤਾ ਕਿ ਇਹ ਕਿਹੋ ਜਿਹੀ ਲੋਕਾਂ ਦੀ ਨੁਮਾਇੰਦਗੀ ਹੈ ਜੋ ਲੋਕਾਂ ਦੀ ਹੀ ਜਾਨ ਦੀ ਦੁਸ਼ਮਣ ਬਣੀ ਹੋਈ ਹੈ। ਸ਼ਰੇਆਮ ਨਸ਼ਿਆਂ ਦੇ ਸੌਦਾਗਰ ਲੋਕਾਂ ਦੀਆਂ ਜਾਨਾਂ ਨਾਲ ਖੇਡ ਰਹੇ ਹਨ ਅਤੇ ਪੰਜਾਬ ਦੀ ਸਰਕਾਰ ਸੁੱਤੀ ਹੋਈ ਹੈ। ਉਨ੍ਹਾਂ ਕਿਹਾ ਕਿ ਇਹ ਸਰਕਾਰ ਦੀ ਵੱਡੀ ਨਲਾਇਕੀ ਹੈ, ਜਿਸ ਦੀ ਜ਼ਿੰਮੇਵਾਰੀ ਮੁੱਖ ਮੰਤਰੀ ਹੋਣ ਨਾਤੇ ਕੈਪਟਨ ਅਮਰਿੰਦਰ ਸਿੰਘ ਨੂੰ ਖੁਦ ਲੈਣੀ ਚਾਹੀਦੀ ਹੈ। ਇਸ ਦੇ ਨਾਲ ਹੀ ਭਾਈ ਲੌਂਗੋਵਾਲ ਨੇ ਕਿਹਾ ਕਿ ਮੌਤ ਦੇ ਇਨ੍ਹਾਂ ਵਪਾਰੀਆਂ ਦੀ ਪੁਸ਼ਤਪਨਾਹੀ ਕਰਨ ਵਾਲੇ ਰਾਜਸੀ ਲੋਕਾਂ ਦੀਆਂ ਚਰਚਾਵਾਂ ਦੀ ਵੀ ਜਾਂਚ ਹੋਣੀ ਚਾਹੀਦੀ ਹੈ।

ਉਨ੍ਹਾਂ ਮੰਗ ਕੀਤੀ ਕਿ ਸਾਰੇ ਮਾਮਲੇ ਦੀ ਜਾਂਚ ਹਾਈ ਕੋਰਟ ਦੇ ਮੌਜੂਦਾ ਜੱਜ ਪਾਸੋਂ ਕਰਵਾਈ ਜਾਵੇ, ਕਿਉਂਕਿ ਸ਼ਰਾਬ ਕਾਰਨ ਹੋਈਆਂ ਮੌਤਾਂ ਕੋਈ ਛੋਟੀ ਘਟਨਾ ਨਹੀਂ ਹੈ ਅਤੇ ਜੇਕਰ ਇਸ ਪਿੱਛੇ ਕੰਮ ਕਰਦਾ ਮਾਫੀਆ ਜਨਤਕ ਨਾ ਹੋਇਆ ਤਾਂ ਭਵਿੱਖ ਵਿਚ ਪੰਜਾਬ ਨੂੰ ਬਰਬਾਦ ਕਰਨ ਵਾਲੇ ਅਜਿਹੇ ਹੋਰ ਹਾਦਸੇ ਵਾਪਰਨ ਦੇ ਖਦਸ਼ਿਆਂ ਨੂੰ ਨਕਾਰਿਆ ਨਹੀਂ ਜਾ ਸਕਦਾ। ਭਾਈ ਲੌਂਗੋਵਾਲ ਨੇ ਪੰਜਾਬ ਦੇ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਨਸ਼ਿਆਂ ਦੇ ਦੈਂਤ ਤੋਂ ਦੂਰ ਰਹਿਣ। ਉਨ੍ਹਾਂ ਕਿਹਾ ਕਿ ਨਸ਼ੇ ਸਾਡੇ ਦੁਸ਼ਮਣ ਹਨ ਤੇ ਸਭ ਨੂੰ ਰਲ ਕੇ ਇਨ੍ਹਾਂ 'ਤੇ ਰੋਕ ਲਗਾਉਣ ਲਈ ਲਹਿਰ ਸਿਰਜਣੀ ਚਾਹੀਦੀ ਹੈ।

# ਸਿਹਤ ਕਾਮੇ ਸ. ਮਸਤਾਨ ਸਿੰਘ ਦੇ ਕੇਸਾਂ ਤੇ ਦਸਤਾਰ ਦੀ ਬੇਅਦਬੀ ਕਰਨ ਵਾਲਿਆਂ ਨੂੰ ਮਿਲੇ ਸਖ਼ਤ ਸਜ਼ਾ- ਭਾਈ ਲੌਂਗੋਵਾਲ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਲੁਧਿਆਣਾ ਜ਼ਿਲ੍ਹੇ 'ਚ ਪੀ.ਐਚ.ਸੀ. ਮਲੌਦ ਦੇ ਸਿਹਤ ਕਾਮੇ ਸ. ਮਸਤਾਨ ਸਿੰਘ ਦੀ ਸਥਾਨਕ ਇੱਕ ਡੇਰੇ ਵਿਚ ਕੁਝ ਲੋਕਾਂ ਵੱਲੋਂ ਕੁੱਟਮਾਰ ਕਰਨ, ਉਸ ਦੀ ਦਸਤਾਰ ਉਤਾਰਨ ਅਤੇ ਕੇਸਾਂ ਦੀ ਤੌਹੀਨ ਕਰਨ ਦੀ ਸਖ਼ਤ ਸ਼ਬਦਾਂ ਵਿਚ ਨਿੰਦਾ ਕੀਤੀ ਹੈ। ਭਾਈ ਲੌਂਗੋਵਾਲ ਨੇ ਕਿਹਾ ਕਿ ਇੱਕ ਸਿੱਖ ਦੀ ਦਸਤਾਰ ਅਤੇ ਕੇਸਾਂ ਦੀ ਬੇਅਦਬੀ ਬਰਦਾਸ਼ਤਯੋਗ ਨਹੀਂ ਹੈ। ਇਸ ਘਟਨਾਂ ਦੇ ਸਾਰੇ ਦੋਸ਼ੀਆਂ ਨੂੰ ਤੁਰੰਤ ਗ੍ਰਿਫਤਾਰ ਕਰਕੇ ਸਖ਼ਤ ਸਜ਼ਾਵਾਂ ਦਿੱਤੀਆਂ ਜਾਣ। ਉਨ੍ਹਾਂ ਕਿਹਾ ਕਿ ਭਾਵੇਂ ਕੁਝ ਦੋਸ਼ੀ ਗ੍ਰਿਫਤਾਰ ਕਰ ਲਏ ਗਏ ਹਨ, ਪਰੰਤੂ ਅਜੇ ਵੀ ਕਈ ਲੋਕ ਪੁਲਿਸ ਦੀ ਗ੍ਰਿਫਤ ਤੋਂ ਬਾਹਰ ਹਨ। ਉਨ੍ਹਾਂ ਕਿਹਾ ਕਿ ਹਰ ਦੋਸ਼ੀ ਵਿਅਕਤੀ ਨੂੰ ਗ੍ਰਿਫਤਾਰ ਕੀਤਾ ਜਾਵੇ ਅਤੇ ਬਣਦੀਆਂ ਧਰਾਵਾਂ ਤਹਿਤ ਕਾਰਵਾਈ ਹੋਵੇ। ਭਾਈ ਲੌਂਗੋਵਾਲ ਨੇ ਕਿਹਾ ਕਿ ਕੋਵਿਡ-19 ਦੌਰਾਨ ਮੋਹਰਲੀ ਕਤਾਰ ਵਿਚ ਡਿਊਟੀ ਨਿਭਾਉਣ ਵਾਲੇ ਕਰਮਚਾਰੀਆਂ ਨਾਲ ਅਜਿਹਾ ਦੁਰਵਿਹਾਰ ਅਨੈਤਿਕ ਹੋਣ ਦੇ ਨਾਲ-ਨਾਲ ਪ੍ਰਸਾਸ਼ਨ ਲਈ ਵੀ ਵੱਡਾ ਸਵਾਲ ਹੈ। ਉਨ੍ਹਾਂ ਕਿਹਾ ਕਿ ਮੌਜੂਦਾ ਸੰਕਟ ਦੌਰਾਨ ਆਪਣੀ ਜਾਨ ਜ਼ੋਖਮ ਵਿਚ ਪਾ ਕੇ ਸਿਹਤ ਵਿਭਾਗ ਦੇ ਕਰਮਚਾਰੀ ਸੇਵਾ ਨਿਭਾ ਰਹੇ ਹਨ, ਪਰੰਤੂ ਅਜਿਹੀਆਂ ਮੰਦਭਾਗੀਆਂ ਘਟਨਾਵਾਂ ਨਾਲ ਉਨ੍ਹਾਂ ਦਾ ਮਨੋਬਲ ਕਾਇਮ ਨਹੀਂ ਰਹਿ ਸਕੇਗਾ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਪੰਜਾਬ ਦੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨੂੰ ਅਪੀਲ ਕੀਤੀ ਕਿ ਹੈਲਥ ਵਰਕਰ ਸ. ਮਸਤਾਨ ਸਿੰਘ ਨਾਲ ਬਦਸਲੂਕੀ ਕਰਨ ਵਾਲੇ ਲੋਕਾਂ 'ਤੇ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਦੇ ਮਾਮਲੇ ਵਿਚ ਸਖ਼ਤ ਸਜ਼ਾਵਾਂ ਦਿੱਤੀਆਂ ਜਾਣ, ਤਾਂ ਜੋ ਅੱਗੇ ਤੋਂ ਕੋਈ ਵੀ ਅਜਿਹਾ ਕਰਨ ਦੀ ਹਿੰਮਤ ਨਾ ਕਰ ਸਕੇ। ਉਨ੍ਹਾਂ ਕਿਹਾ ਕਿ ਦੋਸ਼ੀ ਕਿਸੇ ਵੀ ਤਰ੍ਹਾਂ ਬਖਸ਼ੇ ਨਹੀਂ ਜਾਣੇ ਚਾਹੀਦੇ ਅਤੇ ਪੀੜਤ ਨੂੰ ਮੁਕੰਮਲ ਨਿਆਂ ਮਿਲਣਾ ਚਾਹੀਦਾ ਹੈ।

ਇਸੇ ਦੌਰਾਨ ਸ਼੍ਰੋਮਣੀ ਕਮੇਟੀ ਦੇ ਮੈਂਬਰਾਂ ਨੇ ਡੇਹਲੋਂ ਹਸਪਤਾਲ ਵਿਖੇ ਜੇਰੇ ਇਲਾਜ ਪੀੜਤ ਸਿਹਤ ਕਾਮੇ ਸ. ਮਸਤਾਨ ਸਿੰਘ ਦਾ ਹਾਲ ਜਾਣਿਆ ਅਤੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਹਰ ਤਰ੍ਹਾਂ ਦੀ ਮੱਦਦ ਦਾ ਭਰੋਸਾ ਦਿੱਤਾ। ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਭੇਜੇ ਗਏ ਇਸ ਵਫਦ ਵਿਚ ਸ਼੍ਰੋਮਣੀ ਕਮੇਟੀ ਦੇ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ, ਸ. ਹਰਪਾਲ ਸਿੰਘ ਜੱਲ੍ਹਾ ਤੇ ਭਾਈ ਚਰਨ ਸਿੰਘ ਆਲਮਗੀਰ ਸ਼ਾਮਲ ਸਨ। ਭਾਈ ਗਰੇਵਾਲ ਨੇ ਦੱਸਿਆ ਕਿ ਹੈਲਥ ਵਰਕਰ ਸ. ਮਸਤਾਨ ਸਿੰਘ ਭਾਰੀ ਸਦਮੇ ਵਿਚ ਹਨ ਅਤੇ ਉਸ ਨੂੰ ਇਨਸਾਫ ਮਿਲਣਾ ਚਾਹੀਦਾ ਹੈ। ਉਨ੍ਹਾਂ ਦੱਸਿਆ ਕਿ ਪੀੜਤ ਸਿੱਖ ਨੂੰ ਜਿਸ ਤਰ੍ਹਾਂ ਦੀ ਵੀ ਮੱਦਦ ਦੀ ਲੋੜ ਹੋਵੇਗੀ ਸ਼੍ਰੋਮਣੀ ਕਮੇਟੀ ਨਾਲ ਖੜੇਗੀ। ਉਨ੍ਹਾਂ ਕਿਹਾ ਕਿ ਸਿੱਖ ਦੇ ਧਾਰਮਿਕ ਚਿੰਨ੍ਹਾਂ ਦੀ ਬੇਅਦਬੀ ਕਰਨ ਵਾਲਿਆਂ ਨੂੰ ਸਜ਼ਾ ਅਤੇ ਪੀੜਤ ਨੂੰ ਇਨਸਾਫ਼ ਲਈ ਕੋਈ ਕਸਰ ਨਹੀਂ ਛੱਡੇਗੀ।

# ਜੰਮੂ ਕਸ਼ਮੀਰ ਭਾਸ਼ਾ ਬਿੱਲ 'ਚ ਪੰਜਾਬੀ ਨੂੰ ਸ਼ਾਮਲ ਕਰਨ ਲਈ ਭਾਈ ਲੌਂਗੋਵਾਲ ਨੇ ਸ੍ਰੀ ਨਰਿੰਦਰ ਮੋਦੀ ਨੂੰ ਲਿਖਿਆ ਪੱਤਰ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਜੰਮੂ ਕਸ਼ਮੀਰ ਦੀਆਂ ਸਰਕਾਰੀ ਭਾਸ਼ਾਵਾਂ ਦੀ ਸੂਚੀ ਵਿੱਚ ਪੰਜਾਬੀ ਭਾਸ਼ਾ ਨੂੰ ਸ਼ਾਮਲ ਕਰਨ ਲਈ ਭਾਰਤ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਨੂੰ ਪੱਤਰ ਲਿਖਿਆ ਹੈ। ਭਾਈ ਲੌਂਗੋਵਾਲ ਨੇ ਕਿਹਾ ਕਿ ਬੀਤੇ ਦਿਨੀਂ ਭਾਰਤ ਸਰਕਾਰ ਦੀ ਕੈਬਨਿਟ ਮੀਟਿੰਗ ਦੌਰਾਨ ਪ੍ਰਵਾਨ ਕੀਤੇ ਗਏ ਜੰਮੂ ਕਸ਼ਮੀਰ ਭਾਸ਼ਾ ਬਿੱਲ ਵਿੱਚੋਂ ਪੰਜਾਬੀ ਨੂੰ ਬਾਹਰ ਰੱਖਿਆ ਗਿਆ ਹੈ, ਜਿਸ ਕਾਰਨ ਸਿੱਖਾਂ ਅੰਦਰ ਰੋਸ ਹੈ। ਇਸ ਦੇ ਨਾਲ ਹੀ ਹੋਰ ਖੇਤਰੀ ਭਾਸ਼ਾਵਾਂ ਨੂੰ ਵੀ ਮਾਨਤਾ ਨਹੀਂ ਦਿੱਤੀ ਗਈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਦੇਸ਼ ਦੇ ਪ੍ਰਧਾਨ ਮੰਤਰੀ ਨੂੰ ਆਖਿਆ ਹੈ ਕਿ ਇਹ ਭਾਸ਼ਾ ਬਿੱਲ ਜੋ ਮਾਨਸੂਨ ਸੈਸ਼ਨ ਦੌਰਾਨ ਸੰਸਦ ਵਿਚ ਪੇਸ਼ ਕੀਤਾ ਜਾਣਾ ਹੈ, ਨੂੰ ਸੋਧਣ ਉਪਰੰਤ ਹੀ ਪਾਸ ਕੀਤਾ ਜਾਵੇ। ਸੰਸਦ ਵਿਚ ਬਿੱਲ 'ਤੇ ਮੋਹਰ ਲਗਾਉਣ ਤੋਂ ਪਹਿਲਾਂ ਇਸ ਵਿਚ ਪੰਜਾਬੀ ਅਤੇ ਹੋਰ ਖੇਤਰੀ ਭਾਸ਼ਾਵਾਂ ਦਰਜ਼ ਕੀਤੀਆਂ ਜਾਣ।

ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਲੌਂਗੋਵਾਲ ਨੇ ਕਿਹਾ ਕਿ ਜੰਮੂ ਕਸ਼ਮੀਰ ਭਾਸ਼ਾ ਬਿੱਲ ਵਿੱਚੋਂ ਪੰਜਾਬੀ ਅਤੇ ਹੋਰ ਖੇਤਰੀ ਭਾਸ਼ਾਵਾਂ ਨੂੰ ਮਾਨਤਾ ਨਾ ਦੇਣੀ ਕਿਸੇ ਵੀ ਤਰ੍ਹਾਂ ਠੀਕ ਨਹੀਂ ਹੈ। ਕੇਂਦਰ ਦੇ ਇਸ ਕਦਮ ਨਾਲ ਘੱਟਗਿਣਤੀਆਂ ਦੀਆਂ ਭਾਵਨਾਵਾਂ ਨੂੰ ਠੇਸ ਪੁੱਜੀ ਹੈ। ਉਨ੍ਹਾਂ ਕਿਹਾ ਕਿ ਜੰਮੂ ਕਸ਼ਮੀਰ ਅੰਦਰ ਵੱਡੀ ਗਿਣਤੀ ਵਿਚ ਲੋਕ ਪੰਜਾਬੀ ਅਤੇ ਹੋਰ ਖੇਤਰੀ ਭਾਸ਼ਾਵਾਂ ਬੋਲਦੇ ਹਨ। ਪੰਜਾਬੀ ਭਾਸ਼ਾ ਨੂੰ ਜੰਮੂ ਕਸ਼ਮੀਰ ਦੇ ਸੰਵਿਧਾਨ ਵਿਚ ਵੀ ਮਾਨਤਾ ਸੀ। ਇਸ ਲਈ ਪੰਜਾਬੀ ਭਾਸ਼ਾ ਨੂੰ ਨਜ਼ਰਅੰਦਾਜ਼ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਪ੍ਰਧਾਨ ਮੰਤਰੀ ਨੂੰ ਲਿਖੇ ਪੱਤਰ ਵਿਚ ਇਹ ਵੀ ਆਖਿਆ ਕਿ ਜੰਮੂ ਕਸ਼ਮੀਰ ਅੰਦਰ ਸਿੱਖਾਂ ਨੂੰ ਪਹਿਲਾਂ ਹੀ ਘੱਟਗਿਣਤੀ ਦੇ ਦਰਜ਼ੇ ਤੋਂ ਵਾਂਝਿਆਂ ਰੱਖਿਆ ਹੋਇਆ ਤੇ ਹੁਣ ਪੰਜਾਬੀ ਭਾਸ਼ਾ ਨਾਲ ਅਨਿਆਂ ਕਰਕੇ ਉਨ੍ਹਾਂ ਨਾਲ ਇਕ ਹੋਰ ਧੱਕਾ ਕੀਤਾ ਗਿਆ ਹੈ। ਉਨ੍ਹਾਂ ਪ੍ਰਧਾਨ ਮੰਤਰੀ ਨੂੰ ਅਪੀਲ ਕੀਤੀ ਕਿ ਇਸ ਬਿੱਲ ਨੂੰ ਸੰਸਦ ਵਿਚ ਪਾਸ ਕਰਨ ਤੋਂ ਪਹਿਲਾਂ ਇਸ ਵਿਚ ਪੰਜਾਬੀ ਅਤੇ ਹੋਰ ਖੇਤਰੀ ਭਾਸ਼ਾਵਾਂ ਨੂੰ ਸ਼ਾਮਲ ਕੀਤੀਆਂ ਜਾਣ।

# ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਪਟਿਆਲਾ ਵਿਖੇ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ



ਪਟਿਆਲਾ- ਸ਼੍ਰੋਮਣੀ ਕਮੇਟੀ ਪ੍ਰਬੰਧ ਅਧੀਨ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਪਟਿਆਲਾ ਵਿਖੇ ਤੀਸਰੇ ਪਾਤਸ਼ਾਹ ਸ੍ਰੀ ਗੁਰੂ ਅਮਰਦਾਸ ਜੀ ਦਾ ਜੋਤੀ ਜੋਤਿ ਦਿਵਸ ਸੰਗਤਾਂ ਵੱਲੋਂ ਸ਼ਰਧਾ ਭਾਵਨਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਹੈਡ ਗ੍ਰੰਥੀ ਭਾਈ ਪ੍ਰਨਾਮ ਸਿੰਘ ਨੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਸ੍ਰੀ ਗੁਰੂ ਅਮਰਦਾਸ ਜੀ ਦੇ ਜੀਵਨ ਇਤਿਹਾਸ 'ਤੇ ਰੌਸ਼ਨੀ ਪਾਉਂਦਿਆਂ ਪ੍ਰੇਰਨਾ ਦਿੱਤੀ ਕਿ ਗੁਰੂ ਸਾਹਿਬ ਦਾ ਜੀਵਨ ਸੇਵਾ ਤੇ ਸਿਮਰਨ ਨੂੰ ਸਮਰਪਿਤ ਰਿਹਾ, ਜਿਨਾਂ ਨੇ ਗੁਰੂ ਨਾਨਕ ਪਾਤਸ਼ਾਹ ਦੇ ਨਿਰਮਲ ਪੰਥ ਨੂੰ ਅਗਾਂਹ ਤੋਰਦਿਆਂ ਨਿਰਆਸਰਿਆਂ ਨੂੰ ਆਸਰਾ ਦਿੰਦਿਆਂ ਸਮਾਜਕ ਕੁਰੀਤੀਆਂ ਦੇ ਖਾਤਮੇ ਲਈ ਆਪਣਾ ਵੱਡਮੁੱਲਾ ਯੋਗਦਾਨ ਪਾਇਆ। ਗੁਰੂ ਸਾਹਿਬ ਦਾ ਜੀਵਨ ਸਮਾਜ ਨੂੰ ਵੀ ਮਾਨਵਤਾ ਦੇ ਕਲਿਆਣਕਾਰੀ ਕੰਮਾਂ 'ਚ ਯੋਗਦਾਨ ਪਾਉਣ ਦੀ ਪ੍ਰੇਰਨਾ ਦਿੰਦਾ।

ਇਸ ਮੌਕੇ ਹੋਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ 'ਚ ਪੰਜ ਪਿਆਰਿਆਂ ਪਾਸੋਂ 75 ਦੇ ਕਰੀਬ ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ। ਇਸ ਮੌਕੇ ਮੈਨੇਜਰ ਸ. ਕਰਨੈਲ ਸਿੰਘ ਨਾਭਾ, ਐਡੀ: ਮੈਨੇਜਰ ਸ. ਕਰਨੈਲ ਸਿੰਘ ਆਦਿ ਹਾਜ਼ਰ ਸਨ।

# ਸ਼੍ਰੋਮਣੀ ਕਮੇਟੀ ਵੱਲੋਂ ਗੁਰਦੁਆਰਾ ਸਾਹਿਬ ਪਾਤਸ਼ਾਹੀ ਦਸਵੀਂ ਹੇਰਾਂ ਵਿਖੇ ਬਾਗ ਸਥਾਪਿਤ

## ਭਾਈ ਲੌਂਗੋਵਾਲ ਨੇ ਕੀਤੀ ਬੂਟੇ ਲਗਾਉਣ ਦੀ ਸ਼ੁਰੂਆਤ, ਬਾਬਾ ਸੇਵਾ ਸਿੰਘ ਨੂੰ ਸੌਂਪੀ ਸੇਵਾ



ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵਾਤਾਵਰਣ ਸੰਭਾਲ ਦੇ ਮੱਦੇਨਜ਼ਰ ਇਤਿਹਾਸਿਕ ਗੁਰਦੁਆਰਿਆਂ ਵਿਚ ਬਾਗ ਲਗਾਉਣ ਦੀ ਲੜੀ ਤਹਿਤ ਗੁਰਦੁਆਰਾ ਸ੍ਰੀ ਗੁਰੂ ਗੋਬਿੰਦ ਸਿੰਘ ਪਾਤਸ਼ਾਹੀ ਦਸਵੀਂ ਹੇਰਾਂ ਵਿਖੇ ਬੂਟੇ ਲਗਾਏ ਗਏ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ, ਜਿਨ੍ਹਾਂ ਨੇ ਅਰਦਾਸ ਮਗਰੋਂ ਬੂਟੇ ਲਗਾਉਣ ਦੀ ਸ਼ੁਰੂਆਤ ਕੀਤੀ। ਉਨ੍ਹਾਂ ਨਾਲ ਵਾਤਾਵਰਣ ਪ੍ਰੇਮੀ ਬਾਬਾ ਸੇਵਾ ਸਿੰਘ ਖਡੂਰ ਸਾਹਿਬ ਵਾਲੇ, ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ, ਸ਼੍ਰੋਮਣੀ ਕਮੇਟੀ ਦੇ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ, ਸ. ਜਗਜੀਤ ਸਿੰਘ ਤਲਵੰਡੀ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਵੀ ਮੌਜੂਦ ਸਨ। ਇਸ ਮੌਕੇ ਭਾਈ ਲੌਂਗੋਵਾਲ ਨੇ ਗੱਲਬਾਤ ਕਰਦਿਆਂ ਕਿਹਾ ਕਿ ਸ਼੍ਰੋਮਣੀ ਕਮੇਟੀ ਕੁਦਰਤੀ ਵਾਤਾਵਰਣ ਦੀ ਸਾਂਭ-ਸੰਭਾਲ ਲਈ ਕਾਰਜਸ਼ੀਲ ਹੈ। ਇਸੇ ਤਹਿਤ ਹੀ ਵੱਖ-ਵੱਖ ਗੁਰਦੁਆਰਿਆਂ ਅੰਦਰ ਇਕ-ਇਕ ਏਕੜ ਵਿਚ ਜੰਗਲ ਸਥਾਪਿਤ ਕੀਤੇ ਜਾ ਰਹੇ ਹਨ। ਕਰੀਬ 40 ਗੁਰਦੁਆਰਿਆਂ ਵਿਚ ਵਿਰਾਸਤੀ ਬਾਗ ਲਗਾਏ ਜਾਣਗੇ ਅਤੇ ਹਰ ਬਾਗ ਵਿਚ ਵੱਖ-ਵੱਖ ਕਿਸਮਾਂ ਦੇ ਕਰੀਬ 2500 ਬੂਟੇ ਹੋਣਗੇ। ਉਨ੍ਹਾਂ ਦੱਸਿਆ ਕਿ ਜੰਗਲ ਸਥਾਪਿਤ ਕਰਨ ਦਾ ਮੰਤਵ ਜਿਥੇ ਵਾਤਾਵਰਣ ਵਿਚ ਸ਼ੁੱਧਤਾ ਤੇ ਤਾਜ਼ਗੀ ਪੈਦਾ ਕਰਨਾ ਹੈ, ਉਥੇ ਹੀ ਪੰਛੀਆਂ ਲਈ ਰੈਣ-ਬਸੇਰਾ ਪੈਦਾ ਕਰਨਾ ਵੀ ਹੈ। ਉਨ੍ਹਾਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਇਤਿਹਾਸਿਕ ਗੁਰਦੁਆਰਿਆਂ ਅੰਦਰ ਬਾਗ ਲਗਾਉਣ ਲਈ ਬਾਬਾ ਸੇਵਾ ਸਿੰਘ ਖਡੂਰ ਸਾਹਿਬ ਵਾਲਿਆਂ ਦਾ ਸਹਿਯੋਗ ਲਿਆ ਜਾ ਰਿਹਾ ਹੈ, ਜਿਨ੍ਹਾਂ ਨੇ ਇਸ ਖੇਤਰ ਵਿਚ ਵੱਡੇ ਕਾਰਜ ਕੀਤੇ ਹਨ। ਭਾਈ ਲੌਂਗੋਵਾਲ ਨੇ ਸੰਗਤ ਨੂੰ ਅਪੀਲ ਕੀਤੀ ਕਿ ਗੁਰਦੁਆਰਾ ਸਹਿਬਾਨ ਤੋਂ ਸ਼ੁਰੂ ਕੀਤੀ ਗਈ ਵਾਤਾਵਰਣ ਸੰਭਾਲ ਦੀ ਮੁਹਿੰਮ ਤੋਂ ਪ੍ਰੇਰਣਾ ਲੈਣ ਅਤੇ ਆਪੋ-ਆਪਣੇ ਘਰਾਂ ਅਤੇ ਆਲੇ-ਦੁਆਲੇ ਵੱਧ ਤੋਂ ਵੱਧ ਬੂਟੇ ਲਗਾਉਣ।

ਇਸ ਮੌਕੇ ਪਦਮਸ੍ਰੀ ਬਾਬਾ ਸੇਵਾ ਸਿੰਘ ਖਡੂਰ ਸਾਹਿਬ ਵਾਲਿਆਂ ਨੇ ਆਖਿਆ ਕਿ ਮੌਜੂਦਾ ਸਮੇਂ ਕੁਦਰਤੀ ਵਾਤਾਵਰਣ ਬਚਾਉਣ ਲਈ ਹਰ ਮਨੁੱਖ ਨੂੰ ਅੱਗੇ ਆਉਣਾ ਚਾਹੀਦਾ ਹੈ। ਪੁਰਾਤਨ ਰੁੱਖ ਬੂਟਿਆਂ ਦੀ ਸਾਂਭ-ਸੰਭਾਲ ਦੇ ਨਾਲ-ਨਾਲ ਵੱਧ ਤੋਂ ਵੱਧ ਨਵੇਂ ਬੂਟੇ ਵੀ ਲਗਾਉਣੇ ਚਾਹੀਦੇ ਹਨ। ਉਨ੍ਹਾਂ ਸ਼੍ਰੋਮਣੀ ਕਮੇਟੀ ਵੱਲੋਂ ਗੁਰਦੁਆਰਿਆਂ ਅੰਦਰ ਇਕ-ਇਕ ਏਕੜ ਦੇ ਬਾਗ ਸਥਾਪਿਤ ਕਰਨ ਦੇ ਫੈਸਲੇ ਨੂੰ ਵੀ ਸਮੇਂ ਅਨੁਸਾਰ ਢੁੱਕਵਾਂ ਫੈਸਲਾ ਕਰਾਰ ਦਿੱਤਾ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਸ. ਜਗਜੀਤ ਸਿੰਘ ਤਲਵੰਡੀ, ਭਾਈ ਗੁਰਚਰਨ ਸਿੰਘ ਗਰੇਵਾਲ ਅਤੇ ਹੋਰਨਾਂ ਨੇ ਪ੍ਰਮੁੱਖ ਸ਼ਖ਼ਸੀਅਤਾਂ ਦਾ ਧੰਨਵਾਦ ਕਰਦਿਆਂ ਗੁਰੂ ਬਖ਼ਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ।

## 28 ਸਾਲਾਂ ਬਾਅਦ ਰਿਹਾਅ ਹੋਏ ਭਾਈ ਲਾਲ ਸਿੰਘ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਹੋਏ ਨਤਮਸਤਕ



ਅੰਮ੍ਰਿਤਸਰ- ਨਾਭਾ ਜ਼ੇਲ੍ਹ ਵਿੱਚੋਂ 28 ਸਾਲਾਂ ਬਾਅਦ ਰਿਹਾਅ ਹੋਏ ਭਾਈ ਲਾਲ ਸਿੰਘ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋ ਕੇ ਗੁਰੂ ਸਾਹਿਬ ਦਾ ਸ਼ੁਕਰਾਨਾ ਕੀਤਾ। ਇਸੇ ਦੌਰਾਨ ਉਨ੍ਹਾਂ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਦਫ਼ਤਰ ਵਿਖੇ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਭਾਈ ਰਜਿੰਦਰ ਸਿੰਘ ਮਹਿਤਾ, ਜੂਨੀਅਰ ਮੀਤ ਪ੍ਰਧਾਨ ਭਾਈ ਗੁਰਬਖ਼ਸ਼ ਸਿੰਘ ਖ਼ਾਲਸਾ, ਮੈਂਬਰ ਸ. ਪਰਮਜੀਤ ਸਿੰਘ ਖ਼ਾਲਸਾ, ਸਕੱਤਰ ਸ. ਮਹਿੰਦਰ ਸਿੰਘ ਆਹਲੀ ਵੱਲੋਂ ਗੁਰੂ ਬਖ਼ਸ਼ਿਸ਼ ਸਿਰੋਪਾਓ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਤਸਵੀਰ ਦੇ ਕੇ ਸਨਮਾਨਿਤ ਕੀਤਾ ਗਿਆ। ਭਾਈ ਲਾਲ ਸਿੰਘ ਸੰਨ 1992 ਤੋਂ ਜ਼ੇਲ੍ਹ ਅੰਦਰ ਬੰਦ ਸਨ, ਜਿਨ੍ਹਾਂ ਦੀ ਬੀਤੇ ਦਿਨੀਂ ਰਿਹਾਈ ਹੋਈ ਹੈ। ਉਹ ਇਸ ਦੌਰਾਨ ਅਹਿਮਦਾਬਾਦ ਗੁਜਰਾਤ ਅਤੇ ਹੋਰ ਕਈ ਜ਼ੇਲ੍ਹਾਂ ਵਿਚ ਰਹੇ। ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਸਮੇਂ ਭਾਰਤ ਸਰਕਾਰ ਵੱਲੋਂ ਲੰਮੇ ਸਮੇਂ ਤੋਂ ਜ਼ੇਲ੍ਹਾਂ ਅੰਦਰ ਬੰਦ ਸਿੰਘਾਂ ਨੂੰ ਰਿਹਾਅ ਕਰਨ ਦਾ ਐਲਾਨ ਕੀਤਾ ਗਿਆ ਸੀ, ਪਰੰਤੂ ਭਾਈ ਲਾਲ ਸਿੰਘ ਦੀ ਰਿਹਾਈ ਹੁਣ ਸੰਭਵ ਹੋ ਸਕੀ ਹੈ। ਭਾਈ ਲਾਲ ਸਿੰਘ ਨੇ ਗੁਰੂ ਸਾਹਿਬ ਦਾ ਸ਼ੁਕਰਾਨਾ ਕਰਦਿਆਂ ਸ਼੍ਰੋਮਣੀ ਕਮੇਟੀ ਵੱਲੋਂ ਸਨਮਾਨਿਤ ਕਰਨ ਲਈ ਧੰਨਵਾਦ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਮੈਂਬਰ ਸ. ਪਰਮਜੀਤ ਸਿੰਘ ਬਰਨਾਲਾ, ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਮੁਖਤਾਰ ਸਿੰਘ ਚੀਮਾ, ਸੁਪਰਵਾਈਜ਼ਰ ਸ. ਕਾਰਜ ਸਿੰਘ, ਸ. ਅਜਮੇਰ ਸਿੰਘ ਭਾਰਾਪੁਰ ਅਤੇ ਭਾਈ ਲਾਲ ਸਿੰਘ ਦੀ ਧਰਮਪਤਨੀ ਬੀਬੀ ਗੁਰਦੀਪ ਕੌਰ ਅਤੇ ਬੇਟੀ ਮਨਮੀਤ ਕੌਰ ਵੀ ਮੌਜੂਦ ਸਨ।

## ਭਾਈ ਲੌਂਗੋਵਾਲ ਨੇ ਗੁਰਦੁਆਰਾ ਸੰਨ੍ਹ ਸਾਹਿਬ ਦੇ ਲੰਗਰ ਹਾਲ ਦੀ ਇਮਾਰਤ ਦਾ ਕੀਤਾ ਉਦਘਾਟਨ

## ਗੁਰੂ ਘਰਾਂ ਅੰਦਰ ਸੰਗਤ ਦੀ ਸਹੂਲਤ ਲਈ ਲੋੜੀਂਦੀਆਂ ਉਸਾਰੀਆਂ ਲਈ ਸ਼੍ਰੋਮਣੀ ਕਮੇਟੀ ਵਚਨਬੱਧ-ਭਾਈ ਲੌਂਗੋਵਾਲ



ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਗੁਰਦੁਅਰਾ ਸੰਨ੍ਹ ਸਾਹਿਬ ਬਾਸਰਕੇ ਗਿੱਲਾਂ ਵਿਖੇ ਸੰਗਤ ਦੀ ਸਹੂਲਤ ਲਈ ਨਵੇਂ ਤਿਆਰ ਕੀਤੇ ਗਏ ਲੰਗਰ ਹਾਲ ਦਾ ਉਦਘਾਟਨ ਕੀਤਾ ਗਿਆ। ਇਸ ਤੋਂ ਇਲਾਵਾ ਭਾਈ ਲੌਂਗੋਵਾਲ ਨੇ ਗੁਰਦੁਆਰਾ ਸਾਹਿਬ ਦੇ ਪ੍ਰਬੰਧਕੀ ਬਲਾਕ ਦਾ ਵੀ ਨੀਂਹ ਪੱਥਰ ਰੱਖਿਆ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਲੌਂਗੋਵਾਲ ਨੇ ਆਖਿਆ ਕਿ ਗੁਰੂ ਘਰਾਂ ਅੰਦਰ ਸੰਗਤ ਦੀ ਸਹੂਲਤ ਲਈ ਲੋੜੀਂਦੀਆਂ ਉਸਾਰੀਆਂ ਲਈ ਸ਼੍ਰੋਮਣੀ ਕਮੇਟੀ ਵਚਨਬੱਧ ਹੈ। ਇਸੇ ਤਹਿਤ ਹੀ ਗੁਰਦੁਆਰਾ ਸੰਨ੍ਹ ਸਾਹਿਬ ਵਿਖੇ ਵੀ ਕਾਰ ਸੇਵਾਵਾਂ ਨਿਰੰਤਰ ਜਾਰੀ ਹਨ। ਉਨ੍ਹਾਂ ਕਿਹਾ ਕਿ ਬਾਬਾ ਸੁਬੇਗ ਸਿੰਘ ਕਾਰਸੇਵਾ ਸ੍ਰੀ ਗੋਇੰਦਵਾਲ ਸਾਹਿਬ ਵਾਲਿਆਂ ਦੇ ਸਹਿਯੋਗ ਨਾਲ ਲੰਗਰ ਹਾਲ ਤਿਆਰ ਕੀਤਾ ਗਿਆ ਹੈ ਅਤੇ ਜਲਦ ਹੀ ਗੁਰਦੁਆਰਾ ਸਾਹਿਬ ਦੇ ਪ੍ਰਬੰਧਕੀ ਬਲਾਕ ਦੀ ਉਸਾਰੀ ਦਾ ਕਾਰਜ ਵੀ ਮੁਕੰਮਲ ਕੀਤਾ ਜਾਵੇਗਾ। ਇਸ ਮੌਕੇ ਸਾਬਕਾ ਕੈਬਨਿਟ ਮੰਤਰੀ ਜਥੇਦਾਰ ਗੁਲਜ਼ਾਰ ਸਿੰਘ ਰਣੀਕੇ ਨੇ ਸ਼੍ਰੋਮਣੀ ਕਮੇਟੀ ਵੱਲੋਂ ਕੀਤੇ ਜਾ ਰਹੇ ਕਾਰਜਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਵੱਡੀਆਂ ਕੁਰਬਾਨੀਆਂ ਤੋਂ ਬਾਅਦ ਹੋਂਦ ਵਿਚ ਆਈ ਸਿੱਖ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਹਮੇਸ਼ਾ ਹੀ ਕੌਮ ਨੂੰ ਸੰਗਠਤ ਕਰਨ ਵਿਚ ਅਹਿਮ ਭੂਮਿਕਾ ਨਿਭਾਈ। ਉਨ੍ਹਾਂ ਬਾਬਾ ਸੁਬੇਗ ਸਿੰਘ ਕਾਰਸੇਵਾ ਸ੍ਰੀ ਗੋਇੰਦਵਾਲ ਸਾਹਿਬ ਵਾਲਿਆਂ ਦੀਆਂ ਸੇਵਾਵਾਂ ਦੀ ਵੀ ਪ੍ਰਸ਼ੰਸਾ ਕੀਤੀ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਬਾਬਾ ਜਗਤਾਰ ਸਿੰਘ ਕਾਰਸੇਵਾ ਤਰਨ ਤਾਰਨ, ਬਾਬਾ ਸੁਬੇਗ ਸਿੰਘ ਸ੍ਰੀ ਗੋਇੰਦਵਾਲ ਸਾਹਿਬ ਅਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਗੁਰੂ ਬਖ਼ਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ।

ਇਸ ਸਮੇਂ ਹੋਰਨਾਂ ਤੋਂ ਇਲਾਵਾ ਅੰਤ੍ਰਿੰਗ ਕਮੇਟੀ ਮੈਂਬਰ ਜਥੇਦਾਰ ਮੰਗਵਿੰਦਰ ਸਿੰਘ ਖਾਪੜਖੇੜੀ, ਸ. ਅਮਰਜੀਤ ਸਿੰਘ ਭਲਾਈਪੁਰ, ਭਾਈ ਮਨਜੀਤ ਸਿੰਘ ਭੂਰਾਕੋਹਨਾ, ਸ. ਸੁਰਜੀਤ ਸਿੰਘ ਭਿੱਟੇਵੱਡ, ਬਾਬਾ ਨਿਰਮਲ ਸਿੰਘ ਨੌਸ਼ਹਿਰਾਢਾਲਾ, ਸ. ਗੁਰਮੀਤ ਸਿੰਘ ਬੂਹ, ਸ. ਅਮਰੀਕ ਸਿਮਘ ਵਿਛੋਆ, ਬਾਬਾ ਅਵਤਾਰ ਸਿੰਘ ਧੱਤਲ, ਬਾਬਾ ਸਤਨਾਮ ਸਿੰਘ ਕਿਲ੍ਹਾ ਅਨੰਦਗੜ੍ਹ ਸਾਹਿਬ, ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਮਹਿੰਦਰ ਸਿੰਘ ਆਹਲੀ, ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ, ਸਾਬਕਾ ਮੈਂਬਰ ਸ. ਜਗੀਰ ਸਿੰਘ ਵਰਪਾਲ, ਸ. ਦਰਸ਼ਨ ਸਿੰਘ ਨਿੱਜੀ ਸਹਾਇਕ, ਮੈਨੇਜਰ ਸ. ਜਗੀਰ ਸਿੰਘ ਬਘਿਆੜੀ, ਬਾਬਾ ਰਾਜਪਾਲ ਸਿੰਘ, ਸ. ਦਿਲਰਾਜ ਸਿੰਘ ਗਿੱਲ, ਜਥੇਦਾਰ ਪ੍ਰੇਮ ਸਿੰਘ ਸ਼ਾਹ, ਸ. ਹੀਰਾ ਸਿੰਘ ਆੜ੍ਹਤੀ, ਸ. ਅਮਨਪ੍ਰੀਤ ਸਿੰਘ ਥਿੰਦ, ਸ. ਬਲਜੀਤ ਸਿੰਘ, ਬਾਬਾ ਵੀਰ ਸਿੰਘ ਆਦਿ ਮੌਜੂਦ ਸਨ।

## ਸ਼੍ਰੋਮਣੀ ਕਮੇਟੀ ਵੱਲੋਂ ਭਾਈ ਮੱਖਣ ਸ਼ਾਹ ਲੁਬਾਣਾ ਤੇ ਭਾਈ ਲੱਖੀ ਸ਼ਾਹ ਵਣਜਾਰਾ ਦੀ ਯਾਦ 'ਚ ਸਮਾਗਮ



ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਭਾਈ ਮੱਖਣ ਸ਼ਾਹ ਲੁਬਾਣਾ ਅਤੇ ਭਾਈ ਲੱਖੀ ਸ਼ਾਹ ਵਣਜਾਰਾ ਦੀ ਯਾਦ ਵਿਚ ਗੁਰਮਤਿ ਸਮਾਗਮ ਕਰਵਾਇਆ ਗਿਆ। ਇਸ ਸਬੰਧੀ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਜਰਨੈਲ ਸਿੰਘ ਕੁਹਾੜਕਾ ਦੇ ਜਥੇ ਨੇ ਗੁਰਬਾਣੀ ਕੀਰਤਨ ਕੀਤਾ। ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ ਨੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਬਾਬਾ ਮੱਖਣ ਸ਼ਾਹ ਲੁਬਾਣਾ ਅਤੇ ਭਾਈ ਲੱਖੀ ਸ਼ਾਹ ਵਣਜਾਰਾ ਦੇ ਜੀਵਨ ਵਿੱਚੋਂ ਗੁਰੂ ਪਿਆਰ ਅਤੇ ਸਮਰਪਣ ਭਾਵਨਾ ਨੂੰ ਸਮਝਣ ਅਤੇ ਆਪਣੇ ਜੀਵਨ ਵਿਚ ਕਮਾਉਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਇਤਿਹਾਸ ਅੰਦਰ ਅਜਿਹੀਆਂ ਸ਼ਖ਼ਸੀਅਤਾਂ ਦਾ ਜ਼ਿਕਰ ਸੰਗਤ ਲਈ ਪ੍ਰੇਰਣਾ ਸਰੋਤ ਹੈ। ਉਨ੍ਹਾਂ ਸੰਗਤ ਨੂੰ ਬਾਣੀ ਅਤੇ ਬਾਣੇ ਨਾਲ ਜੁੜਨ ਦੀ ਪ੍ਰੇਰਣਾ ਵੀ ਕੀਤੀ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਭਾਈ ਮਨਜੀਤ ਸਿੰਘ, ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ, ਸ. ਪ੍ਰਤਾਪ ਸਿੰਘ, ਸ਼੍ਰੋਮਣੀ ਕਮੇਟੀ ਦੇ ਬੁਲਾਰੇ ਸ. ਕੁਲਵਿੰਦਰ ਸਿੰਘ ਰਮਦਾਸ, ਮੀਤ ਸਕੱਤਰ ਸ. ਸੁਲੱਖਣ ਸਿੰਘ ਭੰਗਾਲੀ, ਸ. ਸਕੱਤਰ ਸਿੰਘ, ਸ. ਹਰਜਿੰਦਰ ਸਿੰਘ ਕੈਰੋਂਵਾਲ, ਸ. ਸਿਮਰਜੀਤ ਸਿੰਘ ਕੰਗ, ਇੰਚਾਰਜ ਪ੍ਰੋ. ਸੁਖਦੇਵ ਸਿੰਘ, ਸ. ਮਨਜੀਤ ਸਿੰਘ, ਸੁਪ੍ਰਿੰਟੈਂਡੈਂਟ ਸ. ਮਲਕੀਤ ਸਿੰਘ ਬਹਿੜਵਾਲ, ਵਧੀਕ ਮੈਨੇਜਰ ਸ. ਨਿਸ਼ਾਨ ਸਿੰਘ, ਭਾਈ ਜਗਦੇਵ ਸਿੰਘ ਹੈੱਡ ਪ੍ਰਚਾਰਕ, ਸ. ਮੇਜਰ ਸਿੰਘ ਅਰਜਨ ਮਾਂਗਾ, ਸ. ਕਾਬਲ ਸਿੰਘ ਆਦਿ ਮੌਜੂਦ ਸਨ।

## ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 400 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪੰਜ ਰੋਜ਼ਾ ਗੁਰਮਤਿ ਟ੍ਰੇਨਿੰਗ ਕੈਂਪ ਲਗਾਇਆ



ਪਟਿਆਲਾ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਆਦੇਸ਼ਾਂ ਅਨੁਸਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਧਰਮ ਪ੍ਰਚਾਰ ਕਮੇਟੀ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 400 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਧਰਮ ਦੇ ਪ੍ਰਚਾਰ ਤੇ ਪ੍ਰਸਾਰ ਦੀ ਪ੍ਰਫੁੱਲਤਾ ਲਈ ਕੋਰੋਨਾ ਮਹਾਂਮਾਰੀ ਦੇ ਮੱਦੇਨਜ਼ਰ ਪੰਜ ਰੋਜ਼ਾ ਆਨਲਾਈਨ ਗੁਰਮਤਿ ਕੈਂਪ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਪਟਿਆਲਾ ਵਿਖੇ ਲਗਾਇਆ ਗਿਆ। ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਸਤਵਿੰਦਰ ਸਿੰਘ ਟੌਹੜਾ ਦੇ ਉਪਰਾਲੇ ਨਾਲ ਲਗਾਏ ਗਏ ਇਸ ਆਨਲਾਈਨ ਕੈਂਪ ਦੀ ਸ਼ੁਰੂਆਤ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਵੱਲੋਂ 'ਕੇਸਾਂ ਦੀ ਮਹੱਤਤਾ' ਵਿਸ਼ੇ ਲੈਕਚਰ ਨਾਲ ਕੀਤੀ ਗਈ। ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਨੌਜਵਾਨਾਂ ਅਤੇ ਬੱਚਿਆਂ ਨੂੰ ਆਪਣੇ ਸੰਦੇਸ਼ 'ਚ ਕਿਹਾ ਕਿ ਕੇਸ ਸਿੱਖੀ ਦੀ ਨਿਸ਼ਾਨੀ, ਗੁਰੂ ਦੀ ਮੋਹਰ ਹਨ ਅਤੇ ਅਧਿਆਤਮਕ ਪੱਖ ਤੋਂ ਕੇਸਾਂ ਦੀ ਵੱਡੀ ਮਹਾਨਤਾ ਹੈ, ਜਿਸ ਨੂੰ ਸਮਝਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਭਾਈ ਤਾਰੂ ਸਿੰਘ ਦਾ ਜੀਵਨ ਸਾਡੇ ਸਾਰਿਆਂ ਲਈ ਪ੍ਰੇਰਨਾ ਸਰੋਤ ਹੈ, ਜਿਨਾਂ ਨੇ ਸ਼ਹਾਦਤ ਤਾਂ ਪ੍ਰਵਾਨ ਕੀਤੀ ਪਰ ਕੇਸਾਂ ਦੀ ਬੇਅਦਬੀ ਤੱਕ ਨਹੀਂ ਹੋਣ ਦਿੱਤੀ। ਗਿਆਨੀ ਰਘਬੀਰ ਸਿੰਘ ਨੇ ਚਿੰਤਾ ਵਿਅਕਤ ਕਰਦਿਆਂ ਕਿਹਾ ਕਿ ਸ਼ੋਸ਼ਲ ਮੀਡੀਆ ਰਾਹੀਂ ਧਰਮ 'ਤੇ ਹੋ ਰਹੇ ਹਮਲਿਆਂ ਪ੍ਰਤੀ ਵੀ ਸਾਡੀ ਕੌਮ ਦਾ ਭਵਿੱਖ ਅਜੋਕੀ ਪੀੜੀ ਨੂੰ ਸੁਚੇਤ ਰਹਿਣ ਦੀ ਲੋੜ ਹੈ। ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਸਤਵਿੰਦਰ ਸਿੰਘ ਟੌਹੜਾ ਨੇ ਵੀ ਬੱਚਿਆਂ ਨੂੰ ਸਿੱਖੀ ਜੀਵਨ 'ਤੇ ਪਹਿਰਾ ਦੇਣ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਕੇਸ ਸਿਰਮੌਰ ਹਨ, ਜੋ ਸਾਡੀ ਆਨ, ਬਾਨ ਅਤੇ ਸ਼ਾਨ ਦਾ ਪ੍ਰਤੀਕ ਹਨ ਇਸ ਕਰਕੇ ਹਰ ਸਿੱਖ ਆਪਣਾ ਜੀਵਨ ਕੇਸਾਂ ਸਵਾਸਾਂ ਸੰਘ ਨਿਭਾਉਣਾ ਚਾਹੀਦਾ ਹੈ। ਕੈਂਪ ਦੌਰਾਨ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਸਿੰਘ ਅਤੇ ਹੋਰ ਵਿਦਵਾਨਾਂ ਨੇ ਵੀ ਬੱਚਿਆਂ ਨਾਲ ਗੁਰਮਤਿ ਵੀਚਾਰਾਂ ਦੀ ਸਾਂਝ ਪਾਈ। ਕੈਂਪ ਦੀ ਸਮਾਪਤੀ ਵਾਲੇ ਦਿਨ ਗਿਆਨੀ ਹਰਪਾਲ ਸਿੰਘ ਹੈਡ ਗ੍ਰੰਥੀ ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ ਨੇ ਕੈਂਪ ਦਾ ਹਿੱਸਾ ਬਣੇ ਨੌਜਵਾਨਾਂ, ਬੱਚਿਆਂ ਨੂੰ ਜਾਣੂੰ ਕਰਵਾਉਂਦਿਆਂ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ ਜੀਵਨ, ਵਿਚਾਰਧਾਰਾ ਅਤੇ ਪਰਉਪਕਾਰੀ ਸੁਭਾਅ ਦੀ ਸਾਰਥਿਕਤਾ ਨੂੰ ਸਮਝਕੇ ਚੜ੍ਹਦੀਕਲਾ 'ਚ ਰਹਿਣ ਅਤੇ ਸੌੜੀ ਮਾਨਸਿਕਤਾ ਤਿਆਗਣ ਦੀ ਲੋੜ ਹੈ। ਗਿਆਨੀ ਹਰਪਾਲ ਸਿੰਘ ਨੇ ਪ੍ਰੇਰਨਾ ਦਿੰਦਿਆਂ ਕਿਹਾ ਕਿ ਗੁਰਮਤਿ ਦਾ ਸਿਧਾਂਤ ਨਿਰਾਸ਼ਾ ਤਿਆਗਣ ਅਤੇ ਆਸਵੰਦ ਬਣਨਾ ਸਿਖਾਉਂਦਾ ਹੈ ਅਤੇ ਗੁਰੂ ਪ੍ਰਤੀ ਆਸਵੰਦ ਰਹਿਣ ਵਾਲਿਆਂ ਨੂੰ ਹਮੇਸ਼ਾ ਸਿੱਖੀ ਦੀ ਸ਼ਾਨ ਤੇ ਪ੍ਰਫੁੱਲਤਾ ਲਈ ਯਤਨਸ਼ੀਲ ਰਹਿਣਾ ਹੋਵੇਗਾ। ਇਸ ਉਪਰੰਤ ਧਰਮ ਪ੍ਰਚਾਰ ਕਮੇਟੀ ਵੱਲੋਂ ਗਿਆਨੀ ਹਰਪਾਲ ਸਿੰਘ ਨੂੰ ਸਿਰੋਪਾਓ ਅਤੇ ਸਨਮਾਨ ਚਿੰਨ ਦੇ ਸਨਮਾਨਤ ਕੀਤਾ ਗਿਆ। ਕੈਂਪ 'ਚ ਹਿੱਸਾ ਬਣੇ ਬੱਚਿਆਂ ਨੂੰ ਧਰਮ ਪ੍ਰਚਾਰ ਕਮੇਟੀ ਵਲੋਂ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਆ ਗਿਆ।

## ਸਾਰਗੜ੍ਹੀ ਦੇ ਸ਼ਹੀਦਾਂ ਦੀ ਯਾਦ ਵਿਚ ਗੁਰਦੁਆਰਾ ਸਾਰਾਗੜ੍ਹੀ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ



ਅੰਮ੍ਰਿਤਸਰ- ਸਾਰਗੜ੍ਹੀ ਜੰਗ ਦੇ ਮਹਾਨ ਸ਼ਹੀਦਾਂ ਦੀ ਯਾਦ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇਥੇ ਸਥਿਤ ਗੁਰਦੁਆਰਾ ਸਾਰਾਗੜ੍ਹੀ ਸਾਹਿਬ ਵਿਖੇ ਸਮਾਗਮ ਕਰਵਾਇਆ ਗਿਆ। ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਸਿਮਰਪ੍ਰੀਤ ਸਿੰਘ ਦੇ ਜਥੇ ਨੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਸਰਵਣ ਕਰਵਾਇਆ। ਇਸ ਮੌਕੇ ਸੰਗਤ ਨਾਲ ਗੁਰਮਤਿ ਵਿਚਾਰਾਂ ਸਾਂਝੀਆਂ ਕਰਦਿਆਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੇ ਕਥਾਵਾਚਕ ਭਾਈ ਹਰਮਿੱਤਰ ਸਿੰਘ ਨੇ ਸਾਰਾਗੜ੍ਹੀ ਦੇ ਸ਼ਹੀਦਾਂ ਨੂੰ ਸਤਿਕਾਰ ਭੇਟ ਕੀਤਾ। ਉਨ੍ਹਾਂ ਆਖਿਆ ਕਿ ਸਿੱਖ ਕੌਮ ਅੰਦਰ ਸ਼ਹੀਦਾਂ ਦੀ ਇਕ ਲੰਮੀ ਸੂਚੀ ਹੈ, ਜਿਸ ਤੋਂ ਪ੍ਰੇਰਣਾ ਲੈ ਕੇ ਅਜੋਕੀ ਪੀੜ੍ਹੀ ਨੂੰ ਧਰਮ ਇਤਿਹਾਸ ਨਾਲ ਜੁੜਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਹਰ ਸਾਲ ਇਨ੍ਹਾਂ ਸ਼ਹੀਦਾਂ ਨੂੰ ਸਤਿਕਾਰ ਭੇਟ ਕਰਨ ਲਈ ਗੁਰਦੁਆਰਾ ਸਾਰਾਗੜ੍ਹੀ ਸਾਹਿਬ ਵਿਖੇ ਸ੍ਰੀ ਅਖੰਡਪਾਠ ਸਾਹਿਬ ਕਰਵਾਉਂਦੀ ਹੈ। ਇਸ ਮੌਕੇ ਕੁਝ ਸ਼ਹੀਦਾਂ ਦੇ ਪਰਿਵਾਰਕ ਮੈਂਬਰ ਵੀ ਮੌਜੂਦ ਸਨ, ਜਿਨ੍ਹਾਂ ਨੂੰ ਗੁਰੂ ਬਖ਼ਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਸਕੱਤਰ ਸ. ਮਹਿੰਦਰ ਸਿੰਘ ਆਹਲੀ, ਵਧੀਕ ਮੈਨੇਜਰ ਸ. ਸੁਖਰਾਜ ਸਿੰਘ ਆਦਿ ਨੇ ਹਾਜ਼ਰੀ ਭਰੀ।

## ਖੰਨਾ ਥਾਣੇ 'ਚ ਅੰਮ੍ਰਿਤਧਾਰੀ ਸਿੱਖਾਂ 'ਤੇ ਅਣਮਨੁੱਖੀ ਤਸ਼ੱਦਦ ਕਰਨ ਵਾਲੇ ਥਾਣੇਦਾਰ ਨੂੰ ਤੁਰੰਤ ਮਿਲੇ ਸਜ਼ਾ-ਭਾਈ ਲੌਂਗੋਵਾਲ

ਅੰਮ੍ਰਿਤਸਰ- ਲੰਘੇ ਅਪ੍ਰੈਲ ਮਹੀਨੇ ਖੰਨਾ ਦੇ ਪੁਲਿਸ ਥਾਣੇ ਅੰਦਰ ਥਾਣੇਦਾਰ ਸਮੇਤ ਪੁਲਿਸ ਮੁਲਾਜ਼ਮਾਂ ਵੱਲੋਂ ਅੰਮ੍ਰਿਤਧਾਰੀ ਗੁਰਸਿੱਖ ਸ. ਜਗਪਾਲ ਸਿੰਘ, ਉਸ ਦੇ ਪੁੱਤਰ ਅਤੇ ਇਕ ਹੋਰ ਵਿਅਕਤੀ ਨੂੰ ਨੰਗਾ ਕਰਕੇ ਕੀਤੇ ਗਏ ਅਣਮਨੁੱਖੀ ਤਸ਼ੱਦਦ ਦੇ ਕਈ ਮਹੀਨੇ ਬੀਤਣ ਮਗਰੋਂ ਵੀ ਸਬੰਧਤ ਥਾਣੇਦਾਰ 'ਤੇ ਕੋਈ ਕਾਰਵਾਈ ਨਾ ਹੋਣਾ ਮੰਦਭਾਗੀ ਗੱਲ ਹੈ। ਇਹ ਪ੍ਰਗਟਾਵਾ ਕਰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਪੰਜਾਬ ਦੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਪਾਸੋਂ ਮੰਗ ਕੀਤੀ ਕਿ ਇਸ ਮੰਦਭਾਗੀ ਘਟਨਾ ਦੇ ਦੋਸ਼ੀ ਥਾਣੇਦਾਰ ਸ. ਬਲਜਿੰਦਰ ਸਿੰਘ ਨੂੰ ਤੁਰੰਤ ਗ੍ਰਿਫ਼ਤਾਰ ਕਰਕੇ ਸਖ਼ਤ ਕਾਰਵਾਈ ਅਮਲ ਵਿਚ ਲਿਆਂਦੀ ਜਾਵੇ। ਭਾਈ ਲੌਂਗੋਵਾਲ ਨੇ ਕਿਹਾ ਕਿ ਪੁਲਿਸ ਨੂੰ ਇਹ ਬਿਲਕੁਲ ਅਧਿਕਾਰ ਨਹੀਂ ਹੈ ਕਿ ਉਹ ਪੁਲਿਸ ਥਾਣਿਆਂ ਅੰਦਰ ਅਨੈਤਿਕ ਕਾਰਵਾਈਆਂ ਕਰੇ। ਕਿਸੇ ਵੀ ਮਾਮਲੇ ਵਿਚ ਗ੍ਰਿਫ਼ਤਾਰ ਕੀਤੇ ਗਏ ਲੋਕਾਂ ਨਾਲ ਅਣਮਨੁੱਖੀ ਵਿਹਾਰ ਕਰਨਾ ਗਲਤ ਹੈ ਅਤੇ ਅਜਿਹਾ ਕਰਨ ਕਰਕੇ ਖੰਨਾ ਥਾਣੇ ਦੇ ਤਤਕਾਲੀ ਐਸ.ਐਚ.ਓ. ਨੂੰ ਗ੍ਰਿਫ਼ਤਾਰ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਇਹ ਘਟਨਾ ਵਾਪਰਨ ਸਮੇਂ ਸ਼੍ਰੋਮਣੀ ਕਮੇਟੀ ਵੱਲੋਂ ਉਨ੍ਹਾਂ ਨੇ ਪੰਜਾਬ ਦੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨੂੰ ਸਖ਼ਤ ਕਾਨੂੰਨੀ ਕਾਰਵਾਈ ਲਈ ਪੱਤਰ ਲਿਖਿਆ ਸੀ, ਜਿਸ ਦੇ ਜਵਾਬ ਵਿਚ ਮੁੱਖ ਮੰਤਰੀ ਨੇ ਭਰੋਸਾ ਦਿੱਤਾ ਸੀ ਕਿ ਦੋਸ਼ੀਆਂ ਵਿਰੁੱਧ ਕਾਰਵਾਈ ਜ਼ਰੂਰ ਹੋਵੇਗੀ ਅਤੇ ਇਸ ਸਬੰਧ ਵਿਚ ਉਨ੍ਹਾਂ ਨੇ ਪੰਜਾਬ ਦੇ ਡੀ.ਜੀ.ਪੀ. ਨੂੰ ਕਹਿ ਦਿੱਤਾ ਹੈ।

ਭਾਈ ਲੌਂਗੋਵਾਲ ਨੇ ਆਖਿਆ ਕਿ ਹੈਰਾਨੀ ਦੀ ਗੱਲ ਹੈ ਕਿ 4 ਮਹੀਨੇ ਬੀਤਣ ਮਗਰੋਂ ਵੀ ਕੋਈ ਠੋਸ ਕਾਰਵਾਈ ਨਹੀਂ ਕੀਤੀ ਗਈ। ਇਸ ਮਾਮਲੇ ਵਿਚ ਐਸ.ਆਈ.ਟੀ. ਦੀ ਰਿਪੋਰਟ ਦੇ ਅਧਾਰ 'ਤੇ ਦਰਜ ਕੀਤੇ ਗਏ ਕੇਸ ਵਿਚ ਵੀ ਇਕ ਮਹੀਨੇ ਤੋਂ ਵੱਧ ਸਮਾਂ ਬੀਤ ਜਾਣ ਦੇ ਬਾਵਜੂਦ ਵੀ ਐਸ.ਐਚ.ਓ. ਨੂੰ ਗ੍ਰਿਫ਼ਤਾਰ ਨਹੀਂ ਕੀਤਾ ਗਿਆ ਅਤੇ ਨਾ ਹੀ ਸਖ਼ਤ ਸਜ਼ਾ ਲਈ ਕੋਈ ਕਾਰਵਾਈ ਕੀਤੀ ਗਈ। ਭਾਈ ਲੌਂਗੋਵਾਲ ਨੇ ਕਿਹਾ ਕਿ ਇਹ ਸਰਾਸਰ ਗਲਤ ਹੈ, ਜਿਸ 'ਤੇ ਮੁੱਖ ਮੰਤਰੀ ਨੂੰ ਨੋਟਿਸ ਲੈਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਇਹ ਮਾਮਲਾ ਸਿੱਖਾਂ ਦੀ ਧਾਰਮਿਕ ਭਾਵਨਾਵਾਂ ਨਾਲ ਜੁੜਿਆ ਹੋਇਆ ਹੈ, ਕਿਉਂਕਿ ਪੀੜਤ ਵਿਅਕਤੀ ਅੰਮ੍ਰਿਤਧਾਰੀ ਗੁਰਸਿੱਖ ਹਨ ਅਤੇ ਉਨ੍ਹਾਂ 'ਤੇ ਤਸ਼ੱਦਦ ਸਮੇਂ ਜਿਥੇ ਉਨ੍ਹਾਂ ਨੂੰ ਅਲਫ਼ ਨੰਗਾ ਕੀਤਾ ਗਿਆ, ਉਥੇ ਹੀ ਉਨ੍ਹਾਂ ਦੇ ਕਕਾਰਾਂ ਦੀ ਵੀ ਤੌਹੀਨ ਕੀਤੀ ਗਈ। ਭਾਈ ਲੌਂਗੋਵਾਲ ਨੇ ਪੰਜਾਬ ਦੇ ਮੁੱਖ ਮੰਤਰੀ ਤੋਂ ਮੰਗ ਕੀਤੀ ਕਿ ਇਸ ਮਾਮਲੇ ਵਿਚ ਦੋਸ਼ੀ ਥਾਣੇਦਾਰ ਸਮੇਤ ਹੋਰਨਾਂ ਨੂੰ ਤੁਰੰਤ ਗ੍ਰਿਫ਼ਤਾਰ ਕਰਦਿਆਂ ਸਖ਼ਤ ਸਜ਼ਾ ਦਿਵਾਉਣ ਲਈ ਇਮਾਨਦਰਾਨਾ ਪਹੁੰਚ ਅਪਣਾਈ ਜਾਵੇ, ਨਹੀਂ ਤਾਂ ਇਸ ਮਾਮਲੇ 'ਤੇ ਸਿੱਖ ਜਗਤ ਅੰਦਰ ਰੋਸ ਅਤੇ ਰੋਹ ਦੀ ਭਾਵਨਾ ਹੋਰ ਵੀ ਪ੍ਰਬਲ ਹੋਵੇਗੀ।



ਪਿੰਡ ਮੁਸਤਫਾਬਾਦ ਜ਼ਿਲ੍ਹਾ ਗੁਰਦਾਸਪੁਰ ਵਿਖੇ ਸਿੱਖੀ ਸਰੂਪ ਮੇਰਾ ਅਸਲੀ ਰੂਪ ਤਹਿਤ ਦਸਤਾਰ ਮੁਕਾਬਲੇ ਕਰਵਾਏ ਗਏ। ਧਰਮ ਪ੍ਰਚਾਰ ਕਮੇਟੀ ਦੇ ਭਾਈ ਅਮਰੀਕ ਸਿੰਘ ਚਿੱਟੀ, ਭਾਈ ਜਗਦੇਵ ਸਿੰਘ ਤੇ ਭਾਈ ਸੁਖਰਾਜ ਸਿੰਘ ਢਾਡੀ ਵੱਲੋਂ ਬੱਚਿਆਂ ਨੂੰ ਦਸਤਾਰ ਅਤੇ ਕੇਸਾਂ ਦੀ ਮਹੱਤਤਾ ਤੋਂ ਜਾਣੂ ਕਰਵਾਇਆ ਅਤੇ ਭਾਗ ਲੈਣ ਵਾਲੇ ਬੱਚਿਆਂ ਨੂੰ ਧਰਮ ਪ੍ਰਚਾਰ ਕਮੇਟੀ ਵੱਲੋਂ ਸਨਮਾਨਿਤ ਕੀਤਾ ਗਿਆ।

## ਅਮਰੀਕਾ ਵਾਸੀ ਸ. ਰਣਧੀਰ ਸਿੰਘ ਵੱਲੋਂ ਸ੍ਰੀ ਦਰਬਾਰ ਸਾਹਿਬ ਵਿਖੇ ਲੰਗਰ ਲਈ ਇੱਕ ਲੱਖ ਅਠਾਈ ਹਜ਼ਾਰ ਰੁਪਏ ਭੇਟ



ਅੰਮ੍ਰਿਤਸਰ- ਅਮਰੀਕਾ ਵਾਸੀ ਸ. ਰਣਧੀਰ ਸਿੰਘ ਵੱਲੋਂ ਸ੍ਰੀ ਦਰਬਾਰ ਸਾਹਿਬ ਦੇ ਲੰਗਰ ਸ੍ਰੀ ਗੁਰੂ ਰਾਮਦਾਸ ਜੀ ਲਈ ਇੱਕ ਲੱਖ ਅਠਾਈ ਹਜ਼ਾਰ ਇੱਕ ਸੌ ਰੁਪਏ ਭੇਟ ਕਰਕੇ ਸ਼ਰਧਾ ਪ੍ਰਗਟਾਈ ਗਈ ਹੈ। ਇਹ ਰਾਸ਼ੀ ਸ. ਰਣਧੀਰ ਸਿੰਘ ਦੇ ਪਿਤਾ ਸੂਬੇਦਾਰ ਤੀਰਥ ਸਿੰਘ ਧੂੰਧਿਆਂਵਾਲਾ ਨੇ ਸ਼੍ਰੋਮਣੀ ਕਮੇਟੀ ਮੈਂਬਰ ਸ. ਗੁਰਬਚਨ ਸਿੰਘ ਕਰਮੂੰਵਾਲਾ ਦੀ ਮੌਜੂਦਗੀ ਵਿਚ ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ ਅਤੇ ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਮੁਖਤਾਰ ਸਿੰਘ ਚੀਮਾ ਨੂੰ ਸੌਂਪੀ। ਇਸ ਮੌਕੇ ਸੂਬੇਦਾਰ ਤੀਰਥ ਸਿੰਘ ਅਤੇ ਉਨ੍ਹਾਂ ਦੀ ਧਰਮ ਪਤਨੀ ਬੀਬੀ ਹਰਬੰਸ ਕੌਰ ਨੂੰ ਗੁਰੂ ਬਖ਼ਸ਼ਿਸ਼ ਸਿਰੋਪਾਓ ਨਾਲ ਸਨਮਾਨਿਤ ਕੀਤਾ ਗਿਆ। ਇਸ ਸਮੇਂ ਸ. ਕਰਮੂੰਵਾਲਾ ਨੇ ਸੂਬੇਦਾਰ ਤੀਰਥ ਸਿੰਘ ਅਤੇ ਉਨ੍ਹਾਂ ਦੇ ਸਪੁੱਤਰ ਸ. ਰਣਧੀਰ ਸਿੰਘ ਦਾ ਧੰਨਵਾਦ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੇ ਬੁਲਾਰੇ ਸ. ਕੁਲਵਿੰਦਰ ਸਿੰਘ ਰਮਦਾਸ ਵੀ ਮੌਜੂਦ ਸਨ।

## ਗੁਰਦੁਆਰਾ ਬਾਬਾ ਮੱਖਣ ਸ਼ਾਹ ਲੁਬਾਣਾ ਸਿੱਖ ਸੈਂਟਰ ਨਿਊਯਾਰਕ ਦੇ ਪ੍ਰਬੰਧਕਾਂ ਵੱਲੋਂ ਸ੍ਰੀ ਦਰਬਾਰ ਸਾਹਿਬ ਲਈ ਇੱਕ ਲੱਖ ਰੁਪਏ ਭੇਟ



ਅੰਮ੍ਰਿਤਸਰ- ਗੁਰਦੁਆਰਾ ਬਾਬਾ ਮੱਖਣ ਸ਼ਾਹ ਲੁਬਾਣਾ ਸਿੱਖ ਸੈਂਟਰ ਨਿਊਯਾਰਕ ਅਮਰੀਕਾ ਦੀ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਦਰਬਾਰ ਸਾਹਿਬ ਵਿਖੇ ਇੱਕ ਲੱਖ ਰੁਪਏ ਦੀ ਰਾਸ਼ੀ ਭੇਟ ਕੀਤੀ ਗਈ। ਇਹ ਰਾਸ਼ੀ ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਸ. ਪਰਮਜੀਤ ਸਿੰਘ ਸਰੋਆ ਰਾਹੀਂ ਭੇਜੀ ਗਈ ਹੈ, ਜਿਨ੍ਹਾਂ ਨੇ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਜਗਸੀਰ ਸਿੰਘ ਮਾਂਗੇਆਣਾ ਅਤੇ ਸ. ਭੁਪਿੰਦਰ ਸਿੰਘ ਅਸੰਧ ਦੀ ਹਾਜ਼ਰੀ ਵਿਚ ਸਕੱਤਰ ਸ. ਮਹਿੰਦਰ ਸਿੰਘ ਆਹਲੀ ਅਤੇ ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਮੁਖਤਾਰ ਸਿੰਘ ਨੂੰ ਸੌਂਪੀ। ਸ. ਸਰੋਆ ਅਨੁਸਾਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਬਾਬਾ ਮੱਖਣ ਸ਼ਾਹ ਲੁਬਾਣਾ ਅਤੇ ਭਾਈ ਲੱਖੀ ਸ਼ਾਹ ਵਣਜਾਰਾ ਦੀ ਯਾਦ ਵਿਚ ਹਰ ਸਾਲ 10 ਸਤੰਬਰ ਨੂੰ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਸ੍ਰੀ ਅੰਮ੍ਰਿਤਸਰ ਵਿਖੇ ਸਮਾਗਮ ਕਰਵਾਇਆ ਜਾਂਦਾ ਹੈ। ਇਸ ਸਬੰਧ ਵਿਚ ਲੰਗਰ ਲਈ ਅਮਰੀਕਾ ਨਿਵਾਸੀ ਸੰਗਤਾਂ ਨੇ ਮਾਇਆ ਭੇਜ ਕੇ ਸ਼ਰਧਾ ਪ੍ਰਗਟਾਈ ਹੈ। ਉਨ੍ਹਾਂ ਦੱਸਿਆ ਕਿ ਸਮਾਗਮ ਮੌਕੇ ਅਮਰੀਕਾ ਤੋਂ ਵੱਡੀ ਗਿਣਤੀ ਸੰਗਤਾਂ ਹਰ ਸਾਲ ਸਮਾਗਮ ਸਮੇਂ ਪੁੱਜਦੀਆਂ ਹਨ, ਪਰੰਤੂ ਇਸ ਵਾਰ ਕੋਰੋਨਾ ਕਾਰਨ ਇਹ ਸੰਭਵ ਨਹੀਂ ਹੈ। ਗੁਰਦੁਆਰਾ ਬਾਬਾ ਮੱਖਣ ਸ਼ਾਹ ਲੁਬਾਣਾ ਸਿੱਖ ਸੈਂਟਰ ਨਿਊਯਾਰਕ ਦੀ ਪ੍ਰਬੰਧਕ ਕਮੇਟੀ ਨੇ ਜਿਥੇ ਮਾਇਆ ਭੇਜੀ ਹੈ, ਉਥੇ ਹੀ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦਾ ਵੀ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ ਹੈ। ਸ. ਸਰੋਆ ਨੇ ਦੱਸਿਆ ਕਿ ਸਮਾਗਮ ਸਮੇਂ ਲੰਗਰ ਲਈ ਰਾਸ਼ੀ ਭੇਜਣ ਵਾਲਿਆਂ ਵਿਚ ਸ. ਗੁਰਮੀਤ ਸਿੰਘ ਮਹਿਮਦਪੁਰ ਪ੍ਰਧਾਨ, ਸ. ਹਿੰਮਤ ਸਿੰਘ ਸਰਪੰਚ, ਸ. ਰਘਬੀਰ ਸਿੰਘ ਸੁਭਾਨਪੁਰ, ਸ. ਸਤਨਾਮ ਸਿੰਘ ਟਾਹਲੀ ਚੇਅਰਮੈਨ, ਮਾਸਟਰ ਮਹਿੰਦਰ ਸਿੰਘ, ਸ. ਰਘਬੀਰ ਸਿੰਘ ਬੰਬੀ ਅਤੇ ਸ. ਬਲਦੇਵ ਸਿੰਘ ਗਿਲਜੀਆਂ ਸ਼ਾਮਲ ਹਨ। ਅਮਰੀਕਾ ਦੀਆਂ ਸੰਗਤਾਂ ਵੱਲੋਂ ਭੇਜੀ ਰਾਸ਼ੀ ਸੌਂਪਣ ਸਮੇਂ ਸ਼੍ਰੋਮਣੀ ਕਮੇਟੀ ਵੱਲੋਂ ਸ. ਪਰਮਜੀਤ ਸਿੰਘ ਸਰੋਆ ਨੂੰ ਗੁਰੂ ਬਖ਼ਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੇ ਮੈਂਬਰ ਬੀਬੀ ਜੋਗਿੰਦਰ ਕੌਰ ਬਠਿੰਡਾ, ਮੀਤ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ ਆਦਿ ਮੌਜੂਦ ਸਨ।

## ਹਲਕਾ ਪਠਾਨਕੋਟ ਦੇ ਪਿੰਡ ਭਟੋਇਆ ਵਿਖੇ ਬੱਚਿਆਂ ਦੇ ਸੁੰਦਰ ਦਸਤਾਰ ਸਜਾਉਣ ਦੇ ਮੁਕਾਬਲੇ ਕਰਵਾਏ



ਪਠਾਨਕੋਟ- ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 400 ਸਾਲਾ ਪ੍ਰਕਾਸ਼ ਪੁਰਬ ਅਤੇ ਸ਼ਹੀਦ ਭਾਈ ਤਾਰੂ ਸਿੰਘ ਜੀ ਦੇ 300 ਸਾਲਾ ਜਨਮ ਦਿਹਾੜੇ ਨੂੰ ਸਮਰਪਿਤ ਮਾਨਯੋਗ ਭਾਈ ਗੋਬਿੰਦ ਸਿੰਘ ਜੀ ਲੌਂਗੋਵਾਲ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਆਦੇਸ਼ ਅਨੁਸਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਅਰੰਭੀ ਧਰਮ ਪ੍ਰਚਾਰ ਲਹਿਰ ਸਿੱਖੀ ਸਰੂਪ ਮੇਰਾ ਅਸਲੀ ਰੂਪ ਤਹਿਤ ਸ਼੍ਰੋਮਣੀ ਕਮੇਟੀ ਹਲਕਾ ਪਠਾਨਕੋਟ ਦੇ ਪਿੰਡ ਭਟੋਇਆ ਵਿਖੇ ਬੱਚਿਆਂ ਦੇ ਧਾਰਮਿਕ ਤੇ ਸੁੰਦਰ ਦਸਤਾਰ ਸਜਾਉਣ ਦੇ ਮੁਕਾਬਲੇ ਕਰਵਾਏ ਗਏ। ਭਾਈ ਜਗਦੇਵ ਸਿੰਘ ਹੈੱਡ ਪ੍ਰਚਾਰਕ ਅਤੇ ਮਾਝਾ ਜ਼ੋਨ ਦੇ ਇੰਚਾਰਜ ਭਾਈ ਜਸਵਿੰਦਰ ਸਿੰਘ ਸ਼ਹੂਰ ਦੇ ਸਹਿਯੋਗ ਨਾਲ ਕਰਵਾਏ ਗਏ ਇਨ੍ਹਾਂ ਮੁਕਾਬਲਿਆਂ ਸਮੇਂ ਵੱਡੀ ਗਿਣਤੀ ਵਿਚ ਬੱਚਿਆਂ ਨੇ ਸ਼ਮੂਲੀਅਤ ਕੀਤੀ। ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਅਮਰੀਕ ਸਿੰਘ ਚਿੱਟੀ ਤੇ ਭਾਈ ਜਗਦੇਵ ਸਿੰਘ ਪਠਾਨਕੋਟ ਨੇ ਬੱਚਿਆਂ ਨੂੰ ਦਸਤਾਰ ਅਤੇ ਕੇਸਾਂ ਦੀ ਮਹਾਨਤਾ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਬੱਚਿਆ ਦਾ ਸੁੰਦਰ ਦਸਤਾਰ ਮੁਕਾਬਲਾ ਕਰਵਾਇਆ ਗਿਆ। ਬੱਚਿਆਂ ਨੂੰ ਧਰਮ ਪ੍ਰਚਾਰ ਕਮੇਟੀ ਵੱਲੋਂ ਮੈਡਲ ਅਤੇ ਧਾਰਮਿਕ ਲਿਟਰੇਚਰ ਦੇ ਕੇ ਸਨਮਾਨਿਤ ਕੀਤਾ ਗਿਆ।

## ਹਲਕਾ ਝਬਾਲ ਦੇ ਪਿੰਡ ਬੁਰਜ (ਰਾਜਾਤਾਲ) ਵਿਖੇ ਅੰਮ੍ਰਿਤ ਸੰਚਾਰ ਕਰਵਾਇਆ ਗਿਆ



ਝਬਾਲ- ਸ਼ਹੀਦ ਭਾਈ ਤਾਰੂ ਸਿੰਘ ਜੀ ਦੇ 400 ਸਾਲਾ ਜਨਮ ਦਿਹਾੜੇ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਂਵਾਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਰੰਭ ਕੀਤੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰ ਬਾਬਾ ਨਿਰਮਲ ਸਿੰਘ ਨੁਸ਼ਹਿਰਾ ਢਾਲਾ ਸਹਿਯੋਗ ਸਦਕਾ ਹਲਕਾ ਝਬਾਲ ਦੇ ਪਿੰਡ ਬੁਰਜ (ਰਾਜਾਤਾਲ) ਵਿਖੇ ਗੁਰਮਤਿ ਸਮਾਗਮ ਤੇ ਅੰਮ੍ਰਿਤ ਸੰਚਾਰ ਕਰਵਾਇਆ ਗਿਆ। ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਪਹੁੰਚੇ ਪੰਜ ਪਿਆਰੇ ਸਾਹਿਬਾਨ ਨੇ ਅੰਮ੍ਰਿਤ ਅੰਮ੍ਰਿਤ ਸੰਚਾਰ ਦੀ ਸੇਵਾ ਨਿਭਾਈ। ਇਸ ਸਮਾਗਮ ਸਮੇਂ 58 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ। ਅੰਮ੍ਰਿਤ ਅਭਿਲਾਖੀ ਸੰਗਤਾਂ ਨੂੰ ਕਕਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਭੇਟਾ ਰਹਿਤ ਦਿੱਤੇ ਗਏ। ਸਮਾਗਮ ਤੋਂ ਪਹਿਲਾਂ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਬਲਵਿੰਦਰ ਸਿੰਘ ਝਬਾਲ ਤੇ ਭਾਈ ਸੁਖਵੰਤ ਸਿੰਘ ਸਭਰਾ ਵੱਲੋਂ ਘਰ-ਘਰ ਜਾ ਕੇ ਸੰਗਤਾਂ ਨੂੰ ਅੰਮ੍ਰਿਤ ਸੰਚਾਰ ਵਾਸਤੇ ਪ੍ਰੇਰਿਤ ਕੀਤਾ। ਇਸ ਸਮੇਂ ਬਾਬਾ ਨਿਰਮਲ ਸਿੰਘ ਨੁਸ਼ਹਿਰਾ ਢਾਲਾ ਮੈਂਬਰ ਸ਼੍ਰੋਮਣੀ ਕਮੇਟੀ, ਭਾਈ ਬਲਵਿੰਦਰ ਸਿੰਘ ਗਹਿਰੀ ਗ੍ਰੰਥੀ, ਭਾਈ ਬਲਵਿੰਦਰ ਸਿੰਘ ਝਬਾਲ, ਭਾਈ ਸੁਖਵੰਤ ਸਿੰਘ ਸਭਰਾ ਪ੍ਰਚਾਰਕ, ਭਾਈ ਮਨਜੀਤ ਸਿੰਘ ਮਾਣਕ ਕਵੀਸ਼ਰੀ ਜਥਾ, ਸ. ਜੋਗਾ ਸਿੰਘ ਚੀਮਾ ਪ੍ਰਧਾਨ, ਸ. ਗੁਰਬਚਨ ਸਿੰਘ ਚੀਮਾ, ਸ. ਅਵਤਾਰ ਸਿੰਘ ਫੌਜੀ, ਸ. ਦਿਲਵੇਸ਼ ਸਿੰਘ ਪ੍ਰਧਾਨ, ਸ. ਦਰਸ਼ਨ ਸਿੰਘ ਬੁਰਜ, ਸ. ਹਰਦੇਵ ਸਿੰਘ ਬੁਰਜ, ਸ. ਸਕੱਤਰ ਸਿੰਘ, ਸ. ਮੁਖਤਿਆਰ ਸਿੰਘ, ਸ. ਗੁਰਨਾਮ ਸਿੰਘ ਆਦਿ ਹਾਜ਼ਰ ਸਨ।

## ਨਿਊਜ਼ੀਲੈਂਡ 'ਚ ਸਿੱਖ ਨੂੰ ਕੰਮ ਦੌਰਾਨ ਕ੍ਰਿਪਾਨ ਪਹਿਨਣ ਤੋਂ ਰੋਕਣਾ ਮੰਦਭਾਗਾ-ਭਾਈ ਲੌਂਗੋਵਾਲ

ਅੰਮ੍ਰਿਤਸਰ- ਨਿਊਜ਼ੀਲੈਂਡ ਦੀ ਇਕ ਟਰਾਂਸਪੋਰਟ ਕੰਪਨੀ ਵੱਲੋਂ ਸਿੱਖ ਟਰੱਕ ਡਰਾਈਵਰ ਨੂੰ ਸ੍ਰੀ ਸਾਹਿਬ ਪਹਿਨ ਕੇ ਕੰਮ 'ਤੇ ਆਉਣ ਤੋਂ ਰੋਕਣ ਦਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸਖ਼ਤ ਨੋਟਿਸ ਲਿਆ ਹੈ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਇਸ ਨੂੰ ਸਿੱਖਾਂ ਦੀਆਂ ਧਾਰਮਿਕ ਭਾਵਨਾਵਾਂ ਨਾਲ ਖਿਲਵਾੜ ਕਰਾਰ ਦਿੱਤਾ ਹੈ। ਭਾਈ ਲੌਂਗੋਵਾਲ ਨੇ ਆਖਿਆ ਕਿ ਅੰਮ੍ਰਿਤਧਾਰੀ ਸਿੱਖਾਂ ਲਈ ਕ੍ਰਿਪਾਨ ਕਕਾਰਾਂ ਦਾ ਇਕ ਅਹਿਮ ਹਿੱਸਾ ਹੈ, ਜੋ ਸਿੱਖ ਰਹਿਣੀ ਅਨੁਸਾਰ ਲਾਜ਼ਮੀ ਹੈ। ਪਰੰਤੂ ਨਿਊਜ਼ੀਲੈਂਡ ਅੰਦਰ ਉਟਾਹੂਹੂ ਦੀ ਇਕ ਟਰਾਂਸਪੋਰਟ ਕੰਪਨੀ ਵੱਲੋਂ ਸ. ਅਮਨਦੀਪ ਸਿੰਘ ਨਾਂ ਦੇ ਗੁਰਸਿੱਖ ਨੂੰ ਜਾਣਬੁਝ ਕੇ ਪ੍ਰੇਸ਼ਾਨ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਦਸਵੇਂ ਗੁਰੂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਖ਼ਾਲਸਾ ਸਾਜਣ ਸਮੇਂ ਬਖ਼ਸ਼ੀ ਪੰਜ ਕਕਾਰੀ ਰਹਿਣੀ ਵਿਚ ਕਿਰਪਾਨ ਨੂੰ ਜ਼ਰੂਰੀ ਕਰਾਰ ਦਿੱਤਾ ਸੀ। ਇਹ ਖ਼ਾਲਸਾਈ ਰਹਿਣੀ ਦਾ ਅਹਿਮ ਅੰਗ ਹੈ। ਅੱਜ ਦੇਸ਼ ਦੁਨੀਆਂ ਅੰਦਰ ਅੰਮ੍ਰਿਤਧਾਰੀ ਸਿੱਖ ਕ੍ਰਿਪਾਨ ਸਮੇਤ ਆਪਣੇ ਕਕਾਰ ਪਹਿਨ ਕੇ ਵਿਚਰਦੇ ਹਨ। ਵੱਖ-ਵੱਖ ਦੇਸ਼ਾਂ ਅੰਦਰ ਵੱਡੀ ਗਿਣਤੀ ਵਿਚ ਸਿੱਖ ਵੱਸਦੇ ਹਨ, ਜਿਨ੍ਹਾਂ ਵਿੱਚੋਂ ਬਹੁਤ ਸਾਰੀ ਗਿਣਤੀ ਵਿਚ ਅੰਮ੍ਰਿਤਧਾਰੀ ਗੁਰਸਿੱਖ ਵੀ ਹਨ। ਅਜਿਹੇ ਵਿਚ ਨਿਊਜ਼ੀਲੈਂਡ ਅੰਦਰ ਕ੍ਰਿਪਾਨ ਪਹਿਨਣ ਕਾਰਨ ਸਿੱਖ ਨੂੰ ਪ੍ਰੇਸ਼ਾਨ ਕਰਨਾ ਮੰਦਭਾਗਾ ਹੈ। ਭਾਈ ਲੌਂਗੋਵਾਲ ਨੇ ਕਿਹਾ ਕਿ ਇਸ ਦਾ ਭਾਰਤ ਸਰਕਾਰ ਨੂੰ ਗੰਭੀਰ ਨੋਟਿਸ ਲੈਣਾ ਚਾਹੀਦਾ ਹੈ। ਵਿਦੇਸ਼ ਮੰਤਰਾਲੇ ਰਾਹੀਂ ਨਿਊਜ਼ੀਲੈਂਡ ਸਰਕਾਰ ਨਾਲ ਰਾਬਤਾ ਕਰਕੇ ਸਿੱਖਾਂ ਦੇ ਧਾਰਮਿਕ ਕਕਾਰਾਂ ਦੇ ਸਤਿਕਾਰ ਨੂੰ ਲਾਜ਼ਮੀ ਕਰਨ ਲਈ ਭਾਰਤ ਸਰਕਾਰ ਅੱਗੇ ਆਵੇ। ਇਸੇ ਦੇ ਨਾਲ ਹੀ ਭਾਈ ਲੌਂਗੋਵਾਲ ਨੇ ਨਿਊਜ਼ੀਲੈਂਡ ਦੇ ਸਿੱਖ ਆਗੂਆਂ ਨੂੰ ਵੀ ਅਪੀਲ ਕੀਤੀ ਕਿ ਉਹ ਇਸ ਮਾਮਲੇ ਨੂੰ ਉਥੋਂ ਦੀ ਸਰਕਾਰ ਪਾਸ ਉਠਾਉਣ, ਤਾਂ ਜੋ ਅੱਗੇ ਤੋਂ ਹੋਰ ਕਿਸੇ ਨੂੰ ਇਸ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ।

## ਹਲਕਾ ਸਰਦੂਲਗੜ੍ਹ ਪਿੰਡ ਭਲਾਈਕੇ ਵਿਖੇ ਦਸ ਰੋਜਾ ਗੁਰਮਤਿ ਸਿਖਲਾਈ ਕੈਂਪ ਲਗਾਇਆ



ਸਰਦੂਲਗੜ੍ਹ- ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 400 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਸੁਰਜੀਤ ਸਿੰਘ ਰਾਏਪੁਰ ਦੇ ਉਪਰਾਲੇ ਨਾਲ ਧਰਮ ਪ੍ਰਚਾਰ ਕਮੇਟੀ ਵੱਲੋਂ ਹਲਕਾ ਸਰਦੂਲਗੜ੍ਹ ਪਿੰਡ ਭਲਾਈਕੇ ਵਿਖੇ ਦਸ ਰੋਜਾ ਗੁਰਮਤਿ ਸਿਖਲਾਈ ਕੈਂਪ ਲਗਾਇਆ ਗਿਆ। ਇਸ ਗੁਰਮਤਿ ਸਿਖਿਲਾਈ ਕੈਂਪ ਵਿਚ 90 ਦੇ ਕਰੀਬ ਵਿਦਿਆਰਥੀਆਂ ਨੇ ਭਾਗ ਲਿਆ। ਕੈਂਪ ਦੀ ਸਮਾਪਤੀ ਸਮੇਂ ਬੱਚਿਆਂ ਦੇ ਧਰਮਿਕ ਮੁਕਾਬਲੇ ਕਰਵਾਏ ਗਏ।

ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਸੁਰਜੀਤ ਸਿੰਘ ਰਾਏਪੁਰ ਨੇ ਸੰਬੋਧਨ ਕਰਦਿਆਂ ਬੱਚਿਆਂ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬਾਣੀ ਅਤੇ ਗੁਰ ਇਤਿਹਾਸ ਨਾਲ ਜੁੜਨ ਦੀ ਪ੍ਰੇਰਨਾ ਕੀਤੀ। ਉਨ੍ਹਾਂ ਬੱਚਿਆਂ ਅਤੇ ਮਾਤਾ ਪਿਤਾ ਨੂੰ ਨਿਤਨੇਮੀ ਹੋਣ ਲਈ ਪ੍ਰੇਰਿਆ। ਇਸ ਮੌਕੇ ਕੈਂਪ ਵਿਚ ਭਾਗ ਲੈਣ ਵਾਲੇ ਬੱਚਿਆਂ ਨੂੰ ਜਥੇਦਾਰ ਸੁਰਜੀਤ ਸਿੰਘ ਰਾਏਪੁਰ ਮੈਂਬਰ ਸ਼੍ਰੋਮਣੀ ਕਮੇਟੀ ਅਤੇ ਸਬ-ਆਫਿਸ ਦੇ ਇੰਚਾਰਜ ਸ. ਭੋਲਾ ਸਿੰਘ ਹੀਰੇਵਾਲਾ ਨੇ ਧਰਮ ਪ੍ਰਚਾਰ ਕਮੇਟੀ ਵੱਲੋਂ ਸਨਮਾਨ ਚਿੰਨ੍ਹ ਅਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਭਾਈ ਨਿਰਮਲ ਸਿੰਘ ਗ੍ਰੰਥੀ ਤਖਤ ਸ੍ਰੀ ਦਮਦਮਾ ਸਾਹਿਬ, ਭਾਈ ਅਮਰਦੀਪ ਸਿੰਘ ਘਰਾਂਗਣਾ ਪ੍ਰਚਾਰਕ, ਭਾਈ ਜਸਪਾਲ ਸਿੰਘ ਫੁੱਲੂਵਾਲਾ ਅਤੇ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।



ਸ਼੍ਰੋਮਣੀ ਗੁਰਦੁਆਰਾਪ੍ਰਬੰਧਕ ਕਮੇਟੀ ਵੱਲੋਂ ਇਤਿਹਾਸਕ ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਬਾਬਾ ਬਕਾਲਾ ਸਾਹਿਬ ਵਿਖੇ 'ਸਾਚਾ ਗੁਰੂ ਲਾਧੋ ਰੇ' ਜੋੜ ਮੇਲ ਦਿਵਸ ਦੀ ਸਮਾਪਤੀ ਮੌਕੇ ਅੰਮ੍ਰਿਤ ਸੰਚਾਰ ਕਰਵਾਇਆ ਗਿਆ। ਜਿਸ ਦੌਰਾਨ 60 ਦੇ ਕਰੀਬ ਅੰਮ੍ਰਿਤ ਅਭਿਲਾਖੀ ਖੰਡੇ ਬਾਟੇ ਦੀ ਪਾਹੁਲ ਛਕ ਕੇ ਗੁਰੂ ਵਾਲੇ ਬਣੇ। ਇਸ ਸਮੇਂ ਮੈਨੇਜਰ ਸਾਹਿਬਾਨ ਅਤੇ ਹੈਡ ਗ੍ਰੰਥੀ ਸਾਹਿਬ ਨੇ ਅੰਮ੍ਰਿਤ ਛਕਣ ਵਾਲੇ ਪ੍ਰਾਣੀਆਂ ਨੂੰ ਜਿੱਥੇ ਵਧਾਈ ਦਿੱਤੀ, ਉਥੇ ਹੀ ਗੁਰਮਤਿ ਅਨੁਸਾਰ ਜੀਵਨ ਜਿਉਣ ਲਈ ਪ੍ਰੇਰਿਤ ਵੀ ਕੀਤਾ। ਅੰਮ੍ਰਿਤ ਛਕਣ ਵਾਲੇ ਪ੍ਰਾਣੀ, ਪੰਜ ਪਿਆਰੇ ਸਾਹਿਬਾਨ, ਹੈਡ ਗ੍ਰੰਥੀ ਭਾਈ ਕੇਵਲ ਸਿੰਘ, ਭਾਈ ਜੱਜ ਸਿੰਘ ਪ੍ਰਚਾਰਕ ਅਤੇ ਹੋਰ ਸਿੰਘਾਂ ਨਾਲ।

# ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਤੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੱਕ ਸਜਾਇਆ ਨਗਰ ਕੀਰਤਨ



ਅੰਮ੍ਰਿਤਸਰ- ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਹਿਲਾ ਪ੍ਰਕਾਸ਼ ਪੁਰਬ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਗਿਆ। ਇਸ ਮੌਕੇ ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਤੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤਕ ਪਰੰਪਰਾ ਅਨੁਸਾਰ ਨਗਰ ਕੀਰਤਨ ਸਜਾਇਆ ਗਿਆ, ਜਿਸ ਦੀ ਆਰੰਭਤਾ ਤੋਂ ਪਹਿਲਾਂ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਅਤੇ ਹਜ਼ੂਰੀ ਰਾਗੀ ਜਥਿਆਂ ਨੇ ਗੁਰਬਾਣੀ ਕੀਰਤਨ ਕੀਤਾ। ਅਰਦਾਸ ਮਗਰੋਂ ਪਾਵਨ ਹੁਕਮਨਾਮਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੇ ਸਰਵਣ ਕਰਾਇਆ। ਇਸ ਮੌਕੇ ਵਿਚਾਰ ਸਾਂਝੇ ਕਰਦਿਆਂ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੇ ਪਹਿਲੇ ਪ੍ਰਕਾਸ਼ ਗੁਰਪੁਰਬ ਦੀ ਸਿੱਖ ਜਗਤ ਨੂੰ ਵਧਾਈ ਦਿੱਤੀ ਅਤੇ ਇਸ ਦਿਹਾੜੇ ਦੇ ਇਤਿਹਾਸ ਤੋਂ ਜਾਣੂ ਕਰਵਾਇਆ। ਉਨ੍ਹਾਂ ਕਿਹਾ ਕਿ ਪੰਜਵੇਂ ਪਾਤਸ਼ਾਹ ਜੀ ਵੱਲੋਂ ਸੰਨ 1604 ਈ: ਵਿਚ ਆਪ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਹਿਲਾ ਪ੍ਰਕਾਸ਼ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਕੀਤਾ ਸੀ। ਇਹ ਪਾਵਨ ਦਿਹਾੜਾ ਸਿੱਖ ਜਗਤ ਵੱਲੋਂ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਜਾਂਦਾ ਹੈ। ਉਨ੍ਹਾਂ ਸੰਗਤਾਂ ਨੂੰ ਪਹਿਲੇ ਪ੍ਰਕਾਸ਼ ਪੁਰਬ ਦੀ ਵਧਾਈ ਦਿੰਦਿਆਂ ਬਾਣੀ ਅਤੇ ਬਾਣੇ ਨਾਲ ਜੁੜਨ ਦੀ ਪ੍ਰੇਰਣਾ ਕੀਤੀ। ਇਸੇ ਦੌਰਾਨ ਨਗਰ ਕੀਰਤਨ ਮੌਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਤਾਬਿਆ ਬੈਠ ਚੌਰ ਸਾਹਿਬ ਦੀ ਸੇਵਾ ਵੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਵੱਲੋਂ ਕੀਤੀ ਗਈ। ਨਗਰ ਕੀਰਤਨ ਦੀ ਅਗਵਾਈ ਪੰਜ ਪਿਆਰੇ ਕਰ ਰਹੇ ਸਨ ਅਤੇ ਨਗਰ ਕੀਰਤਨ ਸਮੇਂ ਸਿੱਖ ਨੌਜੁਆਨਾਂ ਨੇ ਗਤਕਾ ਪ੍ਰਦਰਸ਼ਨ ਵੀ ਕੀਤਾ। ਨਗਰ ਕੀਰਤਨ 'ਚ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਭਾਈ ਰਜਿੰਦਰ ਸਿੰਘ ਮਹਿਤਾ, ਸ਼੍ਰੋਮਣੀ ਕਮੇਟੀ ਅੰਤ੍ਰਿੰਗ ਮੈਂਬਰ ਸ. ਮੰਗਵਿੰਦਰ ਸਿੰਘ ਖਾਪੜਖੇੜੀ, ਸ. ਅਮਰਜੀਤ ਸਿੰਘ ਭਲਾਈਪੁਰ, ਮੈਂਬਰ ਭਾਈ ਮਨਜੀਤ ਸਿੰਘ ਭੂਰਾਕੋਹਨਾ, ਸ. ਬਲਦੇਵ ਸਿੰਘ ਚੂੰਘਾਂ, ਸ. ਹਰਜਾਪ ਸਿੰਘ ਸੁਲਤਾਨਵਿੰਡ, ਭਾਈ ਅਜਾਇਬ ਸਿੰਘ ਅਭਿਆਸੀ, ਸ. ਭਗਵੰਤ ਸਿੰਘ ਸਿਆਲਕਾ, ਪੁਲਿਸ ਕਮਿਸ਼ਨਰ ਡਾ. ਸੁਖਚੈਨ ਸਿੰਘ ਗਿੱਲ, ਸਕੱਤਰ ਸ. ਮਨਜੀਤ ਸਿੰਘ ਬਾਠ, ਸ. ਮਹਿੰਦਰ ਸਿੰਘ ਆਹਲੀ, ਸ. ਸੁਖਦੇਵ ਸਿੰਘ ਭੂਰਾਕੋਹਨਾ, ਸ. ਪਰਮਜੀਤ ਸਿੰਘ ਸਰੋਆ, ਸ਼੍ਰੋਮਣੀ ਕਮੇਟੀ ਦੇ ਬੁਲਾਰੇ ਸ. ਕੁਲਵਿੰਦਰ ਸਿੰਘ ਰਮਦਾਸ, ਸ. ਸਕੱਤਰ ਸਿੰਘ, ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਹਰਜਿੰਦਰ ਸਿੰਘ ਕੈਰੋਂਵਾਲ, ਸ. ਸੁਲੱਖਣ ਸਿੰਘ ਭੰਗਾਲੀ, ਸ. ਹਰਜੀਤ ਸਿੰਘ ਲਾਲੂਘੁੰਮਣ, ਸ. ਗੁਰਬਚਨ ਸਿੰਘ ਲੇਹਲ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਮੁਖਤਾਰ ਸਿੰਘ ਚੀਮਾ, ਫੈਡਰੇਸ਼ਨ ਆਗੂ ਸ. ਅਮਰਬੀਰ ਸਿੰਘ ਢੋਟ, ਬਾਬਾ ਸਤਨਾਮ ਸਿੰਘ, ਬਾਬਾ ਸੁੱਚਾ ਸਿੰਘ, ਸੁਪ੍ਰਿੰਟੈਂਡੈਂਟ ਸ. ਮਲਕੀਤ ਸਿੰਘ ਬਹਿੜਵਾਲ, ਵਧੀਕ ਮੈਨੇਜਰ ਸ. ਰਾਜਿੰਦਰ ਸਿੰਘ ਰੂਬੀ, ਸ. ਸੁਖਰਾਜ ਸਿੰਘ, ਸ. ਸਤਨਾਮ ਸਿੰਘ ਮਾਂਗਾਸਰਾਏ, ਸ. ਹਰਪ੍ਰੀਤ ਸਿੰਘ, ਸ. ਪਰਮਜੀਤ ਸਿੰਘ, ਸ. ਨਰਿੰਦਰ ਸਿੰਘ ਆਦਿ ਸ਼ਾਮਲ ਸਨ।

**ਸੁੰਦਰ ਜਲੌ ਅਤੇ ਫੁੱਲਾਂ ਦੀ ਸਜਾਵਟ-** ਪਹਿਲੇ ਪ੍ਰਕਾਸ਼ ਦਿਹਾੜੇ ਮੌਕੇ ਅੱਜ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਬਾਬਾ ਅਟੱਲ ਰਾਇ ਸਾਹਿਬ ਵਿਖੇ ਅਲੌਕਿਕ ਜਲੌ ਵੀ ਸੰਗਤ ਲਈ ਖਿੱਚ ਦਾ ਕੇਂਦਰ ਬਣੇ। ਇਸ ਤੋਂ ਇਲਾਵਾ ਫੁੱਲਾਂ ਦੀ ਸਜਾਵਟ ਵੀ ਮਨਮੋਹਕ ਦ੍ਰਿਸ਼ ਪੇਸ਼ ਕਰ ਰਹੀ ਸੀ।

**ਭਾਈ ਲੌਂਗੋਵਾਲ ਵੱਲੋਂ ਪਹਿਲੇ ਪ੍ਰਕਾਸ਼ ਪੁਰਬ ਦੀ ਸੰਗਤ ਨੂੰ ਵਧਾਈ-** ਇਸੇ ਦੌਰਾਨ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਸਮੁੱਚੇ ਵਿਸ਼ਵ ਵਿਚ ਵੱਸਦੀਆਂ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਦਿਹਾੜੇ ਦੀ ਵਧਾਈ ਦਿੱਤੀ ਹੈ। ਆਪਣੇ ਵਧਾਈ ਸੰਦੇਸ਼ ਵਿਚ ਭਾਈ ਲੌਂਗੋਵਾਲ ਨੇ ਆਖਿਆ ਕਿ ਇਹ ਦਿਹਾੜਾ ਸਿੱਖ ਜਗਤ ਵਾਸਤੇ ਅਹਿਮ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਸ਼ਵ ਦੇ ਉਹ ਪਾਵਨ ਧਾਰਮਿਕ ਗ੍ਰੰਥ ਹਨ ਜੋ ਮਨੁੱਖ ਦੀ ਹਰ ਪੱਖ ਤੋਂ ਅਗਵਾਈ ਕਰਦੇ ਹਨ। ਗੁਰਬਾਣੀ ਅੰਦਰ ਮਨੁੱਖ ਦੀਆਂ ਹਰ ਤਰ੍ਹਾਂ ਦੀਆਂ ਸਮੱਸਿਆਵਾਂ ਦਾ ਹੱਲ ਮੌਜੂਦ ਹੈ। ਉਨ੍ਹਾਂ ਸੰਗਤ ਨੂੰ ਅਪੀਲ ਕੀਤੀ ਕਿ ਉਹ ਗੁਰਬਾਣੀ ਦੇ ਮੁੱਲਵਾਨ ਉਪਦੇਸ਼ਾਂ 'ਤੇ ਚੱਲ ਕੇ ਜੀਵਨ ਸਫ਼ਲਾ ਬਣਾਉਣ।

# ਹਰਿਆਣਾ ਦੇ ਉਪ ਮੁੱਖ ਮੰਤਰੀ ਸ੍ਰੀ ਦੁਸ਼ਯੰਤ ਚੌਟਾਲਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਹੋਏ ਨਤਮਸਤਕ



ਅੰਮ੍ਰਿਤਸਰ- ਹਰਿਆਣਾ ਦੇ ਉਪ ਮੁੱਖ ਮੰਤਰੀ ਸ੍ਰੀ ਦੁਸ਼ਯੰਤ ਚੌਟਾਲਾ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋ ਕੇ ਸ਼ਰਧਾ ਦਾ ਪ੍ਰਗਟਾਵਾ ਕੀਤਾ। ਉਨ੍ਹਾਂ ਸ੍ਰੀ ਹਰਿਮੰਦਰ ਸਾਹਿਬ ਵਿਖੇ ਕੁਝ ਸਮਾਂ ਇਲਾਹੀ ਗੁਰਬਾਣੀ ਦਾ ਕੀਰਤਨ ਸੁਣਿਆ। ਉਹ ਇਥੇ ਗੁਰਦੁਆਰਾ ਸ਼ਹੀਦ ਬਾਬਾ ਗੁਰਬਖ਼ਸ਼ ਸਿੰਘ ਜੀ ਵਿਖੇ ਪਰਿਵਾਰ ਵੱਲੋਂ ਆਰੰਭ ਕਰਵਾਏ ਗਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਮੌਕੇ ਪੁੱਜੇ ਸਨ। ਸ੍ਰੀ ਚੌਟਾਲਾ ਨਾਲ ਉਨ੍ਹਾਂ ਦੀ ਪਤਨੀ ਸ੍ਰੀਮਤੀ ਮੇਘਨਾ ਚੌਟਾਲਾ ਅਤੇ ਭਰਾ ਸ੍ਰੀ ਦਿੱਗ ਵਿਜਯ ਸਿੰਘ ਚੌਟਾਲਾ ਵੀ ਮੌਜੂਦ ਸਨ। ਸ੍ਰੀ ਦੁਸ਼ਯੰਤ ਚੌਟਾਲਾ ਨੇ ਸ੍ਰੀ ਦਰਬਾਰ ਸਾਹਿਬ ਦੇ ਸੂਚਨਾ ਕੇਂਦਰ ਵਿਖੇ ਗੱਲਬਾਤ ਕਰਦਿਆਂ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸਾਰੀ ਮਾਨਵਤਾ ਲਈ ਆਸਥਾ ਦਾ ਕੇਂਦਰ ਹਨ। ਇਥੇ ਅਰਦਾਸ ਕਰਕੇ ਸੁਖਦ ਅਹਿਸਾਸ ਹੁੰਦਾ ਹੈ। ਉਨ੍ਹਾਂ ਕਿਹਾ ਕਿ ਸਾਡੇ ਪਰਿਵਾਰ ਨੇ ਇਸ ਪਾਵਨ ਅਸਥਾਨ ਵਿਖੇ ਸ਼ਰਧਾ ਨਾਲ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕਰਵਾਏ ਸਨ ਅਤੇ ਉਨ੍ਹਾਂ ਨੇ ਮਨੁੱਖਤਾ ਦੀ ਸੁਖ ਸ਼ਾਂਤੀ ਲਈ ਅਰਦਾਸ ਕਰਵਾਈ ਹੈ। ਉਪ ਮੁੱਖ ਮੰਤਰੀ ਨੇ ਸ੍ਰੀ ਹਰਿਮੰਦਰ ਸਾਹਿਬ ਪ੍ਰਤੀ ਸ਼ਰਧਾ ਪ੍ਰਗਟਾਉਂਦਿਆਂ ਕਿਹਾ ਕਿ ਇਹ ਪਾਵਨ ਅਸਥਾਨ ਸਾਰੀ ਮਾਨਵਤਾ ਨੂੰ ਜੋੜਦਾ ਹੈ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਜਗਸੀਰ ਸਿੰਘ ਮਾਂਗੇਆਣਾ, ਸ. ਅਮਰਜੀਤ ਸਿੰਘ ਭਲਾਈਪੁਰ, ਸ. ਬਲਦੇਵ ਸਿੰਘ ਕਾਇਮਪੁਰ, ਵਧੀਕ ਮੈਨੇਜਰ ਸ. ਰਾਜਿੰਦਰ ਸਿੰਘ ਰੂਬੀ ਨੇ ਸ੍ਰੀ ਦੁਸ਼ਯੰਤ ਚੌਟਾਲਾ ਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨੂੰ ਸਨਮਾਨਿਤ ਕੀਤਾ ਗਿਆ।

ਇਸੇ ਦੌਰਾਨ ਹਰਿਆਣਾ ਦੇ ਉਪ ਮੁੱਖ ਮੰਤਰੀ ਸ੍ਰੀ ਦੁਸ਼ਯੰਤ ਚੌਟਾਲਾ ਦੇ ਪਰਿਵਾਰ ਵੱਲੋਂ ਗੁਰਦੁਆਰਾ ਸ਼ਹੀਦ ਬਾਬਾ ਗੁਰਬਖ਼ਸ਼ ਸਿੰਘ ਜੀ ਵਿਖੇ ਆਰੰਭ ਕਰਵਾਏ ਗਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਮਗਰੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਪਾਵਨ ਹੁਕਮਨਾਮਾ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਵਧੀਕ ਹੈੱਡ ਗ੍ਰੰਥੀ ਭਾਈ ਮਲਕੀਤ ਸਿੰਘ ਨੇ ਸਰਵਣ ਕਰਵਾਇਆ। ਇਸ ਮੌਕੇ ਅੰਤ੍ਰਿੰਗ ਮੈਂਬਰ ਸ. ਜਗਸੀਰ ਸਿੰਘ ਮਾਂਗੇਆਣਾ, ਸ. ਅਮਰਜੀਤ ਸਿੰਘ ਭਲਾਈਪੁਰ, ਸ. ਬਲਦੇਵ ਸਿੰਘ ਕਾਇਮਪੁਰ, ਸ. ਰਾਜਿੰਦਰ ਸਿੰਘ ਰੂਬੀ, ਸ. ਅੰਮ੍ਰਿਤਪਾਲ ਸਿੰਘ ਸੂਚਨਾ ਅਧਿਕਾਰੀ, ਸ. ਜਗਸੀਰ ਸਿੰਘ ਜੰਡਵਾਲਾ, ਸ. ਰਣਦੀਪ ਸਿੰਘ, ਸ. ਸੁਖਰਾਜ ਸਿੰਘ ਸੇਵਾਮੁਕਤ ਤਹਿਸੀਲਦਾਰ ਆਦਿ ਮੌਜੂਦ ਸਨ।



ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਸ. ਮੋਹਨ ਸਿੰਘ ਦੇ ਉਪਰਾਲੇ ਨਾਲ ਪਿੰਡ ਲੇਲੇਵਾਲਾ ਵਿਖੇ ਬੱਚਿਆਂ ਦਾ ਗੁਰਮਤਿ ਕੈਂਪ ਲਗਾਇਆ ਗਿਆ। ਕੈਂਪ ਦੌਰਾਨ ਪ੍ਰਚਾਰਕ ਭਾਈ ਜਗਤਾਰ ਸਿੰਘ ਜੋੜਕੀਆਂ ਅਤੇ ਭਾਈ ਗੁਰਮੇਲ ਸਿੰਘ ਨੇ ਬੱਚਿਆਂ ਨੂੰ ਗੁਰ-ਇਤਿਹਾਸ ਦੀ ਜਾਣਕਾਰੀ ਦਿੱਤੀ।

# ਸ਼ਹੀਦ ਭਾਈ ਤਾਰੂ ਸਿੰਘ ਦੇ 300 ਸਾਲਾ ਜਨਮ ਦਿਹਾੜੇ ਸਬੰਧੀ ਸ਼੍ਰੋਮਣੀ ਕਮੇਟੀ ਵੱਲੋਂ ਪਿੰਡ ਪੂਹਲਾ ਵਿਖੇ ਹੋਈ ਬੈਠਕ



ਅੰਮ੍ਰਿਤਸਰ- ਸ਼ਹੀਦ ਭਾਈ ਤਾਰੂ ਸਿੰਘ ਦੇ 9 ਅਕਤੂਬਰ 2020 ਨੂੰ ਮਨਾਏ ਜਾ ਰਹੇ 300 ਸਾਲਾ ਜਨਮ ਦਿਹਾੜੇ ਸਬੰਧੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਜਿਥੇ ਆਨਲਾਈਨ ਵਿਧੀ ਰਾਹੀਂ ਧਰਮ ਪ੍ਰਚਾਰ ਜਾਰੀ ਹੈ, ਉਥੇ ਹੀ ਹੁਣ ਅਗਲੇ ਪੜਾਅ ਤਹਿਤ ਗੁਰਦੁਆਰਾ ਕਮੇਟੀਆਂ ਨਾਲ ਨਿੱਜੀ ਸੰਪਰਕ ਦਾ ਪ੍ਰੋਗਰਾਮ ਉਲੀਕਿਆ ਗਿਆ ਹੈ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਇਸ ਕਾਰਜ ਲਈ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਪਿੰਡ ਪੱਧਰ ਤਕ ਪਹੁੰਚ ਕਰਨਗੇ। ਇਸੇ ਸਬੰਧ ਵਿਚ ਸ਼ਹੀਦ ਭਾਈ ਤਾਰੂ ਸਿੰਘ ਦੇ ਜਨਮ ਅਸਥਾਨ ਨਗਰ ਪੂਹਲਾ ਵਿਖੇ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕਾਂ ਦੀ ਇਕੱਤਰਤਾ ਹੋਈ, ਜਿਸ ਵਿਚ ਸ਼੍ਰੋਮਣੀ ਕਮੇਟੀ ਦੇ ਮੈਂਬਰ ਭਾਈ ਮਨਜੀਤ ਸਿੰਘ ਭੂਰਾਕੋਹਨਾ, ਸ. ਖੁਸ਼ਵਿੰਦਰ ਸਿੰਘ ਭਾਟੀਆ, ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜਾਇਬ ਸਿੰਘ ਅਭਿਆਸੀ ਅਤੇ ਸ. ਸੁਖਵਰਸ਼ ਸਿੰਘ ਪੰਨੂ ਸਮੇਤ ਧਰਮ ਪ੍ਰਚਾਰ ਕਮੇਟੀ ਦੇ ਹੈੱਡ ਪ੍ਰਚਾਰਕ ਭਾਈ ਜਗਦੇਵ ਸਿੰਘ, ਮਾਝਾ ਜੋਨ ਦੇ ਇੰਚਾਰਜ ਭਾਈ ਜਸਵਿੰਦਰ ਸਿੰਘ ਅਤੇ ਭਾਈ ਗੁਰਬਚਨ ਸਿੰਘ ਕਲਸੀਆਂ ਆਦਿ ਸ਼ਾਮਲ ਹੋਏ।

ਭਾਈ ਮਨਜੀਤ ਸਿੰਘ ਭੂਰਾਕੋਹਨਾ ਅਤੇ ਭਾਈ ਅਜਾਇਬ ਸਿੰਘ ਅਭਿਆਸੀ ਨੇ ਦੱਸਿਆ ਕਿ ਸ਼ਹੀਦ ਭਾਈ ਤਾਰੂ ਸਿੰਘ ਦੇ ਜਨਮ ਨਗਰ ਪਿੰਡ ਪੂਹਲਾ ਦੇ ਆਸ-ਪਾਸ ਪਿੰਡਾਂ ਅੰਦਰ ਗੁਰਦੁਆਰਾ ਕਮੇਟੀਆਂ ਅਤੇ ਮੋਹਤਬਰ ਗੁਰਸਿੱਖਾਂ ਨਾਲ ਸੰਪਰਕ ਕਰਕੇ ਪ੍ਰਚਾਰਕ ਸਿੰਘ ਜਿਥੇ ਗੁਰਮਤਿ ਸਾਹਿਤ ਵੰਡਣਗੇ, ਉਥੇ ਹੀ ਪਿੰਡਾਂ ਦੇ ਗੁਰਦੁਆਰਿਆਂ ਤੋਂ ਭਾਈ ਸਾਹਿਬ ਦੇ ਜੀਵਨ ਅਤੇ ਦੇਣ ਸਬੰਧੀ ਪ੍ਰਚਾਰ ਕਰਨ ਲਈ ਬੇਨਤੀ ਕਰਨਗੇ। ਉਨ੍ਹਾਂ ਦੱਸਿਆ ਕਿ ਕੋਰੋਨਾ ਕਾਰਨ ਵੱਡੇ ਸੰਗਤੀ ਇਕੱਠ ਅਤੇ ਗੁਰਦੁਆਰਿਆਂ ਵਿਚ ਭਾਰੀ ਦੀਵਾਨ ਕਰਨਾ ਅਜੇ ਸੰਭਵ ਨਹੀਂ ਹੈ, ਇਸ ਲਈ ਨਿੱਜੀ ਸੰਪਰਕ ਮਹਿੰਮ ਚਲਾਈ ਜਾਵੇਗੀ। ਇਸ ਦੌਰਾਨ ਪ੍ਰਚਾਰ ਵਹੀਰ ਨੂੰ ਰਵਾਨਾ ਵੀ ਕੀਤਾ ਗਿਆ ਅਤੇ ਹਾਜ਼ਰ ਪ੍ਰਚਾਰਕਾਂ ਨੂੰ ਸਿਹਤ ਵਿਭਾਗ ਅਤੇ ਸਰਕਾਰ ਦੀਆਂ ਹਿਦਾਇਤਾਂ ਦਾ ਪਾਲਣ ਕਰਨ ਲਈ ਵੀ ਕਿਹਾ ਗਿਆ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਗੁਰਦੁਆਰਾ ਬਾਬਾ ਬੁੱਢਾ ਸਾਹਿਬ ਦੇ ਮੈਨੇਜਰ ਸ. ਸਤਨਾਮ ਸਿੰਘ, ਹੈੱਡ ਗ੍ਰੰਥੀ ਭਾਈ ਨਿਸ਼ਾਨ ਸਿੰਘ, ਗੁਰਦੁਆਰਾ ਸ਼ਹੀਦ ਭਾਈ ਤਾਰੂ ਸਿੰਘ ਜੀ ਪਿੰਡ ਪੂਹਲਾ ਦੇ ਮੈਨੇਜਰ ਭਾਈ ਜਗੀਰ ਸਿੰਘ ਅਤੇ ਹੋਰ ਪਤਵੰਤੇ ਹਾਜ਼ਰ ਸਨ।

# ਵਰਲਡ ਯੂਨੀਵਰਸਿਟੀ ਦੇ 13ਵੇਂ ਸਥਾਪਨਾ ਦਿਹਾੜੇ ਮੌਕੇ ਸਮਾਗਮ ਦਾ ਆਯੋਜਨ

ਫਤਿਹਗੜ੍ਹ ਸਾਹਿਬ- ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫਤਿਹਗੜ੍ਹ ਸਾਹਿਬ ਵੱਲੋਂ ਆਪਣੇ 13ਵੇਂ ਸਥਾਪਨਾ ਦਿਹਾੜੇ ਮੌਕੇ ਸਮਾਗਮ ਦਾ ਆਯੋਜਨ ਕੀਤਾ ਗਿਆ। ਇਹ ਸਮਾਗਮ ਪੰਜਾਬ ਸਰਕਾਰ ਵਲੋਂ ਕੋਵਿਡ-19 ਸਬੰਧੀ ਦਿੱਤੀਆਂ ਹਦਾਇਤਾਂ ਦੀ ਪਾਲਣਾ ਕਰਦੇ ਹੋਏ ਆਯੋਜਿਤ ਕੀਤਾ ਗਿਆ। ਇਸ ਦੌਰਾਨ ਸ੍ਰੀ ਸਹਿਜ ਪਾਠ ਦੇ ਭੋਗ ਮਗਰੋਂ ਯੂਨੀਵਰਸਿਟੀ ਦੇ ਸੰਗੀਤ ਵਿਭਾਗ ਵਲੋਂ ਰਸ ਭਿੰਨ੍ਹਾ ਕੀਰਤਨ ਕੀਤਾ ਗਿਆ। ਵਾਈਸ-ਚਾਂਸਲਰ ਡਾ. ਪਰਿਤ ਪਾਲ ਸਿੰਘ ਨੇ ਸਾਰੇ ਫੈਕਲਟੀ ਅਤੇ ਸਟਾਫ਼ ਮੈਂਬਰਾਂ ਨੂੰ ਯੂਨੀਵਰਸਿਟੀ ਦੇ ਸਥਾਪਨਾ ਦਿਹਾੜੇ ਦੀ ਵਧਾਈ ਦਿੱਤੀ। ਡਾ. ਸਿੰਘ ਨੇ 2019-20 ਦੇ ਵਿਦਿਅਕ ਵਰ੍ਹੇ ਦੀਆਂ ਪ੍ਰਾਪਤੀਆਂ ਗਿਣਾਉਂਦਿਆਂ ਦੱਸਿਆ ਕਿ ਵਿਦਿਆਰਥੀਆਂ ਅਤੇ ਸਟਾਫ਼ ਨੇ ਪੂਰੀ ਮਿਹਨਤ ਅਤੇ ਲਗਨ ਨਾਲ ਵੱਖ-ਵੱਖ ਖੇਤਰਾਂ ਵਿੱਚ ਸ਼ਾਨਦਾਰ ਮੱਲਾਂ ਮਾਰੀਆਂ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਵੱਲੋ ਜਿੱਥੇ ਵਿਦਿਅਕ ਪ੍ਰਾਪਤੀਆਂ ਦਰਜ ਕੀਤੀਆਂ ਗਈਆਂ ਉਥੇ ਇਹ ਵੀ ਜਿਕਰ ਯੋਗ ਹੈ ਕਿ ਕੋਵਿਡ-19 ਦੌਰਾਨ ਵਿਦਿਆਰਥੀਆਂ ਦੀ ਪੜ੍ਹਾਈ ਲਿਖਾਈ ਦਾ ਕਾਰਜ ਪ੍ਰਭਾਵਸ਼ਾਲੀ ਢੰਗ ਨਾਲ ਜਾਰੀ ਰੱਖਣ ਲਈ ਯੂਨੀਵਰਸਿਟੀ ਵਲੋਂ ਵਿਦਿਅਕ ਵਰ੍ਹੇ 2020-21 ਦੌਰਾਨ ਮਾਈਕਰੋਸੋਫਟ ਟੀਮ, ਗੂਗਲ ਕਲਾਸ ਰੂਮ ਅਤੇ ਜ਼ੂਮ ਵਰਗੇ ਆਨਲਾਈਨ ਪਲੇਟਫਾਰਮਾਂ ਦੀ ਸਮੂਹਿਕ ਵਰਤੋਂ ਕੀਤੀ ਜਾ ਰਹੀ ਹੈ ਅਤੇ ਨਾਲ ਹੀ ਇੰਨ੍ਹਾਂ ਮਾਧਿਅਮਾਂ ਰਾਹੀਂ ਸਮਾਜ ਭਲਾਈ ਹਿੱਤ ਵੱਖ-ਵੱਖ ਵੈਬੀਨਰਾਂ ਅਤੇ ਵਰਕਸ਼ਾਪਾਂ ਦਾ ਆਯੋਜਨ ਵੀ ਕੀਤਾ ਜਾ ਰਿਹਾ ਹੈ। ਉਨ੍ਹਾਂ ਯੂਨੀਵਰਸਿਟੀ ਦੀ 'ਕਦਰਾਂ ਕੀਮਤਾਂ ਆਧਾਰਿਤ ਗਿਆਨਵਾਨ ਸਮਾਜ ਦੀ ਸਿਰਜਣ' ਦੀ ਪ੍ਰਤੀਬੱਧਤਾ ਜ਼ਾਹਿਰ ਕਰਦਿਆ ਕਿਹਾ ਕਿ ਸਮੂਹ ਫੈਕਲਟੀ ਅਤੇ ਸਟਾਫ਼ ਮੈਂਬਰ ਇਸ ਮਹੱਤਵ ਪੂਰਨ ਕਾਰਜ ਲਈ ਲਗਾਤਾਰ ਯਤਨਸ਼ੀਲ ਹਨ।

ਇਸ ਮੌਕੇ ਡਾ. ਸਿਕੰਦਰ ਸਿੰਘ, ਡੀਨ ਵਿਦਿਆਰਥੀ ਭਲਾਈ, ਨੇ ਸਥਾਪਨਾ ਦਿਹਾੜੇ ਮੌਕੇ ਆਏ ਹੋਏ ਸਾਰੇ ਸਟਾਫ਼ ਮੈਂਬਰਾਂ ਦਾ ਧੰਨਵਾਦ ਕੀਤਾ। ਸਮਾਗਮ ਦੇ ਆਖੀਰ ਵਿਚ ਅਰਦਾਸ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਹੁਕਮਨਾਮੇ ਉਪਰੰਤ ਦੇਗ ਵਰਤਾਈ ਗਈ। ਸਟੇਜ ਸੰਚਾਲਨ ਦਾ ਕਾਰਜ ਡਾ. ਹਰਦੇਵ ਸਿੰਘ, ਸਹਾਇਕ ਪ੍ਰੋਫੈਸਰ, ਧਰਮ ਅਧਿਐਨ ਵਿਭਾਗ ਦੁਆਰਾ ਬਾਖੂਬੀ ਨਿਭਾਇਆ ਗਿਆ। ਇਸ ਮੌਕੇ ਡਾ. ਆਰ.ਕੇ. ਸ਼ਰਮਾ, ਡੀਨ ਰਿਸਰਚ, ਡਾ. ਐੱਸ,ਐੱਸ. ਬਿਲਿੰਗ, ਮੁਖੀ, ਗਣਿਤ ਵਿਭਾਗ, ਡਾ. ਤੇਜਬੀਰ ਸਿੰਘ, ਮੁਖੀ, ਫਿਜਿਕਸ ਵਿਭਾਗ, ਡਾ. ਜਗਜੀਤ ਸਿੰਘ, ਡਿਪਟੀ ਰਜਿਸਟਰਾਰ, ਡਾ. ਬੀਰਬਿਕਰਮ ਸਿੰਘ, ਲੋਕ ਸੰਪਰਕ ਅਫਸਰ ਅਤੇ ਸਮੂਹ ਵਿਭਾਗਾਂ ਦੇ ਮੁਖੀ, ਫੈਕਲਟੀ ਅਤੇ ਸਟਾਫ਼ ਮੈਂਬਰ ਹਾਜ਼ਰ ਸਨ।

# ਸ਼੍ਰੋਮਣੀ ਕਮੇਟੀ ਵੱਲੋਂ ਪਿੰਡ ਸਰੋਂ ਵਿਖੇ ਗੁਰ ਇਤਿਹਾਸ ਸਬੰਧੀ ਮੁਕਾਬਲੇ ਕਰਵਾਏ ਗਏ



ਸੇਰਪੁਰ- ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 400 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਦੁਆਰਾ ਸ੍ਰੀ ਅਕਾਲ ਬੁੰਗਾ ਸਾਹਿਬ ਪਿੰਡ ਸਰੋਂ (ਸੰਗਰੂਰ) ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਛਪੀਆਂ ਕਿਤਾਬਾਂ 'ਆਓ ਗੁਰੂ ਇਤਿਹਾਸ ਜਾਣੀਏ' ਅਤੇ 'ਖੂਨ ਸ਼ਹੀਦਾਂ ਦਾ' ਵਿਚੋਂ ਪ੍ਰਸ਼ਨੋਤਰੀ ਮੁਕਾਬਲੇ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਵਿਚ ਹਲਕਾ ਸੰਗਰੂਰ ਦੀਆਂ ਸੱਤ ਟੀਮਾਂ ਅਤੇ ਹਲਕਾ ਧੂਰੀ ਦੀਆਂ ਛੇ ਟੀਮਾਂ ਨੇ ਭਾਗ ਲਿਆ। ਸਮਾਪਤੀ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਬੀਬੀ ਸ਼ਰਨਜੀਤ ਕੌਰ ਕਿਲਾ ਹਕੀਮਾਂ ਵੱਲੋਂ ਜੇਤੂ ਬੱਚਿਆਂ ਨੂੰ ਮੈਡਲਾਂ ਨਾਲ ਸਨਮਾਨਿਤ ਕੀਤਾ ਗਿਆ।

ਮੁਕਾਬਲੇ ਲਈ ਟੀਮਾਂ ਦੀ ਤਿਆਰੀ ਭਾਈ ਜਸਵੀਰ ਸਿੰਘ ਧੂਰਾ, ਭਾਈ ਮੰਗਾ ਸਿੰਘ ਸੰਗਰੂਰ ਅਤੇ ਭਾਈ ਜੀਵਨ ਸਿੰਘ ਘਰਾਚੋਂ ਦੇ ਕਵੀਸ਼ਰੀ ਜੱਥਾ ਨੇ ਬਹੁਤ ਹੀ ਵਧੀਆ ਤਰੀਕੇ ਨਾਲ ਕਰਵਾਈ। ਜਸਵੀਰ ਸਿੰਘ ਧੂਰਾ ਨੇ ਦੱਸਿਆ ਕਿ ਹਲਕੇ ਦੇ ਮੁਕਾਬਲਿਆਂ ਤੋਂ ਬਾਅਦ ਜ਼ਿਲ੍ਹਾ ਮੁਕਾਬਲੇ ਅਤੇ ਫਿਰ ਰਾਜ ਪੱਧਰੀ ਮੁਕਾਬਲੇ ਕਰਵਾਏ ਜਾਣਗੇ। ਇਨ੍ਹਾਂ ਮੁਕਾਬਲਿਆਂ ਵਿਚ ਵਿਸ਼ੇਸ਼ ਸਹਿਯੋਗ ਮੀਤ ਸਕੱਤਰ ਸ. ਸਿਮਰਜੀਤ ਸਿੰਘ ਕੰਗ ਅਤੇ ਇੰਚਾਰਜ ਸ. ਭੋਲਾ ਸਿੰਘ ਜੀ ਵੱਲੋਂ ਕੀਤਾ ਗਿਆ।

ਇਸ ਸਮੇਂ ਜੱਜਮੈਂਟ ਦੀ ਸੇਵਾ ਸ. ਮੋਹਣ ਸਿੰਘ ਕੱਕੜਵਾਲ, ਸ. ਰਾਜਵੀਰ ਸਿੰਘ ਅਤੇ ਸ. ਚਿਮਨ ਸਿੰਘ ਨੇ ਨਿਭਾਈ ਅਤੇ ਇਸ ਸਮੇਂ ਸ. ਕਰਮਜੀਤ ਸਿੰਘ, ਸ. ਜਸਵੰਤ ਸਿੰਘ, ਸ. ਬਲਿਹਾਰ ਸਿੰਘ, ਸ. ਬਚਿੱਤਰ ਸਿੰਘ, ਸ. ਜੋਗਿੰਦਰ ਸਿੰਘ ਆਦਿ ਪ੍ਰਬੰਧਕ ਕਮੇਟੀ ਮੈਂਬਰ ਅਤੇ ਹੈਡ ਗ੍ਰੰਥੀ ਭਾਈ ਜਗਜੀਤ ਸਿੰਘ ਹਾਜ਼ਰ ਸਨ।